ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 7 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੨ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਤਰਨਤਾਰਨ ਦੇ 2 ਸਕੇ ਭਰਾ ਕੈਨੇਡਾ 'ਚ ਗੋਲ਼ੀਆਂ ਨਾਲ ਭੁੰਨੇ, 1 ਦੀ ਮੌਤ ਦੂਜਾ ਗੰਭੀਰ ਜ਼ਖ਼ਮੀ, ਫਿਰੌਤੀ ਨਾਲ ਜੁੜੇ ਤਾਰ

**ਤਰਨ ਤਾਰਨ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਦੇ ਸ਼ਹਿਰ ਬਰੈਂਪਟਨ 'ਚ ਰਹਿੰਦੇ ਤਰਨਤਾਰਨ ਦੇ ਪਿੰਡ ਨੰਦਪੁਰ ਦੇ ਕਿਸਾਨ ਸਰਬਜੀਤ ਸਿੰਘ ਦੇ ਦੋ ਨੌਜਵਾਨ ਪੁੱਤਰਾਂ ਨੂੰ ਕਾਰ ਸਵਾਰਾਂ ਨੇ ਗੋਲੀਆਂ ਮਾਰ ਦਿੱਤੀਆਂ। ਜਿਨ੍ਹਾਂ 'ਚੋਂ ਇੱਕ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਦਕਿ ਦੂਜਾ ਪੁੱਤਰ ਜ਼ਖਮੀ ਹੋ ਗਿਆ।ਉਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਕੈਨੇਡਾ ਦੇ ਬਰੈਂਪਟਨ ਵਿੱਚ ਵਾਪਰੀ ਇਸ ਘਟਨਾ ਦੀ ਇੱਕ ਵੀਡੀਓ ਵੀ ਸਾਹਮਣੇ ਆਈ ਹੈ। ਕਿਸਾਨ ਸਰਬਜੀਤ ਸਿੰਘ ਨੇ ਦੱਸਿਆ ਕਿ ਉਸ ਦਾ ਵੱਡਾ ਲੜਕਾ ਖੁਸ਼ਵੰਤ ਪਾਲ ਸਿੰਘ ਕੈਨੇਡਾ ਦੇ ਸ਼ਹਿਰ ਬਰੈਂਪਟਨ ਵਿਖੇ ਰਹਿ ਰਿਹਾ ਸੀ ਤੇ 6 ਮਹੀਨੇ ਪਹਿਲਾਂ ਉਸ ਦਾ ਛੋਟਾ ਲੜਕਾ ਪ੍ਰਿਤਪਾਲ ਸਿੰਘ ਵੀ ਆਪਣੇ ਵੱਡੇ ਭਰਾ ਕੋਲ ਉੱਥੇ ਰਹਿਣ ਚਲਾ ਗਿਆ ਸੀ।ਸ਼ੁੱਕਰਵਾਰ ਸਵੇਰੇ ਉੱਥੇ ਰਹਿਣ ਵਾਲੇ ਉਸ ਦੇ ਦੋਸਤ ਨੇ ਉਨ੍ਹਾਂ ਨੂੰ ਫੋਨ ਕਰਕੇ ਦੱਸਿਆ ਕਿ ਕਾਰ 'ਚ ਸਵਾਰ ਦੋ ਹਮਲਾਵਰਾਂ ਨੇ ਘਰ ਦੇ ਬਾਹਰ ਕਾਰ ਤੋਂ ਬਰਫ ਹਟਾ ਰਹੇ ਦੋਹਾਂ ਭਰਾਵਾਂ 'ਤੇ ਗੋਲੀਆਂ ਚਲਾ ਦਿੱਤੀਆਂ ਜਿਸ 'ਚ ਪ੍ਰਿਤਪਾਲ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਖੁਸ਼ਵੰਤ ਪਾਲ ਸਿੰਘ ਜ਼ਖਮੀ ਹੋ ਗਿਆ। ਉਸ ਨੂੰ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ। ਪਿਤਾ ਸਰਬਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਦੋ ਲੜਕੇ ਹਨ ਤੇ ਦੋਵੇਂ ਵਿਦੇਸ਼ ਰਹਿੰਦੇ ਸਨ। ਉਨ੍ਹਾਂ ਨੇ ਦੱਸਿਆ ਕਿ ਉਹ ਜਿਸ ਮਕਾਨ ਵਿੱਚ ਰਹਿ ਰਹੇ ਸੀ, ਉਹ ਕਿਰਾਏ 'ਤੇ ਸੀ। ਕਿਸੇ ਨੇ ਉਸ ਦੇ ਮਕਾਨ ਮਾਲਕ ਨੂੰ ਫੋਨ ਕਰਕੇ ਫਿਰੌਤੀ ਦੀ ਮੰਗ ਕੀਤੀ ਤੇ ਮਕਾਨ ਮਾਲਕ ਮੇਰੇ ਦੋਵਾਂ ਪੁੱਤਰਾਂ ਨੂੰ ਬਿਨਾਂ ਦੱਸੇ ਪਰਿਵਾਰ ਸਮੇਤ ਕਿਤੇ ਹੋਰ ਚਲਾ ਗਿਆ।

## ਹਰਿਆਣਾ ਪੁਲਿਸ ਨੇ ਦਾਗੇ ਅਣਗਿਣਤ ਅੱਥਰੂ ਗੈਸ ਦੇ ਗੋਲੇ

# ਕਈ ਮਰਜੀਵੜੇ ਜ਼ਖ਼ਮੀ

**ਅੰਬਾਲਾ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਮਾਰਚ ਸ਼ੁਰੂ ਹੋਣ ਤੋਂ ਕਰੀਬ ਸਾਢੇ ਤਿੰਨ ਘੰਟੇ ਬਾਅਦ ਕਿਸਾਨ ਸ਼ੰਭੂ ਸਰਹੱਦ ਤੋਂ ਪਿੱਛੇ ਹਟ ਰਹੇ ਹਨ। ਕਿਸਾਨ ਆਗੂ ਸਰਵਣ ਸਿੰਘ ਨੇ ਕਿਹਾ ਕਿ ਸਾਡੇ ਕਈ ਆਗੂ ਜ਼ਖ਼ਮੀ ਹੋਏ ਹਨ।ਅਸੀਂ ਜੱਥੇ ਨੂੰ ਵਾਪਸ ਬੁਲਾ ਰਹੇ ਹਾਂ। ਮਾਰਚ ਬਾਰੇ ਫੈਸਲਾ ਬਾਅਦ ਵਿੱਚ ਲਿਆ ਜਾਵੇਗਾ। ਪੰਧੇਰ ਨੇ ਕਿਹਾ ਕਿ ਉਹ ਖ਼ੁਦ ਜਾ ਆਪਣੇ ਜੱਥੇ ਨੂੰ ਵਾਪਸ ਲੈ ਕੇ ਆਉਣਗੇ। ਅਸੀਂ ਕੇਂਦਰ ਤੇ ਹਰਿਆਣਾ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਆਪਣੀ ਕਾਰਵਾਈ ਨੂੰ ਰੋਕ ਦਿਓ ਅਸੀਂ ਆਪਣਾ ਜੱਥਾ ਵਾਪਸ ਲੈਣ ਦਾ ਫ਼ੈਸਲਾ ਕੀਤਾ ਹੈ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਅਸੀਂ ਪੁਲਿਸ ਨੂੰ ਸ਼ਾਂਤਮਈ ਢੰਗ ਨਾਲ ਅਪੀਲ



ਕੀਤੀ ਹੈ ਕਿ ਸਾਨੂੰ ਅੱਗੇ ਵਧਣ ਦਿਓ। ਮੈਂ ਅੰਬਾਲਾ ਦੇ ਐਸਪੀ ਨੂੰ ਅਪੀਲ ਕੀਤੀ ਹੈ ਕਿ ਜਾਂ ਤਾਂ ਸਾਡੇ ਨਾਲ ਗੱਲ ਕਰੋ ਜਾਂ ਸਾਨੂੰ ਸ਼ਾਂਤੀ ਨਾਲ ਅੱਗੇ ਵਧਣ ਦਿਓ। ਅਸੀਂ ਕਿਸੇ ਹੋਰ ਦੇਸ਼ ਦੇ ਲੋਕ ਨਹੀਂ ਹਾਂ। ਦੱਸ ਦਈਏ ਕਿ ਹਰਿਆਣਾ ਪੁਲਿਸ ਵੱਲੋਂ ਚਲਾਏ ਅੱਥਰੂ ਗੈਸ ਦੇ ਗੋਲਿਆਂ ਕਾਰਨ ਹੁਣ ਤੱਕ 7 ਕਿਸਾਨ ਜ਼ਖ਼ਮੀ ਹੋ ਚੁੱਕੇ ਹਨ।ਜੱਥੇ ਦੀ ਅਗਵਾਈ ਕਰ ਰਹੇ ਸੁਰਜੀਤ ਫੂਲ ਵੀ ਇਸ ਨਾਲ ਪ੍ਰਭਾਵਿਤ ਹੋਏ ਹਨ।ਇਨ੍ਹਾਂ ਵਿੱਚੋਂ 2 ਕਿਸਾਨਾਂ ਦੀ ਸਿਹਤ ਜ਼ਿਆਦਾ ਵਿਗੜ ਗਈ ਹੈ। ਉਨ੍ਹਾਂ ਨੂੰ ਐਂਬੂਲੈਂਸ ਵਿੱਚ ਹਸਪਤਾਲ ਲਿਜਾਇਆ ਗਿਆ। ਜ਼ਿਕਰ ਕਰ ਦਈਏ ਕਿ ਪਿਛਲੇ 9 ਮਹੀਨਿਆਂ ਤੋਂ ਪੰਜਾਬ-ਹਰਿਆਣਾ ਸਰਹੱਦ 'ਤੇ ਡੇਰੇ ਲਾਏ ਹੋਏ ਕਿਸਾਨਾਂ ਨੇ 101 ਕਿਸਾਨਾਂ ਦੇ ਜਥੇ ਨੂੰ ਦੁਪਹਿਰ 1 ਵਜੇ ਦਿੱਲੀ ਵੱਲ ਰਵਾਨਾ ਕੀਤਾ ਸੀ। ਇਸ ਤੋਂ ਬਾਅਦ ਕਿਸਾਨਾਂ ਨੇ ਬੈਰੀਕੇਡ ਤੇ ਕੰਡਿਆਲੀ ਤਾਰ ਨੂੰ ਉਖਾੜ ਦਿੱਤਾ ਸੀ। ਇਸ ਤੋਂ ਬਾਅਦ ਹਰਿਆਣਾ ਪੁਲਿਸ ਨੇ ਉਨ੍ਹਾਂ ਨੂੰ ਚੇਤਾਵਨੀ ਦਿੱਤੀ ਤੇ ਅੱਥਰੂ ਗੈਸ ਦੇ ਗੋਲੇ ਛੱਡੇ, ਜਿਸ ਨਾਲ 7 ਕਿਸਾਨ ਜ਼ਖਮੀ ਹੋ ਗਏ।

## ਸ਼ੰਭੂ ਬਾਰਡਰ 'ਤੇ ਕੰਮ ਕਰ ਗਿਆ ਕਿਸਾਨਾਂ ਦਾ ਦਾਅ ! ਚੱਲਿਆ ਅਜਿਹਾ ਪੈਂਤੜਾ ਕਿ ਹਰਿਆਣਾ ਸਰਕਾਰ ਹੋ ਗਈ ਬੇਨਕਾਬ

**ਚੰਡੀਗੜ੍ਹ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕਿਸਾਨਾਂ ਨੇ ਅੱਜ ਹਰਿਆਣਾ ਸਰਕਾਰ ਨੂੰ ਬੇਨਕਾਬ ਕਰ ਦਿੱਤਾ ਹੈ। ਕਿਸਾਨ ਜਥੇਬੰਦੀਆਂ ਨੇ ਬੜੇ ਸ਼ਾਂਤਮਈ ਤਰੀਕੇ ਨਾਲ ਸ਼੍ਰੀ ਗੁਰੂ ਤੇਗ ਬਹਾਦੁਰ ਸਾਹਿਬ ਦੇ ਸ਼ਹੀਦੀ ਦਿਹਾੜੇ ਮੌਕੇ 101 ਕਿਸਾਨਾਂ ਦਾ ਜਥਾ ਦਿੱਲੀ ਰਵਾਨਾ ਕੀਤਾ ਪਰ ਹਰਿਆਣਾ ਪੁਲਿਸ ਨੇ ਅੱਗੋਂ ਅੱਥਰੂ ਗੈਸ ਦੇ ਗੋਲੇ ਵਰ੍ਹਾ ਦਿੱਤੇ। ਇਸ ਦੌਰਾਨ ਕਰੀਬ 7 ਕਿਸਾਨ ਜ਼ਖ਼ਮੀ ਹੋ ਗਏ ਪਰ ਕਿਸਾਨਾਂ ਨੇ ਤੁਰੰਤ ਜਥਾ ਵਾਪਸ ਬੁਲਾ ਲਿਆ। ਇਸ ਨਾਲ ਹੁਣ ਹਰਿਆਣਾ ਸਰਕਾਰ ਉਪਰ ਸਵਾਲ ਖੜ੍ਹੇ ਹੋਣ ਲੱਗੇ ਹਨ ਕਿ ਪੈਦਲ ਜਾ ਰਹੇ ਕਿਸਾਨਾਂ ਤੋਂ ਵੀ ਦਿੱਕਤ ਕਿਉਂ ? ਇਸ ਬਾਰੇ ਪਹਿਲਵਾਨ ਬਜਰੰਗ ਪੂਨੀਆ ਨੇ ਵੀ ਹਰਿਆਣਾ ਸਰਕਾਰ ਨੂੰ ਫਟਕਾਰੀ ਲਾਈ ਹੈ। ਬਜਰੰਗ ਪੂਨੀਆ ਨੇ ਕਿਹਾ ਕਿ ਪਹਿਲਾਂ ਜਦੋਂ ਕਿਸਾਨ ਟਰੈਕਟਰ-ਟਰਾਲੀਆਂ ਲੈ ਕੇ ਦਿੱਲੀ ਆ ਰਹੇ ਸੀ ਤਾਂ ਸਰਕਾਰ ਨੇ ਹੱਲ੍ਹਾ ਮਚਾ ਦਿੱਤਾ ਕਿ ਕਿਸਾਨ ਟਰੈਕਟਰ-ਟਰਾਲੀਆਂ ਲੈ ਕੇ ਨਾ ਆਉਣ, ਜੇਕਰ ਆਉਣਾ ਹੈ ਤਾਂ ਪੈਦਲ ਹੀ ਆਓ। ਹੁਣ ਜਦੋਂ ਕਿਸਾਨ ਪੈਦਲ ਆ ਰਹੇ ਨੇ ਤਾਂ ਤੁਹਾਨੂੰ ਇਸ ਵਿੱਚ ਵੀ ਦਿੱਕਤ ਹੈ। ਪੂਨੀਆ ਨੇ ਅੱਗੇ ਕਿਹਾ ਕਿ ਅਸਲ ਵਿੱਚ ਸਮੱਸਿਆ ਟਰੈਕਟਰ-ਟਰਾਲੀ ਦੀ ਨਹੀਂ। ਤੁਹਾਨੂੰ ਦਿੱਕਤ ਤਾਂ ਕਿਸਾਨਾਂ ਤੋਂ ਹੈ। ਸੱਚ ਤਾਂ ਇਹ ਹੈ ਕਿ ਤੁਸੀਂ ਕਿਸਾਨਾਂ ਨੂੰ ਉਨ੍ਹਾਂ ਦੇ ਹੱਕ ਨਹੀਂ ਦੇਣਾ ਚਾਹੁੰਦੇ, ਪਰ ਫਿਕਰ ਨਾ ਕਰੋ, ਕਿਸਾਨ ਆਪਣੇ ਹੱਕ ਲੈਣੇ ਬਾਖੂਬੀ ਜਾਣਦੇ ਹਨ। ਦਰਅਸਲ ਇਸ ਤੋਂ ਪਹਿਲਾਂ ਹਰਿਆਣਾ ਸਰਕਾਰ ਹਾਈਕੋਰਟ ਤੇ ਸੁਪਰੀਮ ਕੋਰਟ ਵਿੱਚ ਵੀ ਕਹਿੰਦੀ ਰਹੀ ਹੈ ਕਿ ਕਿਸਾਨ ਟਰੈਕਟਰ ਟਰਾਲੀਆਂ ਨੂੰ ਛੱਡ ਕੇ ਦਿੱਲੀ ਵੱਲ ਅੱਗੇ ਵਧ ਸਕਦੇ ਹਨ। ਹੁਣ ਜਦੋਂ ਕਿਸਾਨ ਵਾਕਿਆ ਹੀ ਪੈਦਲ ਜਾਣ ਲਈ ਅੱਗੇ ਵਧੇ ਤਾਂ ਉਨ੍ਹਾਂ ਉੱਪਰ ਅੱਥਰੂ ਗੈਲ ਦੇ ਗੋਲੇ ਵਰ੍ਹਾਏ ਗਏ। ਇਸ ਨਾਲ ਹਰਿਆਣਾ ਸਰਕਾਰ ਬੇਨਕਾਬ ਹੋ ਗਈ ਹੈ। ਵਿਰੋਧੀ ਪਾਰਟੀਆਂ ਦੇ ਲੀਡਰ ਸਰਕਾਰ ਨੂੰ ਘੇਰ ਰਹੇ ਹਨ। ਦਰਅਸਲ ਅੱਜ ਪੁਲਿਸ ਵੱਲੋਂ ਵਰ੍ਹਾਏ ਗਏ ਅੱਥਰੂ ਗੈਸ ਦੇ ਗੋਲਿਆਂ ਕਾਰਨ ਹੁਣ ਤੱਕ 7 ਕਿਸਾਨ ਜ਼ਖਮੀ ਹੋਏ ਹਨ। ਦੋ ਕਿਸਾਨਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਹੈ। ਇਸ ਲਈ ਦਿੱਲੀ ਮਾਰਚ ਸ਼ੁਰੂ ਹੋਣ ਤੋਂ ਕਰੀਬ ਸਾਢੇ ਤਿੰਨ ਘੰਟੇ ਬਾਅਦ ਕਿਸਾਨ ਸ਼ੰਭੂ ਸਰਹੱਦ ਤੋਂ ਪਿੱਛੇ ਹਟ ਗਏ। ਕਿਸਾਨ ਆਗੂ ਸਰਵਣ ਸਿੰਘ ਨੇ ਕਿਹਾ ਕਿ ਸਾਡੇ ਕਈ ਆਗੂ ਜ਼ਖ਼ਮੀ ਹੋਏ ਹਨ। ਅਸੀਂ ਦਿੱਲੀ ਜਾਣ ਵਾਲੇ ਜਥੇ ਨੂੰ ਵਾਪਸ ਬੁਲਾ ਲਿਆ ਏ। ਕੂਚ ਬਾਰੇ ਫੈਸਲਾ ਬਾਅਦ ਵਿੱਚ ਲਿਆ ਜਾਵੇਗਾ।

## ਡੀਏਪੀ ਦੇ ਫੇਲ੍ਹ ਸੈਂਪਲ ਮਾਮਲੇ ਨੂੰ ਲੈ ਕੇ ਹਾਈਕੋਰਟ ਹੋਈ ਸਖਤ, ਪੰਜਾਬ ਸਰਕਾਰ ਤੇ ਸੀਬੀਆਈ ਨੂੰ ਨੋਟਿਸ ਜਾਰੀ ਕਰ ਮੰਗਿਆ ਜਵਾਬ !

**ਨਵੀਂ ਦਿੱਲੀ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਡੀਏਪੀ ਖਾਦ ਦੇ 60 ਫੀਸਦੀ ਸੈਂਪਲ ਫੇਲ੍ਹ ਹੋਣ ਦੀ ਸੀਬੀਆਈ ਜਾਂਚ ਦੀ ਮੰਗ ਨੂੰ ਲੈ ਕੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ ਹੈ। ਹਾਈਕੋਰਟ ਨੇ ਪਟੀਸ਼ਨ 'ਤੇ ਪੰਜਾਬ ਸਰਕਾਰ ਅਤੇ ਸੀਬੀਆਈ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਸੀਨੀਅਰ ਐਡਵੋਕੇਟ ਆਰ.ਐਸ. ਬੈਂਸ ਨੇ ਦੱਸਿਆ ਕਿ ਇਹ ਪਟੀਸ਼ਨ ਪਟਿਆਲਾ ਦੇ ਸਤਨਾਮ ਸਿੰਘ ਨੇ ਦਾਖਲ ਕੀਤੀ ਹੈ। ਪਟੀਸ਼ਨਕਰਤਾ ਨੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਕਿਹਾ ਹੈ ਕਿ ਪੰਜਾਬ ਵਿੱਚ ਡੀਏਪੀ ਖਾਦ ਦੇ 60 ਫੀਸਦੀ ਸੈਂਪਲ ਫੇਲ੍ਹ ਹੋ ਗਏ ਹਨ। ਇਹ ਮਾਮਲਾ ਸਭ ਤੋਂ ਪਹਿਲਾਂ ਮੋਹਾਲੀ 'ਚ ਸਾਹਮਣੇ ਆਇਆ ਸੀ। ਪੰਜਾਬ ਵਿੱਚ ਮਾਰਚ ਅਤੇ ਅਪ੍ਰੈਲ ਵਿੱਚ ਅਲਾਟ ਕੀਤੇ ਗਏ 22,000 ਮੀਟ੍ਰਿਕ ਟਨ ਡੀਏਪੀ ਵਿੱਚੋਂ 60 ਫੀਸਦੀ ਸੈਂਪਲ ਫੇਲ੍ਹ ਹੋ ਗਏ ਸਨ। ਫੇਲ ਹੋਏ 60 ਫੀਸਦੀ ਨਮੂਨਿਆਂ ਵਿੱਚ ਫਾਸਫੋਰਸ ਦੀ ਮਾਤਰਾ ਨਿਰਧਾਰਤ ਮਿਆਰ ਤੋਂ ਬਹੁਤ ਘੱਟ ਪਾਈ ਗਈ। ਇਸ ਮਾਮਲੇ ਵਿੱਚ ਮੁੱਖ ਮੰਤਰੀ ਨੇ ਸਖ਼ਤ ਕਾਰਵਾਈ ਦੇ ਹੁਕਮ ਦਿੱਤੇ ਸਨ, ਇਸ ਦੇ ਬਾਵਜੂਦ ਹੁਣ ਤੱਕ ਕੀ ਕਾਰਵਾਈ ਕੀਤੀ ਗਈ, ਇਸ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਜਾ ਰਹੀ ਹੈ। ਇਸ ਪੂਰੇ ਮਾਮਲੇ ਵਿੱਚ ਸਰਕਾਰੀ ਅਧਿਕਾਰੀਆਂ ਦੀ ਮਿਲੀਭੁਗਤ ਦੇ ਦੋਸ਼ ਵੀ ਲੱਗੇ ਹਨ। ਇਸ ਲਈ ਪਟੀਸ਼ਨਰ ਨੇ ਹੁਣ ਹਾਈ ਕੋਰਟ ਤੋਂ ਮੰਗ ਕੀਤੀ ਹੈ ਕਿ ਇਸ ਪੂਰੇ ਮਾਮਲੇ ਦੀ ਸੀਬੀਆਈ ਤੋਂ ਜਾਂਚ ਕਰਵਾਈ ਜਾਵੇ। ਜਿਸ 'ਤੇ ਹਾਈਕੋਰਟ ਨੇ ਹੁਣ ਪੰਜਾਬ ਸਰਕਾਰ ਅਤੇ ਸੀਬੀਆਈ ਨੂੰ ਨੋਟਿਸ ਜਾਰੀ ਕਰਕੇ ਉਨ੍ਹਾਂ ਤੋਂ ਜਵਾਬ ਮੰਗਿਆ ਹੈ।

## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਿਲੀ ਗੁਨਾਹਾਂ ਦੀ ਸਜ਼ਾ ਤੋਂ ਬਾਅਦ ਮੁੜ ਸਿਆਸਤ 'ਚ ਕੁੱਦਿਆ ਅਕਾਲੀ ਦਲ, ਕਿਹਾ-ਲੜਾਂਗੇ ਨਗਰ ਨਿਗਮ ਚੋਣਾਂ

**ਨਵੀਂ ਦਿੱਲੀ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ 'ਚ ਸੁਖਬੀਰ ਸਿੰਘ ਬਾਦਲ 'ਤੇ ਹਮਲੇ ਦੀ ਅਸਫਲ ਕੋਸ਼ਿਸ਼ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਅੱਜ ਚੰਡੀਗੜ੍ਹ 'ਚ ਕੋਰ ਕਮੇਟੀ ਦੀ ਮੀਟਿੰਗ ਬੁਲਾਈ ਹੈ। ਮੀਟਿੰਗ ਵਿੱਚ ਡਾ: ਦਲਜੀਤ ਸਿੰਘ ਚੀਮਾ ਨੇ ਪਾਰਟੀ ਵੱਲੋਂ ਨਗਰ ਨਿਗਮ ਚੋਣਾਂ ਲੜਨ ਦਾ ਐਲਾਨ ਕੀਤਾ ਹੈ। ਜਦੋਂ ਕਿ ਪਿਛਲੇ ਮਹੀਨੇ ਹੋਈਆਂ ਉਪ ਚੋਣ ਨਾ ਲੜਨ ਦਾ ਫੈਸਲਾ ਕੀਤਾ ਗਿਆ ਸੀ। ਇਸ ਦੇ ਨਾਲ ਹੀ ਮੀਟਿੰਗ ਤੋਂ ਪਹਿਲਾਂ ਬਿਕਰਮ ਮਜੀਠੀਆ ਨੇ ਅੰਮ੍ਰਿਤਸਰ ਦੇ ਐਸਪੀ ਹਰਪਾਲ ਚੀਮਾ 'ਤੇ ਇੱਕ ਵਾਰ ਫਿਰ ਸਵਾਲ ਖੜ੍ਹੇ ਕੀਤੇ ਹਨ। ਅੱਜ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੌਰਾਨ ਡਾ: ਦਲਜੀਤ ਸਿੰਘ ਚੀਮਾ ਨੇ ਐਲਾਨ ਕੀਤਾ ਹੈ ਕਿ ਆਉਣ ਵਾਲੀਆਂ 4 ਨਗਰ ਨਿਗਮਾਂ ਅਤੇ 45 ਨਿਗਮ ਕੌਂਸਲ ਚੋਣਾਂ ਲਈ ਅਕਾਲੀ ਦਲ ਆਪਣੇ ਉਮੀਦਵਾਰ ਖੜ੍ਹੇ ਕਰੇਗਾ।

## ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਭਗੌੜਾ ਹੋਣ ਦਾ ਸਬੂਤ ਨਾ ਦੇਵੇ ਅਕਾਲੀ ਲੀਡਰਸ਼ਿਪ : ਐਸਜੀਪੀਸੀ ਮੈਂਬਰਾਂ ਨੇ ਉਠਾਈ ਆਵਾਜ਼

**ਚੰਡੀਗੜ੍ਹ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਦੇ ਮੈਂਬਰ ਜਸਵੰਤ ਸਿੰਘ ਪੁੜੇਣ, ਮਹਿੰਦਰ ਸਿੰਘ ਹੁਸੈਨਪੁੱਰ, ਕਰਨੈਲ ਸਿੰਘ ਪੰਜੋਲੀ ਅਤੇ ਮਿੱਠੂ ਸਿੰਘ ਕਾਹਨੇਕੇ ਐਸਜੀਪੀਸੀ ਦੇ ਮੈਂਬਰਾਂ ਵੱਲੋਂ ਅਵਾਜ਼ ਉਠਾਉਂਦੇ ਹੋਏ ਕਿਹਾ ਕਿ ਅਕਾਲੀ ਦਲ ਲੀਡਰਸ਼ਿਪ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਤੋਂ ਭਗੌੜਾ ਹੋਣ ਦਾ ਸਬੂਤ ਪੇਸ਼ ਕੀਤਾ ਹੈ, ਜਿਹੜਾ ਕਿ ਅਤਿ ਮੰਦਭਾਗਾ ਹੈ। ਜਾਰੀ ਆਪਣੇ ਬਿਆਨ ਵਿੱਚ ਐਸਜੀਪੀਸੀ ਮੈਂਬਰ ਨੇ ਕਿਹਾ ਕਿ ਸਿੰਘ ਸਾਹਿਬਾਨਾਂ ਵਲੋਂ ਆਦੇਸ਼ ਹੋਏ ਸੀ ਅਸਤੀਫ਼ਾ ਦੇ ਚੁੱਕੇ ਲੀਡਰਾਂ ਦਾ ਤਿੰਨ ਦਿਨ ਅੰਦਰ ਅਸਤੀਫ਼ਾ ਸਵੀਕਾਰ ਕਰਕੇ ਸਕੱਤਰੇਤ ਅਕਾਲ ਤਖ਼ਤ ਸਾਹਿਬ ਨੂੰ ਜਾਣਕਾਰੀ ਭੇਜੀ ਜਾਵੇ ਪਰ ਅੱਜ ਇਸ ਦੇ ਉਲਟ ਜਾਕੇ ਵਰਕਿੰਗ ਕਮੇਟੀ ਦੇ ਮੁਖੀ ਬਲਵਿੰਦਰ ਸਿੰਘ ਭੂੰਦੜ ਨੇ ਕੌਮ ਨੂੰ




ਸ਼ਰਮਸਾਰ ਕੀਤਾ ਹੈ। ਇਸ ਦੇ ਨਾਲ ਹਿ ਮੈਂਬਰਾਂ ਨੇ ਕਿਹਾ ਕਿ ਜਿਸ ਵਿਵਾਦਿਤ ਡੀਜੀਪੀ ਸੁਮੇਧ ਸੈਣੀ ਦੀ ਨਿਯੁਕਤੀ ਕਰਕੇ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਸਮੁੱਚੀ ਲੀਡਰਸ਼ਿਪ ਨੂੰ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ, ਅੱਜ ਉਸੇ ਸੁਮੇਧ ਸੈਣੀ ਦੇ ਵਕੀਲ ਰਹੇ ਸਤਨਾਮ ਸਿੰਘ ਕਲੇਰ ਜਿਹੜੇ ਕਿ

**ਅਸਤੀਫ਼ਾ ਭੇਜ ਚੁੱਕੇ ਲੀਡਰਾਂ ਦਾ ਅਸਤੀਫ਼ਾ ਸਵੀਕਾਰ ਕਰਨ ਦੀ ਬਜਾਏ ਕੋਰ ਕਮੇਟੀ ਮੀਟਿੰਗ ਵਿੱਚ ਬਿਠਾਉਣਾ ਆਦੇਸ਼ਾਂ ਦੀ ਉਲੰਘਣਾ**

ਗੁਰਦੁਆਰਾ ਜ਼ੁਡੀਸ਼ੀਅਲ ਕਮਿਸ਼ਨ ਦੇ ਚੇਅਰਮੈਨ ਵੀ ਹਨ ਤੇ ਓਹਨਾ ਦੇ ਬੇਟੇ ਅਰਸ਼ਦੀਪ ਸਿੰਘ ਕਲੇਰ ਮੁੱਖ ਬੁਲਾਰੇ ਹਨ , ਅੱਜ ਦੀ ਕੋਰ ਕਮੇਟੀ ਵਿੱਚ ਅਰਸ਼ਦੀਪ ਕਲੇਰ ਦਾ ਹਾਜਰ ਹੋਣਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਅਕਾਲੀ ਦਲ ਦੀ ਲੀਡਰਸ਼ਿਪ ਨੇ ਹਾਲੇ ਤੱਕ ਵੀ ਪੰਥਕ ਗਲਤੀਆਂ ਦਾ ਸਬਕ ਨਹੀਂ ਲਿਆ ਅਤੇ ਹਾਲੇ ਵੀ ਕੌਮ ਨਾਲ ਚੁਤਰਾਈ ਕੀਤੀ ਜਾ ਰਹੀ ਹੈ। ਅਸਤੀਫ਼ਾ ਦੇ ਚੁੱਕੇ ਡਾ: ਦਲਜੀਤ ਸਿੰਘ ਚੀਮਾਂ ਅਤੇ ਐਨਕੇ ਸ਼ਰਮਾਂ ਦਾ ਕੋਰ ਕਮੇਟੀ ਚ ਸ਼ਾਮਲ ਹੋਣਾ ਬਿਲਕੁਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਤਿਲਾਂਜਲੀ ਦੇਣਾ ਹੈ। ਕਿਉਂਕਿ ਇਸ ਨਾਲ ਲੀਡਰਾਂ ਦਾ ਦੋਹਰਾ ਚਿਹਰਾ ਨੰਗਾ ਹੋ ਰਿਹਾ ਹੈ ਕਿਉਂਕਿ ਵਰਕਿੰਗ ਕਮੇਟੀ ਦੀ ਮੀਟਿੰਗ ਲਈ ਸਿੰਘ ਸਹਿਬਾਨ ਤੋ ਕੁਝ ਦਿੱਨ ਦਾ ਸਮਾਂ ਇਹ ਕਹਿ ਕੇ ਮੰਗਿਆ ਗਿਆ ਸੀ ਕਿ ਅਸੀ ਸੇਵਾ ਤੱਕ ਮੀਟਿੰਗ ਨਹੀਂ ਕਰ ਸਕਦੇ। ਜੇਕਰ ਕੋਰ ਕਮੇਟੀ ਦੀ ਮੀਟਿੰਗ ਬੁਲਾਈ ਜਾ ਸਕਦੀ ਹੈ ਤਾਂ ਵਰਕਿੰਗ ਕਮੇਟੀ ਦੀ ਮੀਟਿੰਗ ਕਿਉਂ ਨਹੀਂ ਬੁਲਾਈ ਜਾ ਸਕਦੀ ਸੀ। ਇਹ ਸਪੱਸਟ ਕਰਨ ਕੇ ਅਸਤੀਫ਼ੇ ਕਦੋਂ ਸਵੀਕਾਰ ਕੀਤੇ ਜਾਣਗੇ ਇਸ ਲਈ ਜਿਹੜੇ ਸਵਾਲ ਸੰਗਤ ਵਿੱਚ ਉੱਠ ਰਹੇ ਹਨ ਕਿ ਇਸ ਲਈ ਜੱਥੇਦਾਰ ਸਾਹਿਬ ਤੋਂ ਦਸ ਦਿਨ ਦਾ ਹੋਰ ਸਮਾਂ ਮੰਗਿਆ ਗਿਆ ਹੈ, ਓਹ ਵੀ ਕਿਸੇ ਸਾਜ਼ਿਸ਼ ਤਹਿਤ ਮੰਗਿਆ ਗਿਆ ਹੈ ਇਹ ਗਹਿਰੀ ਚਰਚਾ ਦਾ ਵਿਸ਼ਾ ਹੈ। ਜਾਰੀ ਬਿਆਨ ਵਿੱਚ ਐਸਜੀਪੀਸੀ ਮੈਬਰਾਂ ਨੇ ਕਿਹਾ ਕਿ ਅਸੀਂ ਸੁਖਬੀਰ ਸਿੰਘ ਬਾਦਲ ਤੇ ਹੋਏ ਹਮਲੇ ਦੀ ਸਖ਼ਤ ਨਿੰਦਾ ਚ ਕਰਦੇ ਹਾਂ। ਇਸ ਪੂਰੇ ਮਾਮਲੇ ਦੀ ਜੁਡੀਸਲੀ ਜਾਂਚ ਹੋਵੇ ਇਸ ਦੇ ਪਿੱਛੇ ਕਾਰਨਾਂ ਦਾ ਪਤਾ ਲੱਗਣਾ ਚਾਹੀਦਾ ਹੈ। ਇੱਕ ਸੇਵਾਦਾਰ ਰੂਪ ਵਿੱਚ ਸੇਵਾ ਕਰ ਰਹੇ ਕਿਸੇ ਵੀ ਸਖ਼ਸ਼ ਤੇ ਜਾਨਲੇਵਾ ਹਮਲਾ ਹੋਣਾ ਬਹੁਤ ਮੰਦਭਾਗਾ ਹੈ।

## ਸੱਟ ਵੱਜਣ ਦਾ ਡਰਾਮਾ ਕਰ ਰਿਹਾ ਸੁਖਬੀਰ ਬਾਦਲ ! ਵੀਲ੍ਹਚੇਅਰ ਤੋਂ ਉੱਠ ਕੇ ਭੱਜਣ ਦੀ ਵੀਡੀਓ ਵਾਇਰਲ

**ਅੰਮ੍ਰਿਤਸਰ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਬਾਦਲ 'ਤੇ ਬੁੱਧਵਾਰ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਗੇਟ 'ਤੇ ਫਾਇਰਿੰਗ ਕੀਤੀ ਗਈ, ਖ਼ੁਸ਼ਿਕਸਮਤੀ ਨਾਲ ਨਿਸ਼ਾਨਾ ਖੁੰਝ ਗਿਆ ਤੇ ਗੋਲੀ ਕੰਧ 'ਚ ਜਾ ਲੱਗੀ, ਜਿਸ ਕਾਰਨ ਉਹ ਵਾਲ-ਵਾਲ ਬਚ ਗਏ। ਘਟਨਾ ਦੀ ਵੀਡੀਓ ਵੀ ਸਾਹਮਣੇ ਆਈ ਹੈ। ਹਾਲਾਂਕਿ ਇਸ ਤੋਂ ਬਾਅਦ ਹੁਣ ਵੱਖੋ-ਵੱਖਰੀਆਂ ਵੀਡੀਓ ਤੇ ਤਸਵੀਰਾਂ ਵਾਇਰਲ ਹੋ ਰਹੀਆਂ ਹਨ ਜਿਸ ਵਿੱਚ ਸੁਖਬੀਰ ਬਾਦਲ ਨੂੰ ਵੀਲ੍ਹਚੇਅਰ ਤੋਂ ਉੱਠ ਕੇ ਭੱਜਦਾ ਦੇਖਿਆ ਜਾ ਸਕਦਾ ਹੈ। ਹਾਲਾਂਕਿ ਅਸੀਂ ਅਜਿਹੀ ਕਿਸੇ ਵੀ ਵੀਡੀਓ



ਦੀ ਪ੍ਰਮਾਣਿਕਤਾ ਦੀ ਪੁਸ਼ਟੀ ਨਹੀਂ ਕਰਦੇ। ਇਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਉਹ ਪੰਥ ਵਿਰੋਧੀ ਤਾਕਤਾਂ ਜੋ ਅਕਾਲੀ ਲੀਡਰਸ਼ਿਪ ਨੂੰ ਖਤਮ ਕਰਨਾ ਚਾਹੁੰਦੀਆਂ ਹਨ, ਹੁਣ ਨਿਰਾਸ਼ਾ ਦੇ ਆਲਮ ਵਿੱਚ ਸੁਖਬੀਰ ਸਿੰਘ ਬਾਦਲ ਖ਼ਿਲਾਫ਼ ਇੱਕ ਯੋਜਨਾਬੱਧ ਮੁਹਿੰਮ ਦਾ ਸਹਾਰਾ ਲੈ ਰਹੀਆਂ ਹਨ। ਸ਼੍ਰੋਮਣੀ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਨੂੰ ਬਦਨਾਮ ਕਰਨ ਦੀਆਂ ਅਜਿਹੀਆਂ ਕੋਝੀਆਂ ਕੋਸ਼ਿਸ਼ਾਂ ਦੀ ਨਿਖੇਧੀ ਕਰਦਾ ਹੈ ਅਤੇ ਦੋਸ਼ੀਆਂ ਨੂੰ ਚੇਤਾਵਨੀ ਦਿੰਦਾ ਹੈ ਕਿ ਉਹ ਹੋਰ ਕਾਨੂੰਨੀ ਕਾਰਵਾਈ ਤੋਂ ਇਲਾਵਾ ਉਨ੍ਹਾਂ ਵਿਰੁੱਧ ਸਾਈਬਰ ਅਪਰਾਧ ਦੇ ਕੇਸ ਦਰਜ ਕਰੇਗਾ। ਇਹ ਪੰਥ ਵਿਰੋਧੀ ਸ਼ਕਤੀਆਂ ਨੂੰ ਵੀ ਚੇਤਾਵਨੀ ਦਿੰਦਾ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੇ ਉਲਟ ਅਤੇ ਬਾਦਲ ਵੱਲੋਂ ਕੀਤੀ ਜਾ ਰਹੀ 'ਸੇਵਾ' ਦੇ ਸਬੰਧ ਵਿੱਚ ਅਪਮਾਨਜਨਕ ਸਮੱਗਰੀ ਪੋਸਟ ਕਰਨ ਤੋਂ ਗੁਰੇਜ਼ ਕਰਨ। ਬਾਦਲ ਨੂੰ ਬਦਨਾਮ ਕਰਨ ਲਈ ਵਿਰੋਧੀਆਂ ਵੱਲੋਂ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਘਰ ਵੀ ਨਹੀਂ ਛੱਡ ਹੋਇਆ, ਉਸ ਸੱਚੇ ਦਰ ਨੂੰ ਵੀ ਆਪਣੇ ਝੂਠ ਲਈ ਵਰਤਿਆ ਜਾਣਾ ਬੇਹੱਦ ਸ਼ਰਮਨਾਕ ਹੈ । ਗੁਰੂ ਘਰ ਵਿਖੇ ਸੇਵਾ ਕਰਦੇ ਬਾਦਲ ਸਾਬ੍ਹ ਦੀਆਂ ਵੀਡੀਓ ਅਤੇ ਫੋਟੋਆਂ ਨੂੰ ਐਡਿਟ ਕਰਕੇ ਵਾਇਰਲ ਕਰਨ ਵਾਲੇ ਕਿਸੇ ਵੀ ਕੀਮਤ ਉੱਪਰ ਬਖਸ਼ੇ ਨਹੀਂ ਜਾਣਗੇ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




## ਸ੍ਰੀ ਦਰਬਾਰ ਸਾਹਿਬ ਵਿਖੇ ਇੱਕ ਨਿਮਾਣੇ ਸਿੱਖ ਵਜੋਂ ਸੇਵਾ ਨਿਭਾਅ ਰਹੇ ਸੁਖਬੀਰ ਸਿੰਘ ਬਾਦਲ 'ਤੇ ਹਮਲਾ ਕਰਨਾ ਮੰਦਭਾਗਾ : ਗੁਰਪ੍ਰੀਤ ਸਿੰਘ ਫਤਿਹ



**ਚੌਕ ਮਹਿਤਾ, 6 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਸਰਦਾਰ ਗੁਰਪ੍ਰੀਤ ਸਿੰਘ ਫਤਿਹ ਮੀਡੀਆ ਸਲਾਹਕਾਰ ਦਫਤਰ ਇੰਚਾਰਜ ਪੰਜਾਬ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਉਕਤ ਘਟਨਾ ਨੂੰ ਮੰਦਭਾਗਾ ਦੱਸਦਿਆ ਕਿਹਾ ਕਿ ਇਹ ਹਮਲਾ ਸ੍ਰੀ ਦਰਬਾਰ ਸਾਹਿਬ ਦੇ ਸੇਵਾਦਾਰ 'ਤੇ ਹਮਲਾ ਹੈ ਕਿਉਂਕਿ ਸੁਖਬੀਰ ਸਿੰਘ ਬਾਦਲ ਸ੍ਰੀ ਅਕਾਲ ਤਖਤ ਸਾਹਿਬ ਵਲੋਂ ਲਗਾਈ ਧਾਰਮਿਕ ਸਜ਼ਾ ਦੇ ਆਦੇਸ਼ਾਂ ਦੀ ਪਾਲਣਾ ਕਰਦਿਆਂ ਸ੍ਰੀ ਦਰਬਾਰ ਸਾਹਿਬ ਦੇ ਪ੍ਰਵੇਸ਼ ਦੁਆਰ ਦੇ ਬਾਹਰ ਸੇਵਾਦਾਰ ਵਾਲੇ ਨੀਲੇ ਚੋਲੇ ਪਾ ਕੇ ਨਿਮਾਣੇ ਸਿੱਖ ਵਜੋਂ ਸੇਵ ਕਰ ਰਹੇ ਸਨ ਉਨ੍ਹਾਂ ਕਿਹਾ ਕਿ ਇਸ ਹਮਲੇ ਨੇ ਸੂਬਾ ਸਰਕਾਰ ਅਤੇ ਪ੍ਰਸ਼ਾਸਨ ਦੀ ਲਾਪਰਵਾਹੀ ਵੀ ਸਾਹਮਣੇ ਲਿਆਂਦੀ ਹੈ ਉਨ੍ਹਾਂ ਕਿਹਾ ਕਿ ਸਿੱਖ ਪ੍ਰੰਪਰਾ ਅਨੁਸਾਰ ਪੰਜ ਸਿੰਘ ਸਾਹਿਬਾਨ ਨੇ ਸੁਖਬੀਰ ਸਿੰਘ ਬਾਦਲ ਨੂੰ ਉਨ੍ਹਾਂ ਵਲੋਂ ਕੀਤੀਆਂ ਗਈਆਂ ਭੁੱਲਾਂ ਲਈ ਤਨਖ਼ਾਹ ਲਗਾ ਦਿੱਤੀ ਸੀ ਤਾਂ ਕਿਸੇ ਵੀ ਸਿੱਖ ਨੂੰ ਸੁਖਬੀਰ ਸਿੰਘ ਬਾਦਲ ਨੂੰ ਜਾਨੀ ਨੁਕਸਾਨ ਪਹੁੰਚਾਉਣ ਦਾ ਕੋਈ ਹੱਕ ਨਹੀਂ ਹੈ ਅਜਿਹਾ ਕਰਨ ਵਾਲਾ ਗੁਰੂ ਦਾ ਸੱਚਾ ਸਿੱਖ ਹੋ ਹੀ ਨਹੀਂ ਸਕਦਾ ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਦੀ ਸਿਰਮੌਰ ਸੰਸਥਾ ਹੈ ਇਥੋਂ ਦਿੱਤੇ ਗਏ ਹੁਕਮਾਂ ਨੂੰ ਮੰਨਣਾ ਹਰ ਗੁਰਸਿੱਖ ਲਈ ਲਾਜ਼ਮੀ ਹੈ। ਗੁਰਪ੍ਰੀਤ ਸਿੰਘ ਫਤਿਹ ਨੇ ਕਿਹਾ ਕਿ ਇਹਨਾਂ ਸਰਕਾਰਾਂ ਅਤੇ ਏਜੰਸੀਆਂ ਤੋਂ ਸਿੱਖ ਸੰਗਤ ਅਤੇ ਸਮੂਹ ਪੰਜਾਬੀਆਂ ਨੂੰ ਸੁਚੇਤ ਰਹਿਣ ਦੀ ਲੋੜ ਹੈ ਉਨ੍ਹਾਂ ਮੰਗ ਕੀਤੀ ਫੜੇ ਗਏ ਹਮਲਾਵਰ 'ਤੇ ਸਖ਼ਤ ਤੋਂ ਸਖ਼ਤ ਧਾਰਾ ਲਗਾਈ ਜਾਵੇ ਅਤੇ ਇਸ ਗਹਿਰੀ ਸਾਜਿਸ਼ ਕਰਨ ਪਿੱਛੇ ਕਿਸ ਦਾ ਹੱਥ ਹੈ ਪਤਾ ਲਗਾਉਣਾ ਚਾਹੀਦਾ ਹੈ।




ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

# 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

# 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

*ਸਾਬਤ ਸੂਰਤਿ ਦਸਤਾਰ ਸਿਰਾ*

# ਦਸਤਾਰਾਂ ਹੀ ਦਸਤਾਰਾਂ



# ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :

**+91 98882-22446**

# ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

**Mr. Simran Singh : 0749 534 2620**
asagasheatingsolutions@gmail.com

Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715-128621




# ਸਫਰ - ਏ - ਦਸ਼ਮੇਸ਼ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨਾ : ਜਥੇਦਾਰ ਦਾਦੂਵਾਲ

## ਨੌਜਵਾਨ ਪੀੜੀ ਨੂੰ ਚਾਅ ਹੁੰਦਾ ਨਗਰ ਕੀਰਤਨ ਦੇ ਵਿੱਚ ਸੇਵਾ ਭਾਵ ਨਿਭਾਉਣ ਦਾ

**ਹਰਿਆਣਾ** ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਉਲੀਕੇ ਜਾ ਰਹੇ ਸਫਰ ਏ ਦਸਮੇਸ਼ ਧਾਰਮਿਕ ਸਮਾਗਮਾਂ ਦੀ ਸੰਗਤਾਂ ਵੱਲੋਂ ਚਾਰੇ ਪਾਸੇ ਸਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਇਤਿਹਾਸ ਵਿੱਚ ਪਹਿਲੀ ਵਾਰ ਹਰਿਆਣਾ ਕਮੇਟੀ ਵੱਲੋਂ ਇਸ ਤਰਾਂ ਦੇ ਪ੍ਰੋਗਰਾਮ ਉਲੀਕੇ ਜਾਂ ਰਹੇ ਹਨ ।ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਇਨਾਂ ਪ੍ਰੋਗਰਾਮਾਂ ਦੀ ਅਗਵਾਈ ਕਰ ਰਹੇ ਹਨ ।ਗੁਰਦੁਆਰਾ ਨਾਢਾ ਸਾਹਿਬ ਦੇ ਮੁੱਖ ਗ੍ਰੰਥੀ ਗਿ: ਜਗਜੀਤ ਸਿੰਘ ਜੀ ਨੇ ਸੰਗਤ ਨੂੰ ਪ੍ਰੇਰਣ ਦਾ ਵਧੀਆ ਉਪਰਾਲਾ ਕੀਤਾ ਹੈ ।ਇਸ ਗੱਲ ਤੇ ਵੀ ਬੜਾ ਧਿਆਨ ਦੇਣਾ ਬਣਦਾ ਹੈ ਕਿ ਪ੍ਰੋਗਰਾਮ ਠੀਕ ਉਸੇ ਤਰ੍ਹਾਂ ਉਲੀਕੇ ਗਏ ਜਿਵੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਕਿਸੇ ਵੇਲੇ ਪਾਉਂਟਾ ਸਾਹਿਬ ਤੋਂ ਭੰਗਾਣੀ ਦਾ ਜੰਗ ਜਿੱਤ ਕੇ ਅਨੰਦਪੁਰ ਸਾਹਿਬ ਨੂੰ ਵਾਪਸ ਗਏ ਨੌਜਵਾਨ ਪੀੜੀ ਨੂੰ ਨਗਰ ਕੀਰਤਨ ਦੇ ਵਿੱਚ ਸੇਵਾ ਨਿਭਾਉਣ ਦਾ ਬਹੁਤ ਵੱਡਾ ਚਾਅ ਹੁੰਦਾ ਹੈ ।ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਇਹ ਵਧੀਆ ਉਪਰਾਲਾ ਹੈ ।ਇੱਥੇ ਇਸ ਗੱਲ ਦਾ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਪਾਉਂਟਾ ਸਾਹਿਬ ਤੋਂ ਲੈ ਕੇ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਇਤਿਹਾਸਿਕ ਸਥਾਨਾਂ ਬਾਰੇ ਟਰਾਈ ਸਿਟੀ ਚੰਡੀਗੜ ਦੀਆਂ ਜਿਆਦਾਤਰ ਸੰਗਤਾਂ ਨੂੰ ਵੀ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਖਾਸ ਕਰ ਬਹੁ ਗਿਣਤੀ ਸੰਗਤਾਂ ਨੂੰ ਗੁਰਦੁਆਰਾ ਟੋਕਾ ਸਾਹਿਬ, ਗੁਰਦੁਆਰਾ ਮਾਣਕ ਟਬਰਾ ਸਾਹਿਬ ਬਾਰੇ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਸਫਰ ਏ ਦਸਮੇਸ਼ ਸਮਾਗਮ ਤੇ ਨਗਰ ਕੀਰਤਨ ਉਲੀਕਣ ਦਾ ਮੁੱਖ ਮਕਸਦ ਹੀ ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨਾ ਅਤੇ ਉਨਾਂ ਸੰਗਤਾਂ ਤੱਕ ਇਤਿਹਾਸ ਪਹੁੰਚਾਉਣਾ ਹੈ ਜਿਨਾਂ ਨੂੰ ਪਹਿਲਾਂ ਇਨਾਂ ਇਤਿਹਾਸਿਕ ਸਥਾਨਾ ਬਾਰੇ ਕੋਈ ਜਾਣਕਾਰੀ ਨਹੀਂ ਸੀ ਜਿਕਰਯੋਗ ਹੈ ਕੇ 30 ਨਵੰਬਰ ਤੋਂ ਲੈ ਕੇ 8 ਦਸੰਬਰ ਤੱਕ ਸਫਰ ਏ ਦਸ਼ਮੇਸ਼ ਪ੍ਰੋਗਰਾਮ ਸਮਾਗਮ ਗੁਰਦੁਆਰਾ ਪਾਉਂਟਾ ਸਾਹਿਬ ਤੋਂ ਲੈ ਕੇ ਗੁਰਦੁਆਰਾ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਸਥਾਨਾਂ ਤੇ ਉਲੀਕੇ ਗਏ ਹਨ ।ਜਿਨਾਂ ਵਿੱਚੋਂ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ 30 ਨਵੰਬਰ 2024 ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।ਇਸੇ ਤਰੀਕੇ ਨਾਲ 1 ਦਸੰਬਰ 2024 ਨੂੰ ਗੁਰਦੁਆਰਾ ਕਪਾਲ ਮੋਚਨ ਸਾਹਿਬ ਯਮੁਨਾਨਗਰ,2 ਦਸੰਬਰ 2024 ਨੂੰ ਗੁਰਦੁਆਰਾ ਟੋਕਾ ਸਾਹਿਬ ਨਰਾਇਣਗੜ,3 ਦਸੰਬਰ ਨੂੰ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਅਤੇ ਸਮਾਪਤੀ ਗੁਰਦੁਆਰਾ ਨਾਢਾ ਸਾਹਿਬ ਵਿਖੇ 8 ਦਸੰਬਰ ਨੂੰ ਹੋਵੇਗੀ ।ਸਾਰੇ ਇਤਿਹਾਸਿਕ ਸਥਾਨਾਂ ਵਿਖੇ ਸ਼ਾਮ ਦੇ ਦੀਵਾਨਾਂ ਦਾ ਸਮਾਂ ਸ਼ਾਮ 6 ਤੋਂ 10 ਦਾ ਰੱਖਿਆ ਗਿਆ ਹੈ ।ਸਾਰੇ ਸਮਾਗਮਾਂ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜ ਕੇ ਨਿਹਾਲ ਕਰਨਗੇ ।ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੀ ਇਨਾਂ ਸਮਾਗਮਾਂ ਵਿੱਚ ਵੱਖ ਵੱਖ ਥਾਵਾਂ ਤੇ ਹਾਜ਼ਰੀ ਭਰਨਗੇ। ••

ਆਵਾਜ਼ਿ ਕੌਮ AWAZE QAUM International Newspaper & WEB TV


ਦੇਗ ਤੇਗ ਫਤਹਿ
ਪੰਥ ਕੀ ਜੀਤ
ਸ੍ਰੀ ਗੁਰੂ ਤੇਗ ਬਹਾਦਰ ਜੀ ਦਾ
ਸ਼ਹੀਦੀ ਗੁਰਪੁਰਬ
ਮਿਤੀ 4 ਦਸੰਬਰ ਦਿਨ ਬੁੱਧਵਾਰ ਤੋਂ
8 ਦਸੰਬਰ ਦਿਨ ਐਤਵਾਰ ਤੱਕ
ਗੁਰਦੁਆਰਾ ਗੁਰ ਨਾਨਕ ਪ੍ਰਕਾਸ਼
ਦਮਦਮੀ ਟਕਸਾਲ, ਟਰੇਸੀ
ਵਿਖੇ ਬਹੁਤ ਹੀ ਸ਼ਰਧਾ ਭਾਵਨਾ ਦੇ ਸਹਿਤ ਕਰਵਾਇਆ ਜਾ ਰਿਹਾ ਹੈ। ਸੋ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਰੋਜ਼ਾਨਾਂ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕਰੀਏ ਜੀ।
ਸਮਾਂ
ਬੁੱਧਵਾਰ ਤੋਂ ਸ਼ਨੀਵਾਰ
ਸ਼ਾਮ 5.30 ਵਜੇ ਤੋਂ ਰਾਤ 8 ਵਜੇ ਤੱਕ
ਐਤਵਾਰ
ਸਵੇਰੇ 10.30 ਵਜੇ ਤੋਂ ਦੁਪਿ. 2 ਵਜੇ ਤੱਕ
ਭਾਈ ਰਵਿੰਦਰ ਸਿੰਘ ਜੀ
ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ
4-5 ਦਸੰਬਰ
ਭਾਈ ਸੰਦੀਪ ਸਿੰਘ ਜੀ
ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ
6-8 ਦਸੰਬਰ
ਭਾਈ ਸਿਰੀਪਾਲ ਸਿੰਘ ਜੀ
ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ
ਭਾਈ ਸੁਖਮਨ ਸਿੰਘ ਜੀ
ਦਮਦਮੀ ਟਕਸਾਲ
ਭਾਈ ਦਿਲਬਾਗ ਸਿੰਘ ਜੀ
ਦਮਦਮੀ ਟਕਸਾਲ
ਆਵਾਜ਼ਿ ਕੌਮ AWAZE QAUM International Newspaper & WEB TV
ਵੱਲੋਂ : ਬਾਬਾ ਧਰਮ ਸਿੰਘ ਜੀ
Gurdwara Gur Nanak Parkash Damdami Taksal
16101 West Grant Line Rd Tracy Ca 95304

ਰੰਘਰੇਟਾ ਗੁਰੂ ਕਾ ਬੇਟਾ

ੴ ਸਤਿਗੁਰ ਪ੍ਰਸਾਦਿ ॥

ਰੰਘਰੇਟਾ ਗੁਰੂ ਕਾ ਬੇਟਾ

# ਤਿਲਕ ਜੰਞੂ ਦੇ ਰਾਖੇ ਹਿੰਦ ਦੀ ਚਾਦਰ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲ ਸ਼ਹੀਦੀ ਸਤਾਬਦੀ ਸਮਾਗਮ ਨੂੰ ਸਮਰਪਿਤ

ਅਤੇ ਗੁਰੂ ਸਾਹਿਬ ਜੀ ਦੇ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਮਹਾਨ ਸਹਾਦਤ ਨੂੰ ਸਮਰਪਿਤ ਅਮਰ ਸ਼ਹੀਦ ਸ਼੍ਰੋਮਣੀ ਜਰਨੈਲ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਦੇ ਦਿੱਲੀ (ਚਾਂਦਨੀ ਚੌਂਕ) ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ (ਪਾਵਨ ਸੀਸ ) ਸ਼੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੇ ਮਹਾਨ ਦਿਨ ਨੂੰ ਯਾਦ ਕਰਦਿਆਂ

## ਸਮੁੱਚੀਆਂ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ

ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਿਸ਼ਾਨ ਸਾਹਿਬ ਅਤੇ ਨਗਾਰਿਆਂ ਦੀ ਗੂੰਜ ਵਿੱਚ

ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ



## ਮਹਾਨ ਸੀਸ ਭੇਟਾ ਵਿਸ਼ਾਲ ਨਗਰ ਕੀਰਤਨ

ਆਪ ਸਭ ਸੰਗਤਾਂ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਇਸ ਮਹਾਨ ਪਰ ਉਪਕਾਰ ਵਾਲੇ ਦਿਨ ਨੂੰ ਯਾਦ ਕਰਦਿਆਂ ਵੱਧ ਤੋਂ ਵੱਧ ਸੰਗਤਾਂ ਸੀਸ ਭੇਟ ਯਾਤਰਾ ਦੇ ਵਿਸ਼ਾਲ ਨਗਰ ਕੀਰਤਨ ਵਿੱਚ ਆਪੋ ਆਪਣੀਆਂ ਗੱਡੀਆਂ ਲੈ ਕੇ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ।

## ਯਾਤਰਾ ਦਾ ਰੂਟ ਵੇਰਵਾ:-

ਆਵਾਜ਼ਿ ਕੌਮ AWAZE QAUM International Newspaper & WEB TV

### ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ

ਗੁ: ਸੀਸ ਗੰਜ ਸਾਹਿਬ ਦਿੱਲੀ ਤੋਂ ਸਵੇਰੇ 8:00 ਵਜੇ ਆਰੰਭ ਹੋਵੇਗਾ ।
ਗੁ: ਸ਼੍ਰੀ ਨਾਨਕ ਪਿਆਉ ਦੇ ਰਸਤੇ ਸੋਨੀਪਤ, ਪਾਣੀਪਤ, ਕਰਨਾਲ ਬਾਈਪਾਸ, ਗ ਲੰਗਰ ਮਾਤਾ ਸਾਹਿਬ ਦੇਵਾਂ ਜੀ।
ਨਾਨਕਸਰ ਕਰਨਾਲ ਦੇ ਰਸਤੇ ਵਿਸ਼ਰਾਮ ਗੁ: ਸੀਸ ਗੰਜ ਸਾਹਿਬ ਤਰਾਵੜੀ ਵਿਖੇ ਹੋਵੇਗਾ ।

### ਮਿਤੀ 7-12-24 ਦਿਨ ਸ਼ਨੀਵਾਰ ਨੂੰ

ਗੁ: ਸੀਸ ਗੰਜ ਸਾਹਿਬ ਤੋਂ ਤਰਾਵੜੀ ਤੋਂ ਆਰੰਭ ਹੋ ਕੇ ਵਾਇਆ ਕੁਰਕਸ਼ੇਤਰ ਵਿਖੇ, ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਤੇ ਪਿੱਪਲੀ ਸੰਪਰਦਾ ਨੀਲ ਧਾਰੀ ਤੋਂ ਸ਼ਾਹਬਾਦ ਦੇ ਰਸਤੇ ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਅੰਬਾਲਾ ਤੋਂ ਹੁੰਦਾ ਹੋਇਆ ਰਾਤ ਦਾ ਵਿਸ਼ਰਾਮ ਗੁ: ਨਾਭਾ ਸਾਹਿਬ ਜੀਰਕਪੁਰ ਵਿਖੇ ਹੋਵੇਗਾ ।

### ਮਿਤੀ 8-12-24 ਦਿਨ ਐਤਵਾਰ ਨੂੰ

ਗੁ: ਨਾਭਾ ਸਾਹਿਬ ਜੀਰਕਪੁਰ ਤੋਂ ਆਰੰਭ ਹੋ ਕੇ ਏਅਰਪੋਰਟ ਰੋਡ ਤੋਂ ਆਈਸਰ ਕੰਪਨੀ ਤੋਂ ਹੁੰਦਾ ਹੋਇਆ ਫੇਜ਼ 11 ਵਿਖੇ ਗੁ: ਸਿੰਘ ਸਭਾ ਤੋਂ ਗੁ: ਬਾਬਾ ਨਾਮਦੇਵ ਜੀ ਫੇਜ਼ 10 ਤੋਂ ਗੁ: ਸਿੰਘ ਸ਼ਹੀਦਾਂ ਸੁਹਾਣਾਂ ਤੋਂ ਗੁ ਅੰਬ ਸਾਹਿਬ ਫੇਜ਼ 8 ਤੋਂ ਗੁ: ਸਿੰਘ ਸਭਾ ਤੋਂ ਗੁ ਰਵੀਦਾਸ ਟੈਂਪਲ ਫੇਜ਼ 7 ਤੋਂ ਗੁ ਸਾਚਾ ਧੰਨ ਫੇਜ ਤਬੀ 1 ਤੇ ਹੁੰਦਾ ਹੋਇਆ ਗੁ ਰਾਮਗੜੀਆਂ ਸਾਹਿਬ 3 ਬੀ 1 ਤੋਂ ਹੁੰਦਾ ਹੋਇਆ ਗੁ: ਬਾਬਾ ਜੀਵਨ ਸਿੰਘ ਫੌਜ 3 ਏ ਖੈਰ ਲਾਂਡਰਾ ਰਸਤੇ ਹੁੰਦਾ ਹੋਇਆ ਰਾਤ ਵਿਸ਼ਰਾਮ ਸ੍ਰੀ ਫਤਹਿਗੜ ਸਾਹਿਬ ਸਰਹੰਦ ਵਿਖੇ ਹੋਵੇਗਾ ।

### ਮਿਤੀ 9-12-24 ਦਿਨ ਸੋਮਵਾਰ ਨੂੰ

ਗੁ: ਫਤਿਹਗੜ ਸਾਹਿਬ ਤੋਂ ਅਰੰਭ ਹੋ ਕੇ ਚਾਇਆ ਮੋਰਿੰਡਾਂ ਹੁੰਦਾ ਹੋਇਆ ਗੁ ਕੀਤਵਾਲੀ ਸਾਹਿਬ ਤੇ ਹੁੰਦਾ ਹੋਇਆ ਗੁ ਸ੍ਰੀ ਚਮਕੋਰ ਸਾਹਿਬ ਹੁੰਦਾ ਹੋਇਆ ਗੁ: ਸ਼ਹੀਦ ਬਾਬਾ ਦੀਪ ਸਿੰਘ ਸੇਲਖੀਆਂ, ਗੁ: ਭੱਠਾ ਸਾਹਿਬ ਪਾਤਿਸ਼ਾਹੀ ਦਸਵੀਂ ਤੋਂ ਗੁ ਸਦਾਬਰਤ ਸਾਹਿਬ ਤੋਂ ਸਾਹੀ ਟਿੱਬੀ ਤੋਂ ਗੁ: ਨਿਰਮੋਹਗੜ੍ਹ ਦੇ ਰਸਤੇ ਗੁ: ਕੀਰਤਪੁਰ ਸਾਹਿਬ ਰੋਪੜ ਵਿਖੇ ਰਾਤ ਦਾ ਵਿਸ਼ਰਾਮ

### ਮਿਤੀ 10-12-24 ਦਿਨ ਮੰਗਲਵਾਰ ਨੂੰ

ਸਵੇਰੇ 7:00 ਵਜੇ ਗੁ: ਬਿਬਾਣਗੜ੍ਹ ਸਾਹਿਬ ਅਰੰਭ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਸੰਗਤਾਂ ਨਗਰ ਕੀਰਤਨ ਨੂੰ ਜੀ ਆਇਆ ਕਰਨ ਤੇ ਵਿਸ਼ਾਲ ਨਗਰ ਕੀਰਤਨ ਰਾਹੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਗਤਾਂ ਵੱਲੋਂ

ਗੁ: ਸੀਸ ਗੰਜ਼ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਵਿਖੇ ਕੀਰਤਨ ਦਰਬਾਰ ਹੋਵੇਗਾ ਅਤੇ ਨਗਰ ਕੀਰਤਨ ਸਮਾਪਤੀ ਦੀ ਅਰਦਾਸ ਕੀਤੀ ਜਾਵੇਗੀ ।



ਜਥੇਦਾਰ ਬਾਬਾ ਮੇਜਰ ਸਿੰਘ ਸੋਢੀ
ਮੁੱਖੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਮਿਸਲ
1300 ਘੋੜ ਸਵਾਰ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ
ਸ੍ਰੀ ਅੰਮ੍ਰਿਤਸਰ ਸਾਹਿਬ





ਮਹਿਤਾ ਚੌਕ



ਭਾਈ ਸੁਖਦੇਵ ਸਿੰਘ ਜੀ
ਮੁੱਖ ਬੁਲਾਰੇ ਦਮਦਮੀ ਟਕਸਾਲ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243






ਮੁਕਤਸਰ ਸਾਹਿਬ ਦੇ ਪ੍ਰਸਿੱਧ ਡੀਕੇ ਜਿਊਲਰ ਬਾਂਸਲ ਪ੍ਰੀਵਾਰ ਦੇ ਵਿਵਾਹ ਸਮਾਗਮ ਸਮੇਂ ਸੁਭਾਗੀ ਜੋੜੀ ਨੂੰ ਅਸ਼ੀਰਵਾਦ ਦਿੰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ

# ਸ.ਫਰ ਏ ਦਸਮੇਸ਼ ਗੁਰਮਤਿ ਸਮਾਗਮ ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਹੋਈਆਂ ਨਤਮਸਤਕ












**ਸ.ਫਰ ਏ ਦਸਮੇਸ਼ ਗੁਰਮਤਿ ਸਮਾਗਮ** ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਨਤਮਸਤਕ ਹੁੰਦੇ ਅਤੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਪ੍ਰਸਿੱਧ ਢਾਡੀ ਭਾਈ ਸੂਰਪ ਸਿੰਘ ਕਡਿਆਣਾ ਦੇ ਜਥੇ ਵਲੋਂ ਰਸਭਿੰਨਾ ਕਥਾ ਕੀਰਤਨ ਕੀਤਾ ਗਿਆ,ਇਸ ਸਮੇਂ ਸ੍ਰੋਮਣੀ ਅਕਾਲੀ ਦਲ ਆਜ਼ਾਦ ਦੇ ਪੰਜ ਸਿੱਖ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਜਥੇਦਾਰ ਮਲਕੀਤ ਸਿੰਘ ਪੰਨੀਵਾਲਾ ਮੈਂਬਰ,ਜਥੇਦਾਰ ਸਵਰਨ ਸਿੰਘ ਰਤੀਆ ਸਾਬਕਾ ਮੀਤ ਪ੍ਰਧਾਨ,ਜਥੇਦਾਰ ਸਵਰਨ ਸਿੰਘ ਬੁੰਗਾ ਮੈਂਬਰ,ਜਥੇਦਾਰ ਓਮਰਾਉ ਸਿੰਘ ਛੀਨਾ ਕੈਂਥਲ ਵੀ ਹਾਜ਼ਰ ਸਨ ਭਾਈ ਗੁਰਮੀਤ ਸਿੰਘ ਮੀਤਾ ਪਿੰਜੌਰ ਮੈਂਬਰ,ਧਰਮ ਪ੍ਰਚਾਰ ਦੇ ਸਕੱਤਰ ਭਾਈ ਸਰਬਜੀਤ ਸਿੰਘ ਜੰਮੂ,ਭਾਈ ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਨਾਢਾ ਸਾਹਿਬ,ਸਿੰਘ ਸਾਹਿਬ ਗਿ: ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ,ਭਾਈ ਪਰਮਜੀਤ ਸਿੰਘ ਸ਼ੇਰਗੜ ਮੈਨੇਜਰ,ਭਾਈ ਬਲਜਿੰਦਰ ਸਿੰਘ ਇੰਚਾਰਜ,ਢਾਡੀ ਮਲਕੀਤ ਸਿੰਘ ਮੀਤ ਵੀ ਹਾਜ਼ਰ ਸਨ ਸਿਰਪਾਓ ਭੇਂਟ ਕਰਕੇ ਸਭ ਦਾ ਸਨਮਾਨ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਜਥੇਦਾਰ ਦਾਦੂਵਾਲ ਜੀ ਨੇ ਉਨਾਂ ਇਤਿਹਾਸਿਕ ਸਥਾਨਾਂ ਤੱਕ ਪਹੁੰਚਾਈ ਸਿੱਖ ਪ੍ਰਚਾਰ ਲਹਿਰ

# ਜਿਨਾਂ ਬਾਰੇ ਬਹੁਤਾਤ ਸੰਗਤਾਂ ਨੂੰ ਹੁਣ ਤੱਕ ਨਹੀਂ ਸੀ ਜਾਣਕਾਰੀ - ਭਾਈ ਸੁਖਬੀਰ ਸਿੰਘ ਬਲਬੇੜਾ

## ਕਿਸੇ ਸਿੱਖ ਦੀ ਖੁਸ਼ੀ ਚ ਭਾਵੇਂ ਨਾ ਪਹੁੰਚ ਸਕਣ ਜਥੇਦਾਰ ਦਾਦੂਵਾਲ ਪਰ ਭੀੜ ਪੈਣ ਤੇ ਲੋੜਵੰਦਾਂ ਨਾਲ ਖੜਦੇ ਵੇਖਿਆ

**ਸਿੱਖ ਸੰਗਤਾਂ** ਦੇ ਸੇਵਾਦਾਰ ਭਾਈ ਸੁਖਬੀਰ ਸਿੰਘ ਬਲਬੇੜਾ ਨੇ ਮੀਡੀਆ ਨੂੰ ਇੱਕ ਲਿਖਤੀ ਪ੍ਰੈਸਨੋਟ ਜਾਰੀ ਕਰਦਿਆਂ ਕਿਹਾ ਕਿ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹਮੇਸ਼ਾ ਲੋੜਵੰਦ ਪੰਥਕ ਸਿੱਖਾਂ ਨਾਲ ਖੜਦੇ ਵੇਖਿਆ ਹੈ ਲੋੜਵੰਦ ਸਿੱਖ ਭਰਾਵਾਂ ਦੇ ਨਾਲ ਜਥੇਦਾਰ ਸਾਹਿਬ ਵੱਲੋਂ ਡੱਟ ਕੇ ਖੜਨ ਦੀ ਲਿਸਟ ਬਹੁਤ ਲੰਬੀ ਹੈ ਜੇ ਆਪਾਂ ਨੇ ਕਿਸੇ ਸ਼ਖਸ਼ੀਅਤ ਦੇ ਕਿਰਦਾਰ ਨੂੰ ਸਮਝਣਾ ਹੋਵੇ ਤਾਂ ਉਨਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਤੇ ਝਾਤੀ ਮਾਰਨ ਦੀ ਜਰੂਰਤ ਹੁੰਦੀ ਹੈ ਭਾਈ ਸੁਖਬੀਰ ਸਿੰਘ ਬਲਬੇੜਾ ਨੇ ਦੱਸਿਆ ਕੇ ਜਥੇਦਾਰ

ਆਵਾਜ਼ਿ ਕੌਮ AWAZE QAUM International Newspaper & WEB TV

ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਆਰੰਭੀ ਸਿੱਖ ਧਰਮ ਪ੍ਰਚਾਰ ਸਾਂਝੀਵਾਲਤਾ ਲਹਿਰ ਸੰਗਤਾਂ ਨੂੰ ਮੇਰੇ ਵੱਲੋਂ ਇਹ ਦੱਸਣ ਤੇ ਮਜਬੂਰ ਕਰਦੀ ਹੈ ਕੇ ਅਸਲ ਦੇ ਵਿੱਚ ਸੰਗਤਾਂ ਦੇ ਦਾਸ ਜਾਂ ਸੇਵਾਦਾਰ ਵਜੋਂ ਵਿਚਰਨਾ ਕੀ ਹੁੰਦਾ ਇਹ ਜਥੇਦਾਰ ਦਾਦੂਵਾਲ ਜੀ ਕੋਲੋਂ ਸਿੱਖਣ ਦੀ ਲੋੜ ਹੈ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਦੇਸ਼ ਵਿਦੇਸ਼ ਵਿੱਚ ਕੀਤੇ ਜਾ ਰਹੇ ਗੁਰਮਤਿ ਸਮਾਗਮਾਂ ਕਰਕੇ ਦੇਸ਼ ਵਿਦੇਸ਼ ਚ ਬੈਠੀਆਂ ਸੰਗਤਾਂ ਜਥੇਦਾਰ ਦਾਦੂਵਾਲ ਜੀ ਤੇ ਮਾਣ ਮਹਿਸੂਸ ਕਰ ਰਹੀਆਂ ਹਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਿੱਖ ਪ੍ਰਚਾਰ ਲਹਿਰ ਹਰਿਆਣੇ ਦੇ ਉਨਾਂ ਗੁਰੂਧਾਮਾਂ ਪਿੰਡਾਂ ਸ਼ਹਿਰਾਂ ਤੱਕ ਪਹੁੰਚਾਈ ਹੈ ਜਿਨਾਂ ਗੁਰੂਧਾਮਾ ਦੇ ਇਤਿਹਾਸ ਬਾਰੇ ਬਹੁਤਾਤ ਸਿੱਖਾਂ ਨੂੰ ਕੋਈ ਜਾਣਕਾਰੀ ਨਹੀਂ ਸੀ ਇਹ ਪ੍ਰਚਾਰ ਲਹਿਰ ਸਿੱਖ ਨੌਜਵਾਨੀ ਲਈ ਪ੍ਰੇਰਨਾ ਸਰੋਤ ਹੈ ।

-ਭਾਈ ਪਰਗਟ ਸਿੰਘ ਬਲਬੇੜਾ



### ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ

# ਲੋੜਵੰਦ ਸਕੂਲੀ ਵਿਦਿਆਰਥੀਆਂ ਨੂੰ ਗਰਮ ਕੋਟੀਆਂ, ਬੂਟ ਤੇ ਜੁਰਾਬਾਂ ਵੰਡਣ ਹਿਤ ਸਮਾਗਮ ਕਰਵਾਏ







ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਆਪਣੇ ਸਮਾਜ ਸੇਵੀ ਕਾਰਜਾਂ ਨੂੰ ਲਗਾਤਾਰ ਜਾਰੀ ਰੱਖਦਿਆਂ ਸਰਦੀਆਂ ਦੇ ਇਸ ਮੌਸਮ ਵਿਚ ਲੋੜਵੰਦ ਸਕੂਲੀ ਵਿਦਿਆਰਥੀਆਂ ਨੂੰ ਗਰਮ ਕੋਟੀਆਂ,ਬੂਟ ਅਤੇ ਜੁਰਾਬਾਂ ਵੰਡਣ ਹਿਤ ਵੱਖ ਵੱਖ ਸਕੂਲਾਂ ਵਿੱਚ ਸਮਾਗਮ ਕਰਾਏ ਗਏ ਇਸੇ ਲੜੀ ਤਹਿਤ ਸਮਾਗਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਧਾਣਾ ਝਿੱਕਾ ਵਿਖੇ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਸਕੂਲ ਦੇ ਪ੍ਰਿੰਸੀਪਲ ਸ੍ਰੀ ਰਜਨੀਸ਼ ਕੁਮਾਰ ਅਤੇ ਏਕ ਨੂਰ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਵਲੋਂ ਸਾਂਝੇ ਤੌਰ ਤੇ ਕੀਤੀ ਗਈ।

ਸਮਾਗਮ ਦੇ ਸ਼ੁਰੂ ਵਿੱਚ ਸਕੂਲ ਦੇ ਸੀਨੀਅਰ ਲੈਕਚਰਾਰ ਬੂਟਾ ਸਿੰਘ ਮਾਹਲ ਵਲੋਂ ਸੰਸਥਾ ਦੇ ਸਮੂਹ ਸੇਵਾਦਾਰਾਂ ਦਾ ਸਕੂਲ ਵਿਖੇ ਪੁਹੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਜੀ ਆਇਆਂ ਆਖਿਆ। ਇਸ ਦੇ ਨਾਲ ਹੀ ਉਹਨਾਂ ਨੇ ਸੰਸਥਾ ਵਲੋਂ ਕੀਤੇ ਜਾ ਰਹੇ ਬੇਮਿਸਾਲ ਸਮਾਜ ਸੇਵੀ ਕਾਰਜਾਂ ਲਈ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਵਾਰੇ ਬੋਲਦਿਆਂ ਆਖਿਆ ਕਿ ਇਹ ਸਭ ਕੁਝ ਵਾਹਿਗੁਰੂ ਜੀ ਦੀ ਬਖਸ਼ਿਸ਼ ਤੋਂ ਬਗੈਰ ਸੰਭਵ ਨਹੀਂ ਹੈ । ਇਸ ਮੌਕੇ ਤੇ ਬੋਲਦਿਆਂ ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਨੇ ਕਿਹਾ ਕਿ ਜੇਕਰ ਦੇਸ਼ ਦੀਆਂ ਹਾਕਿਮ ਸਰਕਾਰਾਂ ਨੇ ਲੋਕ ਭਲਾਈ ਦੀਆਂ ਸਕੀਮਾਂ ਨੂੰ ਤਨਦੇਹੀ ਨਾਲ ਲਾਗੂ ਕੀਤਾ ਹੁੰਦਾ ਤਾਂ ਸ਼ਾਇਦ ਇਹਨਾਂ ਸਮਾਜ ਸੇਵੀ ਸੰਸਥਾਵਾਂ ਨੂੰ ਇਹ ਕੰਮ ਨਾ ਕਰਨੇ ਪੈਂਦੇ। ਉਹਨਾਂ ਨੇ ਵਿਦੀਆਰਥੀਆਂ ਨੂੰ ਮੁਖਾਤਿਬ ਹੁੰਦਿਆਂ ਆਖਿਆ ਕਿ ਮਿਹਨਤ ਤੇ ਤਨਦੇਹੀ ਨਾਲ ਕੰਮ ਕਰ ਕੇ ਤੁਸੀਂ ਸਫਲਤਾ ਦੀ ਟੀਸੀ ਤੇ ਪੁਹੰਚ ਸਕਦੇ ਹੋ

ਸੰਸਥਾ ਦੇ ਜਨਰਲ ਸਕੱਤਰ ਮਾਂ ਤਰਲੋਚਨ ਸਿੰਘ ਪਠਲਾਵਾ ਨੇ ਸਮਾਜ ਵਿਚੋਂ ਖਤਮ ਹੋ ਰਹੀਆਂ ਨੈਤਿਕ ਕਦਰਾਂ ਕੀਮਤਾਂ ਦੇ ਵਿਸੇ ਤੇ ਬੋਲਦਿਆਂ ਆਖਿਆ ਕਿ ਇਹ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਤੁਸੀਂ ਇਹਨਾਂ ਨੈਤਿਕ ਕਦਰਾਂ ਕੀਮਤਾਂ ਦੇ ਸਹਾਰੇ ਸਮਾਜ ਵਿਚ ਸਤਿਕਾਰ ਦੇ ਪਾਤਰ ਬਣ ਸਕਦੇ ਹੋ। ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਨੇ ਵਿਦਿਆਰਥੀਆਂ ਨੂੰ ਮੋਟੀਵੇਟ ਕਰਦਿਆਂ ਆਖਿਆ ਕਿ ਲਗਨ ਤੇ ਮਿਹਨਤ ਕਰਕੇ ਤੁਸੀਂ ਵੱਡੇ ਤੋਂ ਵੱਡੇ ਅਹੁਦੇ ਤੇ ਬਿਰਾਜਮਾਨ ਹੋ ਸਕਦੇ ਹੋ । ਇਸ ਅਵਸਰ ਤੇ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਨੂੰ ਬੂਟ ਤਕਸੀਮ ਕੀਤੇ ਗਏ। ਇਸ ਦੇ ਨਾਲ ਹੀ ਸੰਸਥਾ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਸੂਰਾਪੁਰ ਦੇ ਵਿਦਿਆਰਥੀ ਨੂੰ ਗਰਮ ਕੋਟੀਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੂਰਾਪੁਰ ਤੇ ਸਰਕਾਰੀ ਹਾਈ ਸਕੂਲ ਪਠਲਾਵਾ ਮੋਰਾਂਵਾਲੀ ਅਤੇ ਪਿੰਡ ਪੋਸੀ ਦੇ ਵਿਦਿਆਰਥੀਆਂ ਨੂੰ ਵੀ ਉਪਰੋਕਤ ਕਿਸਮ ਦੀ ਸਹਾਇਤਾ ਨਾਲ ਨਵਾਜਿਆ ਗਿਆ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰਜਨੀਸ਼ ਕੁਮਾਰ ਜੀ ਨੇ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਅਤੇ ਸਮੂਹ ਅਹੁਦੇਦਾਰ ਅਤੇ ਮੈਂਬਰਾਨ ਦਾ ਇਹਨਾਂ ਸਮਾਜ ਸੇਵਾ ਕਾਰਜਾਂ ਲਈ ਧੰਨਵਾਦ ਕੀਤਾ ਗਿਆ।

ਇਸ ਅਵਸਰ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ,ਸ ਅਮਰਜੀਤ ਸਿੰਘ ਸੂਰਾਪੁਰ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਸੰਦੀਪ ਪੋਸੀ ਜੀ,ਮਾਂ ਰਮੇਸ਼ ਕੁਮਾ ਰ ਪਠਲਾਵਾ, ਪਰਮਿੰਦਰ ਸਿੰਘ ਰਾਣਾ, ਚਰਨਜੀਤ ਪੋਸੀ, ਸੰਸਥਾ ਦੇ ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ,ਸ ਬਲਵੀਰ ਸਿੰਘ ਯੂ ਕੇ ਸਾਹਿਬ, ਸਤੀਸ਼ ਕੁਮਾਰ ਐਮਾਂ ਜਟਾਂ, ਮੈਡਮ ਸਰਬਜੀਤ ਕੌਰ ਪਠਲਾਵਾ, ਮੈਡਮ ਕਮਲਜੀਤ ਕੌਰ ਐਮਾਂ ਜਟਾਂ, ਆਤਮਾਂ ਸਿੰਘ ਸੂਰਾਪੁਰ, ਸੰਸਥਾ ਦੇ ਪ੍ਰੈਸ ਸਕੱਤਰ ਜੀ ਚੰਨੀ ਪਠਲਾਵਾ ਕਾਕਾ ਪ੍ਰਭਜੋਤ ਸਿੰਘ ਪਠਲਾਵਾ ਸਕੂਲ ਦੇ ਮੈਨੇਜਰ ਅਮਰਜੀਤ ਸਿੰਘ ਗਹਿਲ ਮਜਾਰੀ ,ਨਵਦੀਪ ਸਿੰਘ ਕਾਹਮਾ ਬਲਕਾਰ ਸਿੰਘ ਬਹੂਆਂ ਮੈਡਮ ਰਜਿੰਦਰ ਕੌਰ ਪਠਲਾਵਾ, ਕੰਪਿਊਟਰ ਟੀਚਰ ਭੱਟੀ ਆਦਿ ਹਾਜ਼ਰ ਸਨ।

**ਵਿਸ਼ੇਸ਼ ਰਿਪੋਰਟ-ਹਰਪ੍ਰੀਤ ਸਿੰਘ ਪਠਲਾਵਾ**

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਕੀਤਾ ਉਦਯੋਗਿਕ ਦੌਰਾ



**ਤਲਵੰਡੀ ਸਾਬੋ, 06 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਇੰਜੀਨਿਅਰਿੰਗ ਦੇ ਇਲੈਕਟ੍ਰਿਕਲ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਪ੍ਰੋ. (ਡਾ.) ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਦੇ ਦਿਸ਼ਾਂ ਨਿਰਦੇਸ਼ਾਂ ਤੇ ਡਾ. ਸਵਤੰਤਰ ਸਿੰਘ ਡੀਨ ਦੀ ਰਹਿਨੁਮਾਈ ਵਿੱਚ 220 ਕੇ.ਵੀ. ਸਬ-ਸਟੇਸ਼ਨ ਤਲਵੰਡੀ ਸਾਬੋ ਦਾ ਦੌਰਾ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਸਵਤੰਤਰ ਸਿੰਘ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਉਦਯੋਗਿਕ ਮਸ਼ੀਨਾਂ ਦੇ ਵਿਵਹਾਰਿਕ ਗਿਆਨ ਅਤੇ ਯੰਤਰਾਂ ਦੀ ਕਾਰਜ ਪ੍ਰਣਾਲੀ ਸੰਬੰਧੀ ਜਾਣੂ ਕਰਵਾਉਣ ਲਈ ਇਹ ਦੌਰਾ ਆਯੋਜਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਡਾ. (ਇੰਜ.) ਹਰਸਿਮਰਨ ਦੀ ਅਗਵਾਈ ਹੇਠ 41 ਵਿਦਿਆਰਥੀਆਂ ਨੇ ਸਬ ਸਟੇਸ਼ਨ ਵਿਖੇ ਸਵਿੱਚ ਗੇਅਰ, ਟਰਾਂਸਫਾਰਮਰ, ਸਰਕਿਟ ਬ੍ਰੇਕਰ, ਕੰਟਰੋਲ ਪੈਨਲ ਅਤੇ ਬਿਜਲੀ ਦੀ ਸੁਚਾਰੂ ਸਪਲਾਈ ਆਦਿ ਸੰਬੰਧੀ ਜਾਣਕਾਰੀ ਹਾਸਿਲ ਕੀਤੀ। ਇਸ ਤੋਂ ਇਲਾਵਾ ਮਾਹਿਰਾਂ ਵੱਲੋਂ ਵਿਦਿਆਰਥੀਆਂ ਨਾਲ ਬਿਜਲੀ ਟਰਾਂਸਮਿਸ਼ਨ ਅਤੇ ਵੰਡ ਸੰਬੰਧੀ ਨੁਕਤੇ ਵੀ ਸਾਂਝੇ ਕੀਤੇ ਗਏ ਤੇ ਪ੍ਰਦੂਸ਼ਣ ਰਹਿਤ ਬਿਜਲੀ ਦੀ ਪੈਦਾਵਰ ਬਾਰੇ ਜਾਣਕਾਰੀ ਵਿਦਿਆਰਥੀਆਂ ਨੂੰ ਦਿੱਤੀ ਗਈ। ਬਿਜਲੀ ਸਪਲਾਈ ਅਤੇ ਉਤਪਾਦਨ ਦੇ ਖੇਤਰ ਵਿੱਚ ਆ ਰਹੀ ਨਵੀਂ ਤਕਨੀਕ, ਮਸ਼ੀਨਾਂ ਅਤੇ ਯੰਤਰਾਂ ਦੀ ਕਾਰਜਪ੍ਰਣਾਲੀ ਸੰਬੰਧੀ ਜਾਣਕਾਰੀ ਵੀ ਦਿੱਤੀ ਗਈ। ਵਿਦਿਆਰਥੀਆਂ ਨੇ ਇਸ ਦੌਰੇ ਨੂੰ ਲਾਹੇਵੰਦ ਅਤੇ ਗਿਆਨਵਰਧਕ ਦੱਸਿਆ ਅਤੇ ਇਸ ਸੰਬੰਧੀ ਉਨ੍ਹਾਂ ਵਿੱਚ ਕਾਫ਼ੀ ਉਤਸ਼ਾਹ ਵੇਖਿਆ ਗਿਆ।

# ਜੇਕਰ ਸ੍ਰ ਢਿੱਲੋਂ ਆਪਣੀ ਹਉਮੈ ਛੱਡ ਕੇ ਭਾਜਪਾ ਦੀ ਲੋਕਲ ਲੀਡਰਸ਼ਿਪ ਨੂੰ ਨਾਲ ਲੈਕੇ ਚੱਲਦੇ ਤਾਂ ਬਰਨਾਲਾ ਸੀਟ ਤੇ ਕਮਲ ਦਾ ਫੁੱਲ ਖਿੜ ਸਕਦਾ ਸੀ - ਭਾਜਪਾ ਆਗੂ



**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਬਾਈ ਇਲੈਕਸ਼ਨ ਹੋਈਆ ਪੰਜਾਬ ਦੀਆ ਚਾਰ ਸੀਟਾਂ ਵਿੱਚੋ ਬਰਨਾਲਾ ਸੀਟ ਤੇ ਆਮ ਆਦਮੀ ਪਾਰਟੀ ਵਿੱਚ ਫੁੱਟ ਪੈਣ ਕਾਰਣ ਸਮੀਕਰਨ ਵੱਖਰੇ ਸਨ ਜੇਕਰ ਅੰਕੜਿਆਂ ਤੇ ਝਾਤ ਮਾਰੀਏ ਤਾਂ ਕਾਲਾ ਢਿੱਲੋਂ ਨੂੰ ਤਕਰੀਬਨ 28 ਹਜਾਰ ਵੋਟ ਪਈ ਹੈ। ਹਰਿਦਰ ਧਾਲੀਵਾਲ ਨੂੰ 26 ਹਜਾਰ ਵੋਟ ਪਈ ਹੈ ਅਤੇ ਕੇਵਲ ਸਿੰਘ ਢਿੱਲੋਂ ਨੂੰ ਤਕਰੀਬਨ 18 ਹਜਾਰ ਵੋਟ ਪਈ ਹੈ ਫ਼ਰਕ ਸਿਰਫ਼ ਜਿੱਤਣ ਵਾਲੇ ਉਮੀਦਵਾਰ ਅਤੇ ਭਾਜਪਾ ਦੇ ਉਮੀਦਵਾਰ ਵਿੱਚ ਤਕਰੀਬਨ 10 ਕ ਹਜਾਰ ਵੋਟ ਦਾ ਸੀ ਪ੍ਰੰਤੂ ਜੇਕਰ ਕੇਵਲ ਸਿੰਘ ਢਿੱਲੋਂ ਭਾਜਪਾ ਦੀ ਲੋਕਲ ਲੀਡਰਸ਼ਿਪ ਨੂੰ ਨਾਲ ਲੈਕੇ ਚੱਲਦੇ ਤਾਂ ਸਾਇਦ ਪੰਜਾਬ ਵਿੱਚ ਆਪਣੇ ਬਲਬੂਤੇ ਤੇ ਭਾਜਪਾ ਵੱਲੋ ਪਹਿਲੀ ਵਾਰ ਸੀਟ ਜਿੱਤਣ ਵਾਲੇ ਢਿੱਲੋਂ ਪਹਿਲੇ ਵਿਧਾਇਕ ਬਣਦੇ ਅਤੇ ਕਮਲ ਦਾ ਫੁੱਲ ਜਰੂਰ ਖਿੜਦਾ ਇਹ ਵਿਚਾਰ ਭਾਜਪਾ ਦੇ ਹਲਕਾ ਭਦੌੜ ਦੇ ਇੰਚਾਰਜ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਪ੍ਰੈਸ ਦੇ ਨਾਂ ਇਕ ਪ੍ਰੈਸ ਨੋਟ ਜਾਰੀ ਕਰਦਿਆਂ ਪ੍ਰਗਟ ਕੀਤੇ ਸਿੱਧੂ ਨੇ ਕਿਹਾ ਢਿੱਲੋਂ ਸਾਹਿਬ ਨੇ ਚੋਣਾਂ ਦੌਰਾਨ ਲੋਕਲ ਨੇਤਾਵਾਂ ਵਿਚ ਭਾਜਪਾ ਦੇ ਵੱਡੇ ਆਗੂ ਸ੍ਰ ਹਰਜੀਤ ਸਿੰਘ ਗਰੇਵਾਲ ਸ੍ਰੀ ਅਰਵਿੰਦ ਖੰਨਾ ਜਿੰਨਾ ਨੇ ਪਿੱਛਲੀ ਲੋਕ ਸਭਾ ਚੋਣ ਦੌਰਾਨ ਬਰਨਾਲਾ ਸੀਟ ਤੋਂ ਤਕਰੀਬਨ 20 ਹਜਾਰ ਵੋਟ ਹਾਸਲ ਕੀਤੀ ਸੀ,ਜੱਥੇਦਾਰ ਸੁਖਵੰਤ ਸਿੰਘ ਧਨੌਲਾ ਸੀਨੀਅਰ ਭਾਜਪਾ ਆਗੂ ਦਰਸ਼ਨ ਸਿੰਘ ਨੈਣੇਵਾਲ ਸੂਬਾ ਪ੍ਰਧਾਨ ਭਾਜਪਾ ਕਿਸਾਨ ਮੋਰਚਾ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਭਾਜਪਾ ਹਲਕਾ ਇੰਚਾਰਜ ਭਦੌੜ ਗੁਰਮੀਤ ਸਿੰਘ ਬਾਵਾ ਸਾਬਕਾ ਜਿਲਾ ਪ੍ਰਧਾਨ ਭਾਜਪਾ ਗੁਰਦਰਸ਼ਨ ਬਰਾੜ ਹਰਿਦਰ ਸਿੱਧੂ ਪਰਵੀਨ ਬਾਂਸਲ ਧੀਰਜ ਕੁਮਾਰ ਦੱਧਾਹੂਰ ਹਲਕਾ ਇੰਚਾਰਜ ਬਰਨਾਲਾ ਆਦਿ ਦੇ ਨਾਮ ਜਿਕਰਯੋਗ ਹਨ ਜਿਨਾ ਨੂੰ ਸ੍ਰ ਕੇਵਲ ਸਿੰਘ ਢਿੱਲੋਂ ਨੇ ਆਪਣੀ ਨਿੱਜੀ ਟੀਮ ਦੀ ਸਲਾਹ ਤੇ ਮੁਕੰਮਲ ਤੌਰ ਤੇ ਅੱਖੋ ਪਰੋਖੇ ਕੀਤਾ ਨਹੀਂ ਤਾਂ ਇੰਨਾ ਲੋਕਲ ਲੀਡਰਾਂ ਦੀ ਮੱਦਦ ਨਾਲ ਸੀਟ ਜਿੱਤਣ ਲਈ ਲੋੜੀਂਦੀ 5,6 ਹਜਾਰ ਵੋਟ ਹੋਰ ਲੈਣੀ ਕੋਈ ਵੱਡੀ ਗੱਲ ਨਹੀਂ ਸੀ ਮਾੜੇ ਸਲਾਹਿਆ ਕਾਰਨ ਢਿੱਲੋਂ ਸਾਹਿਬ ਨੇ ਇਹ ਸੀਟ ਪਰੋਸ ਕੇ ਕਾਂਗਰਸ ਦੀ ਝੋਲੀ ਵਿੱਚ ਪਾਂ ਦਿੱਤੀ ।

# ਲੇਲੇਵਾਲਾ ਵਿਖੇ ਲੱਗਿਆ ਕਿਸਾਨ ਮੋਰਚਾ 13 ਤੱਕ ਮੁਲਤਵੀ, ਗ੍ਰਿਫਤਾਰ ਕੀਤੇ ਕਿਸਾਨਾਂ ਨੂੰ ਕੀਤਾ ਰਿਹਾਅ






**ਤਲਵੰਡੀ ਸਾਬੋ, 5 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਬਿਨਾਂ ਮੁਆਵਜ਼ਾ ਦਿੱਤੇ ਧੱਕੇ ਨਾਲ ਗੈਸ ਪਾਈਪ ਲਾਈਨ ਦਾ ਕੰਮ ਚਲਾਉਣ ਦੇ ਵਿਰੁੱਧ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਚੱਲ ਰਹੇ ਮੋਰਚੇ ਦੌਰਾਨ ਕੱਲ ਕੋਈ ਗੱਲ ਸਿਰੇ ਨਾ ਲੱਗਣ ਕਾਰਨ ਕੱਲ੍ਹ ਐਲਾਨ ਕੀਤਾ ਸੀ ਕਿ ਕੱਲ ਨੂੰ ਸੂਬਾ ਪੱਧਰਾ ਇਕੱਠ ਕੀਤਾ ਜਾਵੇਗਾ। ਇਸ ਦੌਰਾਨ ਅਧਿਕਾਰੀਆਂ ਨੇ ਅੱਜ 10 ਵਜੇ ਮੀਟਿੰਗ ਦਾ ਸਮਾਂ ਵੀ ਦਿੱਤਾ ਹੋਇਆ ਸੀ ਜਿਸ ਤੋਂ ਪਹਿਲਾਂ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਨੂੰ ਰਿਹਾਅ ਕਰ ਦਿੱਤਾ ਗਿਆ ਸੀ ਤੇ ਉਹਨਾਂ ਦਾ ਜਬਤ ਕੀਤਾ ਗਿਆ ਸਮਾਨ ਵੀ ਵਾਪਸ ਕਰ ਦਿੱਤਾ ਸੀ। ਪਰ ਮੀਟਿੰਗ ਦਾ ਸਮਾਂ ਦੇਣ ਦੇ ਬਾਵਜੂਦ ਵੀ ਰਾਤ ਨੂੰ ਲੇਲੇਵਾਲਾ ਮੋਰਚੇ 'ਚ ਆ ਰਹੇ ਕਿਸਾਨਾਂ ਨੂੰ ਘੇਰ ਕੇ ਉਹਨਾਂ ਨੂੰ ਗ੍ਰਿਫਤਾਰ ਕੀਤਾ ਗਿਆ, ਬੁਰੀ ਤਰ੍ਹਾਂ ਕੁੱਟਿਆ ਗਿਆ ਤੇ ਉਹਨਾਂ ਦੇ ਵਹੀਕਲਾਂ ਦੀ ਭੰਨ੍ਹਤੋੜ ਕਰ ਦਿੱਤੀ ਗਈ। ਇਸ ਦੇ ਬਾਵਜੂਦ ਵੀ ਅੱਜ ਲੇਲੇਵਾਲਾ ਵਿਖੇ ਹੋਏ ਸੂਬਾ ਪੱਧਰੇ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ, ਸੂਬਾ ਆਗੂ ਰੂਪ ਸਿੰਘ ਛੰਨਾ, ਜਿਲਾ ਬਠਿੰਡਾ ਦੇ ਜਰਨਲ ਸਕੱਤਰ ਹਰਜਿੰਦਰ ਸਿੰਘ ਬੱਗੀ ਅਤੇ ਔਰਤ ਜਥੇਬੰਦੀ ਦੇ ਆਗੂ ਹਰਿੰਦਰ ਬਿੰਦੂ ਅਤੇ ਕਮਲਪ੍ਰੀਤ ਕੌਰ ਬਰਨਾਲਾ ਨੇ ਕਿਹਾ ਕਿ ਬਠਿੰਡਾ ਜਿਲੇ ਦਾ ਡਿਪਟੀ ਕਮਿਸ਼ਨਰ ਝੂਠ ਮਾਰ ਰਿਹਾ ਹੈ ਕਿ ਕਿਸਾਨਾਂ ਦੇ ਮੁਆਵਜ਼ੇ ਦਾ ਤਾਂ ਕੋਈ ਇਸ਼ੂ ਨਹੀਂ ਹੈ ਪਰ ਅੱਜ ਕਿਸਾਨਾਂ ਨੇ ਆ ਕੇ ਦੱਸਿਆ ਕਿ ਸਿਰਫ ਲੇਲੇਵਾਲਾ ਦੇ 30 ਕਿਸਾਨਾਂ ਨੂੰ ਹਾਲੇ ਤੱਕ ਮੁਆਵਜੇ ਦਾ ਕੋਈ ਇਕ ਰੁਪਿਆ ਵੀ ਨਹੀਂ ਦਿੱਤਾ ਗਿਆ ਜਦੋਂ ਕਿ ਧੱਕੇ ਦੇ ਜ਼ੋਰ ਕੰਮ ਚਲਾਉਣ ਲਈ ਪੁਲਿਸ ਦੀਆਂ ਧਾੜਾਂ ਚਾੜੀਆਂ ਹੋਈਆਂ ਹਨ। ਉਹਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਦੀ ਹਾਜ਼ਰੀ ਵਿੱਚ 15 ਮਈ 2023 ਨੂੰ ਗੈਸ ਕੰਪਨੀ ਪਾਈਪ ਲਾਈਨ ਕੰਪਨੀ ਦੇ ਅਧਿਕਾਰੀਆਂ ਵੱਲੋਂ ਲਿਖਤੀ ਸਮਝੌਤਾ ਕੀਤਾ ਹੋਇਆ ਹੈ ਕਿ ਸਾਰੇ ਕਿਸਾਨਾਂ ਨੂੰ 24 ਲੱਖ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਨਾਲ ਮੁਆਵਜ਼ਾ ਦਿੱਤਾ ਜਾਵੇਗਾ ਜਿਸ ਨੂੰ ਲਗਭਗ 30% ਕਿਸਾਨਾਂ ਨੂੰ 24 ਲੱਖ ਰੁਪਿਆ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦੇ ਕੇ ਲਾਗੂ ਵੀ ਕਰ ਦਿੱਤਾ ਗਿਆ ਹੈ। ਪਰ ਬਾਕੀ ਰਹਿੰਦੇ ਕਿਸਾਨਾਂ ਨੂੰ ਡੇਢ ਸਾਲ ਤੋਂ ਲਮਕਾਇਆ ਜਾ ਰਿਹਾ ਹੈ ਅਤੇ ਪੁਲਿਸ ਦੇ ਜ਼ੋਰ ਜਬਰੀ ਪਾਈਪ ਲਾਈਨ ਪਾਉਣ ਦਾ ਕੰਮ ਚਲਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨਾਂ ਦੀ ਤਸੱਲੀ ਮੁਤਾਬਕ ਮੁਆਵਜਾ ਦਿੱਤੇ ਬਿਨਾਂ ਗੈਸ ਪਾਈਪ ਲਾਈਨ ਦਾ ਕੰਮ ਚੱਲਣ ਨਹੀਂ ਦਿੱਤਾ ਜਾਵੇਗਾ। ਪ੍ਰਸ਼ਾਸਨ ਵੱਲੋਂ ਅੱਜ ਫਿਰ ਸਾਰੇ ਕਿਸਾਨਾਂ ਨੂੰ ਰਿਹਾਅ ਕਰਨ ਅਤੇ ਜਬਤ ਕੀਤਾ ਸਮਾਨ ਦੇਣ ਤੋਂ ਬਾਅਦ ਦੁਪਹਿਰ ਤੋਂ ਬਾਅਦ ਕਿਸਾਨ ਆਗੂਆਂ ਨਾਲ ਉੱਚ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਮੀਟਿੰਗ ਚੱਲੀ ਜਿਸ ਵਿੱਚ ਫੈਸਲਾ ਹੋਇਆ ਕਿ 13 ਦਸੰਬਰ ਤੱਕ ਕੰਪਨੀ ਵੱਲੋਂ ਗੈਸ ਪਾਈਪ ਲਾਈਨ ਤੇ ਕੰਮ ਬੰਦ ਰੱਖਿਆ ਜਾਵੇਗਾ ਅਤੇ 13 ਤਰੀਕ ਨੂੰ ਮੁੜ ਦੁਬਾਰਾ ਮੀਟਿੰਗ ਹੋਵੇਗੀ। ਜਿਸ ਵਿੱਚ ਪਹਿਲਾਂ ਕੀਤੇ ਹੋਏ ਸਮਝੌਤੇ ਪੂਰਨ ਤੌਰ 'ਤੇ ਲਾਗੂ ਕਰਨ, ਸਰਕਾਰ ਅਤੇ ਪੁਲਿਸ ਵੱਲੋਂ ਕਿਸਾਨਾਂ ਦੀਆਂ ਗੱਡੀਆਂ ਤੇ ਹੋਰ ਸਮਾਨ ਦੀ ਕੀਤੀ ਭੰਨ ਤੋੜ ਦੀ ਭਰਪਾਈ ਅਤੇ ਪੁਲਿਸ ਕੇਸਾਂ ਦੀ ਵਾਪਸੀ ਸਬੰਧੀ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਜਿਹੜੇ ਕਿਸਾਨਾਂ ਨੂੰ ਪਹਿਲਾਂ ਥੋੜਾ ਮੁਆਵਜ਼ਾ ਦਿੱਤਾ ਹੈ ਉਹਨਾਂ ਪ੍ਰਤੀ ਅਧਿਕਾਰੀਆਂ ਨੇ ਕਿਹਾ ਕਿ ਉਹ ਸੰਬੰਧਤ ਕਿਸਾਨਾਂ ਤੋਂ ਕੋਰਟ ਵਿੱਚ ਕੇਸ ਪਵਾ ਦੇਣਗੇ। ਇਸ ਸਬੰਧੀ ਕਿਸਾਨ ਆਗੂਆਂ ਨੇ ਕਿਹਾ ਕਿ ਇਹ 13 ਤਰੀਕ ਨੂੰ ਕਾਨੂੰਨੀ ਮਾਹਰਾਂ ਨਾਲ ਰਾਇ ਕਰਕੇ ਵਿਚਾਰਿਆ ਜਾਵੇਗਾ। ਇਸ ਬਣੀ ਸਹਿਮਤੀ ਦਾ ਐਲਾਨ ਏਡੀਸੀ ਬਠਿੰਡਾ ਨੇ ਚੱਲ ਰਹੀ ਸਟੇਜ ਤੋਂ ਆ ਕੇ ਕੀਤਾ। ਅੱਜ ਦੀ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਬਠਿੰਡਾ, ਐਸਐਸਪੀ ਬਠਿੰਡਾ, ਗੈਸ ਪਾਈਪ ਲਾਈਨ ਦੇ ਉੱਚ ਅਧਿਕਾਰੀ ਅਤੇ ਕਾਨੂੰਨੀ ਮਾਹਰ ਅਤੇ ਕਿਸਾਨ ਜਥੇਬੰਦੀ ਦੇ ਆਗੂ ਸਾਮਲ ਸਨ। ਅਖੀਰ ਤੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਜੇਕਰ ਗੈਸ ਪਾਈਪ ਲਾਈਨ ਕੰਪਨੀ ਜਾਂ ਪ੍ਰਸ਼ਾਸਨ ਵੱਲੋਂ ਵਾਅਦਾ ਖਿਲਾਫ ਜਾਂ ਕਿਸੇ ਤਰ੍ਹਾਂ ਦਾ ਵਾਧਾ ਕੀਤਾ ਜਾਂਦਾ ਹੈ ਤਾਂ ਉਹ ਅਗਲੇ ਸੰਘਰਸ਼ ਲਈ ਤਿਆਰ ਰਹਿਣ। ਚੱਲ ਰਿਹਾ ਮੋਰਚਾ 13 ਦਸੰਬਰ ਤੱਕ ਮੁਲਤਵੀ ਕਰ ਦਿੱਤਾ ਹੈ।

## ਵਣਜਾਰੇ ਸਿੱਖ, ਲੁਬਾਣਾ ਸਿੱਖ ਅਤੇ ਸਿਕਲੀਗਰ ਆਦਿ ਜੋ ਸਿੱਖੀ ਦਾ ਅਨਿੱਖੜਵਾਂ ਅੰਗ, ਇਨ੍ਹਾਂ ਦੀ ਬਾਂਹ ਫੜਨ ਦੀ ਲੋੜ

# ਹਿੰਦੂ ਭਾਈਚਾਰਾ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਯਾਦ 'ਚ ਘਰਾਂ ਵਿੱਚ ਦੀਵੇ ਜਗਾਉਣ - ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ

☛ ਸਿੱਖ ਧਰਮ ਵਰਗਾ ਨਿਵੇਕਲਾ ਧਰਮ ਦੁਨੀਆ ਵਿੱਚ ਕਿਤੇ ਵੀ ਨਹੀਂ ਮਿਲੇਗਾ ☛ ਸਿੱਖ ਧਰਮ ਕਿਸੇ ਨਾਲ ਨਫ਼ਰਤ ਨਹੀਂ ਕਰਦਾ, ਨਫ਼ਰਤ ਦੂਈ ਦਵੈਤ ਦੀਆਂ ਕੰਧਾਂ ਸਿੱਖ ਧਰਮ ਨੇ ਕਦੇ ਵੀ ਨਹੀਂ ਉਸਾਰੀਆਂ ਹਨ











**ਚਾਂਦਨੀ ਚੌਂਕ ਦਿੱਲੀ/ਚੌਂਕ ਮਹਿਤਾ 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਨਿਮਰਤਾ ਸਹਿਤ ਹਿੰਦੂ ਭਾਈਚਾਰੇ ਦੇ ਵੀਰਾਂ ਨੂੰ ਕਿਹਾ ਕਿ ਅੱਜ ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਾਂ ਵਿੱਚ ਨਤਮਸਤਕ ਹੋਣ ਦਾ ਸਮਾਂ ਹੈ, ਉਹਨਾਂ ਦੀ ਯਾਦ ਮਨਾਉਣ ਦਾ ਸਮਾਂ ਹੈ ਅਤੇ ਤੁਹਾਡੇ ਦੇਵੀ ਦੇਵਤੇ ਤੁਹਾਡੇ ਇਸ਼ਟ ਤੁਹਾਡੇ 'ਤੇ ਤਾਂ ਹੀ ਪ੍ਰਸੰਨ ਹੋਣਗੇ ਜੇ ਤੁਹਾਡੇ ਘਰਾਂ ਵਿੱਚ ਧੰਨ ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਯਾਦ ਵਿੱਚ ਦੀਵੇ ਜਗੇਗਾ।

ਦਮਦਮੀ ਟਕਸਾਲ ਦੇ ਮੁਖੀ ਧੰਨ ਸ਼੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਮਹਾਰਾਜ ਦੇ 349 ਵੇਂ ਸ਼ਹੀਦੀ ਗੁਰਪੁਰਬ ਦਿਹਾੜੇ 'ਤੇ ਗੁਰਦੁਆਰਾ ਸ਼੍ਰੀ ਸੀਸ ਗੰਜ ਸਾਹਿਬ ਜੀ ਦਿੱਲੀ ਵਿਖੇ ਵਿਸ਼ੇਸ਼ ਸ਼ਹੀਦੀ ਸਮਾਗਮ ਦੌਰਾਨ ਗੁਰ ਇਤਿਹਾਸ ਚੋਂ ਸ਼ਹੀਦੀ ਪ੍ਰਸੰਗ ਦੀ ਕਥਾ ਸਰਵਨ ਕਰਾ ਰਹੇ ਸਨ। ਇਸ ਤੋਂ ਪਹਿਲਾਂ ਸੰਗਤਾਂ ਨਾਲ ਮਿਲ ਕੇ ਜਪੁਜੀ ਸਾਹਿਬ ਦਾ ਪਾਠ ਕੀਤਾ। ਦਮਦਮੀ ਟਕਸਾਲ ਦੇ ਮੁਖੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ 12 ਵੱਜ ਕੇ 25 ਮਿੰਟ 'ਤੇ ਹੋਈ ਸੀ, ਉਸ ਤੋਂ ਪਹਿਲਾਂ ਗੁਰੂ ਸਾਹਿਬ ਨੇ ਸ੍ਰੀ ਜਪੁਜੀ ਸਾਹਿਬ ਦਾ ਪਾਠ ਕੀਤਾ ਸੀ। ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਨੇ ਦੁਨੀਆ ਅੰਦਰ ਧਾਰਮਿਕ ਹੱਕਾਂ ਦੀ ਖ਼ਾਤਰ ਮਹਾਨ ਸ਼ਹਾਦਤ ਦਿੱਤੀ ਅਤੇ ਬਾਦਸ਼ਾਹ ਔਰੰਗਜ਼ੇਬ ਦੇ ਹਰ ਜ਼ੁਲਮ ਨੂੰ ਖਿੜੇ ਮੱਥੇ ਸਹਾਰਦਿਆਂ ਸ਼ਾਂਤੀ ਨਾਲ ਹਿੰਦੂ ਧਰਮ ਦੀ ਰੱਖਿਆ




ਲਈ ਮਹਾਨ ਸ਼ਹਾਦਤ ਦਿੱਤੀ। ਉਹਨਾਂ ਕਿਹਾ ਕਿ ਦਸਮੇਸ਼ ਪਿਤਾ ਨੇ ਵੀ ਕਿਹਾ ਹੈ ਕਿ ਕਲਯੁਗ ਵਿੱਚ ਇੰਨਾ ਵੱਡਾ ਸਾਕਾ ਕਦੀ ਨਹੀਂ ਦੇਖਿਆ ਗਿਆ। ਉਹਨਾਂ ਕਿਹਾ ਕਿ ਕਿਸੇ ਵੀ ਪੀਰ, ਪੈਗੰ.ਬਰ, ਅਵਤਾਰ ਜਾਂ ਰਹਿਬਰ ਵੱਲੋਂ ਕਿਸੇ ਦੂਸਰੇ ਧਰਮ ਲਈ ਇੰਨੀ ਵੱਡੀ ਕੁਰਬਾਨੀ ਜਾਂ ਸ਼ਹਾਦਤ ਨਹੀਂ ਦਿੱਤੀ ਗਈ। ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਪ੍ਰਸੰਗ ਨੂੰ ਦੁਨੀਆ ਭਰ 'ਚ ਪਹੁੰਚਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਰਗਾ ਨਿਵੇਕਲਾ ਧਰਮ ਦੁਨੀਆ ਵਿੱਚ ਕਿਤੇ ਵੀ ਨਹੀਂ ਮਿਲੇਗਾ। ਖ਼ਾਲਸਾ ਰੱਬੀ ਮੌਜ ਤੋਂ ਪੈਦਾ ਹੋਇਆ ਹੈ, ਸਿੱਖੀ ਨੂੰ ਦੁਨੀਆ ਦੀ ਕੋਈ ਵੀ ਤਾਕਤ ਮੇਟ ਨਹੀਂ ਸਕੇਗੀ। ਸਿੱਖੀ ਜੁੱਗੋ ਜੁਗ ਰਹੇਗੀ ਤੇ ਨਿਸ਼ਾਨ ਸਾਹਿਬ ਝੂਲਦੇ ਰਹਿਣਗੇ। ਸਿੱਖ ਧਰਮ ਸਾਰੀ ਦੁਨੀਆ ਸਾਰੀ ਸ੍ਰਿਸ਼ਟੀ ਨੂੰ ਆਪਣੇ ਕਲਾਵੇ ਵਿੱਚ ਲੈਂਦਾ ਹੈ ਕਿਸੇ ਨਾਲ ਨਫ਼ਰਤ ਨਹੀਂ ਕਰਦਾ, ਨਫ਼ਰਤ ਦੂਈ ਦਵੈਤ ਦੀਆਂ ਕੰਧਾਂ ਸਿੱਖ ਧਰਮ ਨੇ ਕਦੇ ਵੀ ਨਹੀਂ ਉਸਾਰੀਆਂ ਹਨ। ਖ਼ਾਲਸੇ ਦੇ ਹੱਥ ਤਾਕਤ ਆਈ ਤਾਂ ਸਿੱਖਾਂ ਨੇ ਦੂਜਿਆਂ ਦੇ ਧਾਰਮਿਕ ਅਸਥਾਨਾਂ ਦਾ ਸਤਿਕਾਰ ਕੀਤਾ, ਬੇਕਦਰੀ ਕਦੀ ਨਹੀਂ ਕੀਤੀ। ਉਨ੍ਹਾਂ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਛੋਟੇ ਛੋਟੇ ਦੁਨਿਆਵੀ ਮਤਲਬ ਲਈ ਸਿੱਖੀ ਛੱਡਣ ਲੱਗਿਆਂ ਸਾਨੂੰ ਰੰਜਕ ਵੀ ਸ਼ਰਮ ਨਹੀਂ ਆਉਂਦੀ, ਪਰ ਵਣਜਾਰੇ ਸਿੱਖ, ਲੁਬਾਣਾ ਸਿੱਖ ਅਤੇ ਸਿਕਲੀਗਰ ਆਦਿ ਜੋ ਸਿੱਖੀ ਦਾ ਅਨਿੱਖੜਵਾਂ ਅੰਗ ਹਨ, ਜਿਨ੍ਹਾਂ ਨੇ ਸਿੱਖੀ ਬਦਲੇ ਆਪਣਾ ਰਾਜ ਭਾਗ ਗਵਾ ਦਿੱਤੇ ਹਨ। ਜਿਨ੍ਹਾਂ ਨੂੰ ਮੁਗ.ਲੀਆ ਹਕੂਮਤ ਨੇ ਬਰਬਾਦ ਕੀਤਾ ਅਤੇ ਇਨ੍ਹਾਂ ਲੋਕਾਂ ਨੂੰ ਜੰਗਲ ਬੇਲਿਆਂ ਵਿੱਚ ਸਮਾਂ ਗੁਜ਼ਾਰਨਾ ਪਿਆ। ਅਸਲ ਚ ਇਹ ਵੱਡੇ ਵਪਾਰੀ ਸਨ ਪਰ ਅੱਜ ਸਿੱਖੀ ਬਦਲੇ ਕੰਗਾਲਾਂ ਵਾਂਗ ਬਤੀਤ ਕਰ ਰਹੇ ਹਨ। ਅੱਜ ਵੀ ਇਹ ਟੱਪਰੀਵਾਸ ਬਣੇ ਨਾਨਕ ਪੰਥੀ ਅਖਵਾ ਰਹੇ ਹਨ । ਇਹ ਗ.ਰੀਬ ਸਿੱਖ ਭਾਰਤ ਵਿੱਚ ਜਿੱਥੇ ਵੀ ਬੈਠੇ ਹਨ ਗ.ਰੀਬੀ ਰੇਖਾ ਤੋਂ ਹੇਠਾਂ ਜੀਵਨ ਗੁਜ਼ਾਰ ਲਈ ਮਜਬੂਰ ਹਨ। ਜਿਨ੍ਹਾਂ ਦੀ ਮੱਧ ਪ੍ਰਦੇਸ਼ ਅਤੇ ਮਹਾਰਾਸ਼ਟਰ ਵਿੱਚ ਗਿਣਤੀ ਕਰੋੜਾਂ ਵਿੱਚ ਹੈ। ਇਹਨਾਂ ਲੋਕਾਂ ਦੀ ਬਾਂਹ ਫੜਨ ਦੀ ਲੋੜ ਹੈ। ਉਹਨਾਂ ਕਿਹਾ ਕਿ ਖ਼ਾਲਸੇ ਦੀ ਜ਼ੁਲਮ ਨਾਲ ਟੱਕਰ ਰਹੀ ਅਤੇ ਰਹੇਗੀ ਉਹਨਾਂ ਬਚਿਆਂ ਨੂੰ ਗੁਰਸਿੱਖੀ ਅਤੇ ਵਿਰਸੇ ਨਾਲ ਜੋੜੀ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਉਹਨਾਂ ਸੰਗਤ ਨੂੰ ਅੰਮ੍ਰਿਤਧਾਰੀ ਹੋਣ ਅਤੇ ਗੁਰਸਿੱਖੀ 'ਚ ਪਰਪੱਕ ਹੋਣ ਲਈ ਪ੍ਰੇਰਿਆ। ਇਸ ਤੋਂ ਪਹਿਲਾਂ ਉਹਨਾਂ ਗੁਰਦਵਾਰਾ ਸੀਸਗੰਜ ਸਾਹਿਬ ਤੋਂ ਗੁਰਦਵਾਰਾ ਰਕਾਬਗੰਜ ਤਕ ਦੇ ਨਗਰ ਕੀਰਤਨ ਦੀ ਆਰੰਭਤਾ ਮੌਕੇ ਹਿੱਸਾ ਲਿਆ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼੍ਰੋਮਣੀ ਕਮੇਟੀ ਵੱਲੋਂ ਬਰਖ਼ਾਸਤ ਕੀਤੇ ਪੰਜ ਪਿਆਰਿਆਂ ਦੇ ਮੁੱਦੇ ਨੂੰ ਵਿਚਾਰਨ ਜਥੇਦਾਰ

# ਮਾਣ-ਸਨਮਾਨ ਤੇ ਸੇਵਾਵਾਂ ਬਹਾਲ ਕੀਤੀਆਂ ਜਾਣ : ਪੰਥਕ ਜਥੇਬੰਦੀਆਂ





**ਅੰਮ੍ਰਿਤਸਰ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਪੰਥਕ ਜਥੇਬੰਦੀਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਰਖ਼ਾਸਤ ਕੀਤੇ ਪੰਜ ਪਿਆਰੇ ਸਿੰਘਾਂ ਦੇ ਹੱਕ 'ਚ ਆਵਾਜ਼ ਬੁਲੰਦ ਕੀਤੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਪੱਤਰ ਵੀ ਲਿਖਿਆ। ਸ੍ਰੀ ਦਰਬਾਰ ਸਾਹਿਬ ਦੇ ਮੁੱਖ ਇਨਫਰਮੇਸ਼ਨ ਦਫ਼ਤਰ ਦੇ ਬਾਹਰ ਪੱਤਰਕਾਰਾਂ ਨੂੰ ਸੰਬੋਧਨ ਹੁੰਦਿਆਂ ਬਾਪੂ ਗੁਰਚਰਨ ਸਿੰਘ ਪਟਿਆਲਾ, ਪ੍ਰੋਫੈਸਰ ਬਲਜਿੰਦਰ ਸਿੰਘ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਜਥਾ ਸਿਰਲੱਥ ਖਾਲਸਾ ਦੇ ਜਥੇਦਾਰ ਭਾਈ ਦਿਲਬਾਗ ਸਿੰਘ ਸੁਲਤਾਨਵਿੰਡ, ਵੰਗਾਰ ਮੈਗਜ਼ੀਨ ਦੇ ਸੰਪਾਦਕ ਭਾਈ ਬਲਜੀਤ ਸਿੰਘ

International Newspaper & WEB TV

ਖ਼ਾਲਸਾ, ਸ਼ਹੀਦ ਭਾਈ ਧਰਮ ਸਿੰਘ ਖ਼ਾਲਸਾ ਟਰੱਸਟ ਦੇ ਸੰਚਾਲਕ ਬੀਬੀ ਸੰਦੀਪ ਕੌਰ ਅਤੇ ਡਾ. ਪ੍ਰੋਫੈਸਰ ਸੁਖਦੇਵ ਸਿੰਘ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸ਼ਾਨ ਨੂੰ ਸਿਆਸੀ ਦਖ਼ਲ-ਅੰਦਾਜ਼ੀ ਕਾਰਨ ਅਤੇ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਵੱਲੋਂ ਖ਼ਾਲਸਾ ਜੁਗਤ ਨੂੰ ਨਜ਼ਰ-ਅੰਦਾਜ਼ ਕਰਨ ਕਾਰਨ ਢਾਹ ਲੱਗੀ ਸੀ। ਹਾਲ ਹੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਜਿਸ ਦ੍ਰਿੜ੍ਹਤਾ ਨਾਲ਼ ਫ਼ੈਸਲੇ ਲਏ ਗਏ ਹਨ ਉਹ ਯਕੀਨਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਰੁਤਬੇ ਵਿੱਚ ਵਾਧਾ ਕਰਨ ਲਈ ਭਵਿੱਖ ਵਿੱਚ ਸਹਾਈ ਹੋਣਗੇ। ਅਸੀਂ ਸ਼ਲਾਘਾ ਕਰਦੇ ਹਾਂ ਕਿ ਪੰਥਕ ਜੁਗਤ ਦਾ ਲਿਸ਼ਕਾਰਾ ਕੁਝ ਹੱਦ ਤੱਕ ਦੇਖਣ ਨੂੰ ਮਿਲ਼ਿਆ ਹੈ। ਸਾਲ 2015 ਦੌਰਾਨ ਵਾਪਰੀਆਂ ਗੁਰੂ ਗ੍ਰੰਥ ਅਤੇ ਗੁਰੂ ਪੰਥ ਵਿਰੋਧੀ ਦੋਸ਼ਾਂ ਦੀ ਜ਼ਿੰਮੇਵਾਰੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਸੁਖਬੀਰ ਸਿੰਘ ਬਾਦਲ ਨੇ ਸਵੀਕਾਰ ਕੀਤੀਆਂ ਸਨ। ਇਸ ਦੇ ਨਾਲ਼ ਹੀ ਤਤਕਾਲੀ ਜਥੇਦਾਰਾਂ ਨੂੰ ਵੀ ਦੋਸ਼ੀ ਸਮਝਦੇ ਹੋਏ ਉਨ੍ਹਾਂ ਦੇ ਖ਼ਿਲਾਫ਼ ਕਾਰਵਾਈ ਕਰਨ ਲਈ ਸ਼੍ਰੋਮਣੀ ਕਮੇਟੀ ਨੂੰ ਹਦਾਇਤਾਂ ਦਿੱਤੀਆਂ ਗਈਆਂ ਸਨ।

ਜਥੇਦਾਰ ਜੀ ਆਪ ਜੀ ਨੂੰ ਯਾਦ ਕਰਵਾਇਆ ਜਾਂਦਾ ਹੈ ਕਿ ਉਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅੰਮ੍ਰਿਤ ਸੰਚਾਰ ਜਥੇ ਦੇ ਸਿੰਘਾਂ ਜਿਨ੍ਹਾਂ ਵਿੱਚ ਭਾਈ ਸਤਨਾਮ ਸਿੰਘ (ਖੰਡਾ), ਭਾਈ ਸਤਨਾਮ ਸਿੰਘ ਝੰਜੀਆਂ ਅਤੇ ਸਾਥੀ ਸ਼ਾਮਲ ਹਨ, ਨੇ ਪੰਥਕ ਜੁਗਤ ਤੇ ਪਹਿਰਾ ਦੇਂਦੇ ਹੋਏ ਤਤਕਾਲੀ ਜਥੇਦਾਰਾਂ ਕੋਲ਼ੋਂ ਸਪੱਸ਼ਟੀਕਰਨ ਮੰਗਿਆ ਸੀ। ਸਿਆਸੀ ਦਬਾਅ ਹੇਠ ਕੰਮ ਕਰਦੇ ਹੋਏ ਸ਼੍ਰੋਮਣੀ ਕਮੇਟੀ ਨੇ ਇਨ੍ਹਾਂ ਪੰਜ ਸਿੰਘਾ ਨੂੰ 1 ਜਨਵਰੀ 2016 ਨੂੰ ਨੌਕਰੀਆਂ ਤੋਂ ਬਰਖ਼ਾਸਤ ਕਰ ਦਿੱਤਾ ਸੀ। ਹੁਣ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਆਏ ਫ਼ੈਸਲੇ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਨ੍ਹਾਂ ਨੂੰ ਨੌਕਰੀ ਤੋਂ ਕੱਢੇ ਜਾਣ ਦਾ ਫ਼ੈਸਲਾ ਗ਼ਲਤ ਸੀ। ਖ਼ਾਲਸਾ ਪੰਥ ਦੀਆਂ ਭਾਵਨਾਵਾਂ ਇਸ ਮੁੱਦੇ ਨਾਲ ਜੁੜੀਆਂ ਹੋਈਆਂ ਹਨ। ਇਸ ਲਈ ਇਹ ਜ਼ਰੂਰੀ ਬਣਦਾ ਹੈ ਇਨ੍ਹਾਂ ਪੰਜ ਸਿੰਘਾਂ ਦਾ ਮੁੱਦਾ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਵਿਚਾਰਨ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਨਿਰਦੇਸ਼ ਦਿੱਤੇ ਜਾਣ ਕਿ ਇਨ੍ਹਾਂ ਨੂੰ ਨੌਕਰੀਆਂ ਤੋਂ ਕੱਢੇ ਜਾਣ ਦਾ ਮਤਾ ਰੱਦ ਕਰਕੇ ਇਨ੍ਹਾਂ ਨੂੰ ਮੁੜ ਸਨਮਾਨ ਨਾਲ ਬਹਾਲ ਕੀਤਾ ਜਾਵੇ ਅਤੇ ਇਨ੍ਹਾਂ ਦੀਆਂ ਤਨਖ਼ਾਹਾਂ ਦਾ ਪਿਛਲਾ ਸਾਰਾ ਬਕਾਇਆ ਦਿੱਤਾ ਜਾਵੇ। ਪੰਥ ਦੇ ਵਡੇਰੇ ਹਿੱਤਾਂ ਅਤੇ ਨਿਰਪੱਖਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਆਪ ਜੀ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ ਇਸ ਬਾਰੇ ਜਲਦ ਫ਼ੈਸਲਾ ਲਿਆ ਜਾਵੇ। ਇਸ ਮੌਕੇ ਬਲਵਿੰਦਰ ਸਿੰਘ ਕਾਲਾ, ਕੁਲਵਿੰਦਰ ਕੌਰ ਖਾਲਸਾ, ਸੁਰਿੰਦਰ-ਪਾਲ ਸਿੰਘ, ਕੁਲਦੀਪ ਸਿੰਘ ਬਿੱਟੂ, ਗੁਰਜੰਟ ਸਿੰਘ ਪਟਿਆਲਾ, ਰਾਜ ਸਿੰਘ, ਨਰਿੰਦਰ ਸਿੰਘ, ਕ੍ਰਾਂਤੀ ਸਿੰਘ ਆਦਿ ਹਾਜ਼ਰ ਸਨ।

### ਦਲ ਖ਼ਾਲਸਾ ਵਲੋਂ ਸਿੱਖਾਂ ਉਤੇ ਜਬਰ/ਜ਼ੁਲਮ ਅਤੇ ਟਾਰਗਿਟ ਕਿਲਿੰਗ ਦੀ ਭਾਰਤੀ ਨੀਤੀ ਦਾ ਜੁਆਬ ਦੇਣ ਹਿਤ ਰਣਨੀਤੀ ਬਣਾਉਣ ਲਈ ਕੀਤੀ ਗਈ ਕਨਵੈਨਸ਼ਨ

# ਪੰਥਕ ਪਾਰਟੀਆਂ ਦੇ ਮੁਖੀਆਂ ਨੇ ਪੰਜਾਬ ਦੇ ਵਿਵਾਦਪੂਰਨ ਮੁੱਦਿਆਂ ਨੂੰ ਸੁਲਝਾਉਣ, ਚੁਣੌਤੀਆਂ ਦਾ ਸਾਹਮਣਾ ਕਰਨ, ਅਤੇ ਸਟੇਟ ਦੇ ਜਬਰ ਦਾ ਟਾਕਰਾ ਕਰਨ ਲਈ ਇੱਕ ਮਜ਼ਬੂਤ ਸਾਂਝਾ ਪਲੇਟਫਾਰਮ ਬਣਾਉਣ 'ਤੇ ਸਹਿਮਤੀ ਬਣਾਈ ਹੈ

**ਮੋਗਾ,5 ਦਸੰਬਰ ਆਵਾਜਿ ਕੌਮ ਬਿਊਰੋ ਰਿਪੋਰਟ - (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਪੰਥਕ ਆਗੂਆਂ ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤ ਸਰਕਾਰ ਦੇ ਖ਼ਾਲਿਸਤਾਨ ਸੰਘਰਸ਼ ਨਾਲ ਜੁੜੇ ਸਿੱਖਾਂ ਨੂੰ "ਅੱਤਵਾਦੀ" ਵਜੋਂ ਦਰਸਾਉਣ ਦੀ ਸਖ਼ਤ ਨਿਖੇਧੀ ਕੀਤੀ ਅਤੇ ਸਪੱਸ਼ਟ ਕੀਤਾ ਕਿ ਖ਼ਾਲਿਸਤਾਨੀ ਸਿੱਖ 'ਅੱਤਵਾਦੀ' ਨਹੀਂ ਹਨ। ਪੰਜਾਬ ਵਿੱਚ ਕੋਈ ਅੱਤਵਾਦ ਨਹੀਂ ਹੈ, ਇੱਥੋਂ ਦੇ ਲੋਕ ਹੱਕਾਂ ਅਤੇ ਨਿਆਂ ਲਈ ਲੜ ਰਹੇ ਹਨ ਅਤੇ ਇਹ ਅੰਦੋਲਨ ਪੰਜਾਬ ਦੇ ਲੋਕਾਂ ਦਾ ਪੰਜਾਬ ਦੀ ਪ੍ਰਭੂਸੱਤਾ ਅਤੇ

**ਦਲ ਖਾਲਸਾ ਦੇ ਸੀਨੀਅਰ ਆਗੂ ਕੰਵਰਪਾਲ ਸਿੰਘ ਨੇ ਸੰਘਰਸ਼ੀਲ ਜਥੇਬੰਦੀਆਂ ਅਤੇ ਪਾਰਟੀਆਂ ਨੂੰ ਇੱਕ ਪਲੇਟਫਾਰਮ 'ਤੇ ਲਿਆਉਣ ਲਈ ਹੁਰੀਅਤ ਕਾਨਫਰੰਸ ਦੀ ਤਰਜ 'ਤੇ ਪੰਥਕ ਏਕੇ ਦਾ ਮਾਡਲ ਦਾ ਪ੍ਰਸਤਾਵ ਪੇਸ਼ ਕੀਤਾ**

ਆਜ਼ਾਦੀ ਲਈ ਪੰਜਾਬੀਆਂ ਵਲੋਂ ਲੜਿਆ ਜਾ ਰਿਹਾ ਹੈ। ਕਨਵੈਨਸ਼ਨ ਦੇ ਪ੍ਰਬੰਧਕਾਂ ਨੇ ਭਾਰਤ ਦੀ ਖ਼ੁਫੀਆ ਏਜੰਸੀ ਅਤੇ ਸੁਰੱਖਿਆ ਬਲਾਂ ਦੁਆਰਾ ਵਿਦੇਸ਼ਾਂ ਵਿੱਚ ਕੀਤੇ ਗਏ ਗੈਰ-ਨਿਆਇਕ ਕਤਲਾਂ ਦੀ ਅੰਤਰਰਾਸ਼ਟਰੀ ਜਾਂਚ ਦੀ ਮੰਗ ਕੀਤੀ। ਨਾਲ ਹੀ ਕੈਨੇਡਾ ਸਰਕਾਰ ਦਾ ਭਾਰਤ ਸਰਕਾਰ 'ਤੇ ਅਪਰਾਧਿਕ ਗਤੀਵਿਧੀਆਂ ਲਈ ਬਦਨਾਮ ਗੈਂਗਸਟਰਾਂ ਦੀ ਵਰਤੋਂ ਕਰਨ

International Newspaper & WEB TV

ਅਤੇ ਖ਼ਾਲਿਸਤਾਨੀ ਸਿੱਖ ਨੂੰ ਟਾਰਗੇਟ ਕਰਨ ਦੇ ਲਾਏ ਦੋਸ਼ ਗੰਭੀਰ ਦੀ ਵੀ ਅੰਤਰਰਾਸ਼ਟਰੀ ਜਾਂਚ ਦੀ ਮੰਗ ਕੀਤੀ। ਦਲ ਖਾਲਸਾ ਵਲੋਂ ਹਰਪਾਲ ਸਿੰਘ ਚੀਮਾ, ਹਰਚਰਨਜੀਤ ਸਿੰਘ ਧਾਮੀ, ਕੰਵਰਪਾਲ ਸਿੰਘ, ਪਰਮਜੀਤ ਸਿੰਘ ਮੰਡ, ਪਰਮਜੀਤ ਸਿੰਘ ਟਾਂਡਾ, ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਮ੍ਰਿਤਸਰ , ਭਾਈ ਜਸਬੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ, ਜਥੇਦਾਰ ਕਰਨੈਲ ਸਿੰਘ ਪੰਜੋਲੀ , ਭਾਈ ਗੁਰਪ੍ਰਤਾਪ ਸਿੰਘ ਵਡਾਲਾ ਸੁਧਾਰ ਲਹਿਰ ਆਗ, ਗੁਰਦੀਪ ਸਿੰਘ ਬਠਿਂਡਾ ਪ੍ਰਧਾਨ ਸ਼ੇਰੇ ਪੰਜਾਬ ਅਕਾਲੀ ਦਲ, ਬਾਪੂ ਗੁਰਚਰਨ ਸਿੰਘ ਧਰਮ ਪਿਤਾ ਭਾਈ ਜਗਤਾਰ ਸਿੰਘ ਹਵਾਰਾ , ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਪਰਮਜੀਤ ਸਿੰਘ ਗਾਜੀ ਸੰਪਾਦਕ ਸਿੱਖ ਸਿਆਸਤ ਅਤੇ ਵੱਡੀ ਗਿਣਤੀ ਵਿੱਚ ਆਗੂਆਂ ਨੇ ਸ਼ਿਰਕਤ ਕੀਤੀ।

**ਕਨਵੈਨਸ਼ਨ ਵਿੱਚ ਹੇਠ ਲਿਖੇ ਮਤੇ ਪਾਸ ਕੀਤੇ ਗਏ**

ਸਿੱਖ ਕਈ ਫਰੰਟਾਂ 'ਤੇ ਭਾਰਤੀ ਸ਼ਾਸਕਾਂ ਦੇ ਹਮਲਿਆਂ ਦਾ ਸਾਹਮਣਾ ਕਰ ਰਹੇ ਹਨ। ਪੰਥ ਦੀ ਜੁਝਾਰੂ ਸੋਚ ਅਤੇ ਸੁਹਿਰਦ ਅਵਾਜ਼ਾਂ ਨੂੰ ਸ਼ਾਂਤ ਕਰਨ ਲਈ, ਹੁਕਮਰਾਨਾਂ ਨੇ ਨਾ ਸਿਰਫ਼ ਆਪਣੀਆਂ ਹੱਦਾਂ ਅੰਦਰ ਸਗੋਂ ਇਸ ਤੋਂ ਬਾਹਰ ਜਾ ਕੇ ਗੈਰ-ਨਿਆਇਕ ਤਰੀਕਿਆਂ ਨਾਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਦੀ ਨੀਤੀ ਅਪਣਾ ਰੱਖੀ ਹੈ। ਬੇਅਦਬੀ ਦੀਆਂ ਘਟਨਾਵਾਂ ਦਾ ਕੋਈ ਅੰਤ ਨਹੀਂ ਦਿਸ ਰਿਹਾ, ਕਿਸਾਨ ਹੱਕ ਲੈਣ ਲਈ ਸੜਕਾਂ 'ਤੇ ਖ਼ਜਲ-ਖੁਆਰ ਹੋਣ ਲਈ ਮਜਬੂਰ ਹਨ, ਜ਼ਮੀਰ ਦੇ ਕੈਦੀ ਸਜ਼ਾ ਦੀ ਮਿਆਦ ਤੋਂ ਵੱਧ ਜੇਲ੍ਹਾਂ ਵਿੱਚ ਜਬਰੀ ਡੱਕ ਕੇ ਰੱਖ ਹੋਏ ਹਨ, ਪਰਵਾਸੀਆਂ ਦੀ ਧੜਾਧੜ ਆਮਦ ਜਨਸੰਖਿਆ ਨੂੰ ਵਿਗਾੜਨ ਦੀ ਸਾਜ਼ਿਸ਼ ਦਾ ਸਿੱਟਾ ਹੈ ਅਤੇ ਸਿੱਖਾਂ ਦੇ ਅੰਦਰੂਨੀ ਮਾਮਲਿਆਂ ਵਿੱਚ ਸਟੇਟ ਦੀ ਦਖਲਅੰਦਾਜ਼ੀ ਕਈ ਗੁਣਾ ਵੱਧ ਚੁੱਕੀ ਹੈ। ਇਤਿਹਾਸ ਦੇ ਮੌਜੂਦਾ ਦੌਰ ਵਿੱਚ ਧਰਮ ਯੁੱਧ ਮੋਰਚੇ ਤੋਂ ਲੈ ਕੇ ਅੱਜ








ਤੱਕ ਸਿੱਖ ਆਪਣੇ ਸ਼ਬਦ ਗੁਰੂ ਦੇ ਸਿਧਾਂਤ, ਨਿਆਰੀ ਹੋਂਦ-ਹਸਤੀ ਅਤੇ ਪੰਜਾਬ ਦੇ ਹੱਕਾਂ ਲਈ ਲੜਦੇ ਆ ਰਹੇ ਹਨ। ਹੱਕ ਮਿਲਣੇ ਤਾਂ ਕੀ ਸੀ ਜੋ ਥੋੜੇ ਬਹੁਤ ਸਨ, ਉਹ ਵੀ ਖੋਹ ਲਏ ਗਏ। ਭਾਰਤ ਦੇ ਰਾਜਸੀ ਸਿਸਟਮ ਦਾ ਮੁਕੰਮਲ ਹਿੰਦੂਕਰਨ ਅਤੇ ਕੇਂਦਰੀਕਰਨ ਹੋ ਚੁੱਕਾ ਹੈ। ਇੱਕ ਸੱਚੇ ਸੰਤ-ਸਿਪਾਹੀ ਵਜੋਂ, ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਅਤੇ ਬਹੁਤ ਸਾਰੇ ਸਿੱਖ ਅਜ਼ਾਦੀ-ਪਸੰਦ ਨਾਇਕਾਂ ਨੇ ਆਪਣੇ ਧਾਰਮਿਕ ਫਰਜ਼ਾਂ ਦੀ ਪੂਰਤੀ ਦੌਰਾਨ ਸ਼ਹਾਦਤ ਨੂੰ ਗਲ ਲਾਇਆ ਹੈ। ਜੂਨ 1984 'ਚ ਦਰਬਾਰ ਸਾਹਿਬ 'ਤੇ ਹੋਏ ਭਾਰਤੀ ਹਮਲੇ ਦੌਰਾਨ ਸੰਤ ਭੰਡਰਾਂਵਾਲੇ ਅਤੇ ਸਾਥੀਆਂ ਦੀ ਸ਼ਹਾਦਤ ਤੋਂ ਲੈ ਕੇ ਪਾਕਿਸਤਾਨ 'ਚ ਪਰਮਜੀਤ ਸਿੰਘ ਪੰਜਵੜ ਅਤੇ ਕੈਨੇਡਾ ਦੀ ਧਰਤੀ 'ਤੇ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਤੱਕ ਬੇਅੰਤ ਸ਼ਹਾਦਤਾਂ ਸਿੱਖ ਪੰਥ ਦੀ ਝੋਲੀ 'ਚ ਪੈ ਚੁੱਕੀਆਂ ਹਨ। ਅੱਜ ਦੀ ਇਕੱਤਰਤਾ ਨੇ ਸਿੱਖ ਕੌਮ ਨੂੰ ਸਿੱਖ ਗੁਰੂ ਸਾਹਿਬਾਨ ਦੇ ਫਲਸਫੇ ਅਤੇ ਸਿਧਾਂਤਾਂ ਦੀ ਰੌਸ਼ਨੀ ਵਿੱਚ ਆਪਣੀ ਭਵਿੱਖ ਦੀਆਂ ਤਰਜੀਹਾਂ ਨਿਰਧਾਰਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਪੰਥਕ ਏਕਤਾ ਅਤੇ ਮਕਸਦ ਪ੍ਰਤੀ ਸਪਸ਼ਟਤਾ ਅਤੇ ਦ੍ਰਿੜ੍ਹਤਾ ਦੀ ਲੋੜ ਸਾਰੇ ਮਹਿਸੂਸ ਕਰਦੇ ਹਨ ਕਿਉਂਕਿ ਕੌਮ ਨੂੰ ਦਰਪੇਸ਼ ਚੁਣੌਤੀਆਂ ਦਾ ਹੱਲ ਇਸੇ ਵਿੱਚ ਪਿਆ ਹੈ। ਇਹ ਵੀ ਸਚਾਈ ਹੈ ਕਿ, ਸਿਧਾਂਤਾਂ ਅਤੇ ਉਦੇਸ਼ਾਂ ਤੋਂ ਰਹਿਤ, ਏਕਤਾ ਅਰਥਹੀਣ ਅਤੇ ਬੇਵਜ੍ਹਾ ਹੈ। ਗੁਰੂ ਗ੍ਰੰਥ ਅਤੇ ਗੁਰੂ ਪੰਥ ਨੂੰ ਸਮਰਪਿਤ ਜਥੇਬੰਦੀਆਂ ਅਤੇ ਪਾਰਟੀਆਂ ਜਿਨ੍ਹਾਂ ਦਾ ਟੀਚਾ ਅਤੇ ਮਿਸ਼ਨ ਇੱਕ ਹੈ, ਉਹਨਾਂ ਨੂੰ ਮਿਸਾਲ ਕਾਇਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਅੱਜ ਦਾ ਇਕੱਠ ਸਾਰੀਆਂ ਪੰਥਕ ਧਿਰਾਂ ਨੂੰ ਬੇਨਤੀ ਦੇ ਰੂਪ ਵਿੱਚ ਸੁਝਾਅ ਦੇਂਦਾ ਹੈ ਕਿ ਬੀਤੇ ਦੇ ਫੈਸਲਿਆਂ ਅਤੇ ਮੁੱਦਿਆਂ ਜਿਸ ਨਾਲ ਵਖਰੇਵੇਂ ਤੇ ਆਪਸੀ ਝਗੜੇ ਪੈਦਾ ਹੋਏ ਸਨ ਤੇ ਅੱਜ ਵੀ ਚੱਲੇ ਆ ਰਹੇ ਹਨ, ਨੂੰ ਪਬਲਿਕ ਅਤੇ ਮੀਡੀਆ ਵਿੱਚ ਨਾ-ਉਛਾਲਿਆ ਜਾਵੇ। ਪਿਛੋਕੜ ਦੀ ਹਰ ਉਹ ਗੱਲ ਜਿਸ ਨਾਲ ਸਿੱਖ ਸੰਘਰਸ਼ ਦਾ ਵਰਤਮਾਨ ਅਤੇ ਭਵਿੱਖ ਧੁੰਦਲਾ ਹੁੰਦਾ ਹੈ, ਉਸ ਨੂੰ ਨਜ਼ਰਅੰਦਾਜ਼ ਕਰਨਾ ਹੀ ਸਿਆਣਪ ਹੈ। ਅੱਜ ਦੇ ਇਕੱਠ ਦਾ ਮੰਨਣਾ ਹੈ ਕਿ ਅਨੰਦਪੁਰ ਸਾਹਿਬ ਮਤੇ ਤੋਂ ਲੈ ਕੇ ਖ਼ਾਲਸਤਾਨ ਵਿਚਾਰਧਾਰਾ ਤੱਕ, ਜੁਝਾਰੂ ਤਰੀਕਿਆਂ ਤੋਂ ਲੈ ਕੇ ਰਾਜਸੀ ਅੰਦੋਲਨ ਤੱਕ ਅਤੇ ਚੋਣ ਸਿਸਟਮ ਵਿੱਚ ਹਿੱਸਾ ਲੈਣ ਤੋਂ ਲੈ ਕੇ ਚੋਣਾਂ ਦਾ ਬਾਈਕਾਟ ਕਰਨ ਤੱਕ, ਪੰਥ ਅੰਦਰ ਬਹੁਤ ਸਾਰੇ ਵਿਚਾਰਧਾਰਕ ਰੰਗ ਮੌਜੂਦ ਹਨ ਜੋ ਆਪਣੇ-ਆਪਣੇ ਤਰੀਕਿਆਂ ਨਾਲ ਕੌਮੀ ਮਿਸ਼ਨ ਦੀ ਪੂਰਤੀ ਕਰਨ ਵਿੱਚ ਡਟੇ ਹੋਏ ਹਨ। ਇਹਨਾਂ ਵਖਰੇਵਿਆਂ ਵਿੱਚ ਵੀ ਸਾਡੀ ਨੇੜਤਾ ਪਈ ਹੈ। ਇਹ ਇਕੱਠ ਭਾਰਤ ਸਰਕਾਰ ਦੇ ਖ਼ਾਲਿਸਤਾਨ ਸੰਘਰਸ਼ ਨਾਲ ਜੁੜੇ ਸਿੱਖਾਂ ਨੂੰ "ਅੱਤਵਾਦੀ" ਵਜੋਂ ਦਰਸਾਉਣ ਦੀ ਸਖ਼ਤ ਨਿਖੇਧੀ ਕਰਦਾ ਹੈ। ਇਹ ਇਕੱਠ ਜ਼ੋਰਦਾਰ ਢੰਗ ਨਾਲ ਐਲਾਨ ਕਰਦਾ ਹੈ ਕਿ ਖ਼ਾਲਿਸਤਾਨੀ ਸਿੱਖ 'ਅੱਤਵਾਦੀ' ਨਹੀਂ ਹਨ। ਪੰਜਾਬ ਵਿੱਚ ਕੋਈ ਅੱਤਵਾਦ ਨਹੀਂ ਹੈ, ਇੱਥੋਂ ਦੇ ਲੋਕ ਹੱਕਾਂ ਅਤੇ ਨਿਆਂ ਲਈ ਲੜ ਰਹੇ ਹਨ ਅਤੇ ਇਹ ਅੰਦੋਲਨ ਪੰਜਾਬ ਦੇ ਲੋਕਾਂ ਦਾ ਪੰਜਾਬ ਦੀ ਪ੍ਰਭੂਸੱਤਾ ਅਤੇ ਆਜ਼ਾਦੀ ਲਈ ਪੰਜਾਬੀਆਂ ਵਲੋਂ ਲੜਿਆ ਜਾ ਰਿਹਾ ਹੈ। ਭਾਰਤ ਦਾ ਬਿਰਤਾਂਤ ਕਿ ਖ਼ਾਲਿਸਤਾਨੀ ਸੰਘਰਸ਼ ਨੂੰ ਵਿਦੇਸ਼ ਬੈਠੇ ਲੋਕ ਸਪਾਂਸਰ ਕਰ ਰਹੇ ਹਨ, ਗੁੰਮਰਾਹਕੁੰਨ ਪ੍ਰਚਾਰ ਹੈ, ਜੋ ਕਿ ਪੰਜਾਬ ਦੇ ਸਿੱਖਾਂ ਅਤੇ ਵਿਦੇਸ਼ ਵਸਦੇ ਸਿੱਖਾਂ ਵਿਚਕਾਰ ਪਾੜਾ ਪੈਦਾ ਕਰਨ ਅਤੇ ਖ਼ਾਲਿਸਤਾਨੀਆਂ ਨੂੰ ਹਿੰਦੂਆਂ ਲਈ ਖਤਰੇ ਵਜੋਂ ਪੇਸ਼ ਕਰਕੇ ਸਿੱਖਾਂ ਅਤੇ ਹਿੰਦੂਆਂ ਨੂੰ ਇੱਕ ਦੂਜੇ ਦੇ ਵਿਰੁੱਧ ਪਾੜਣ ਅਤੇ ਲੜਾਉਣ ਦੀ ਨੀਤੀ ਨਾਲ ਕੀਤਾ ਜਾ ਰਿਹਾ ਹੈ। ਅਸੀਂ ਇਸ ਗੱਲ ਦੀ ਪੁਸ਼ਟੀ ਕਰਦੇ ਹਾਂ ਕਿ ਪੰਜਾਬ ਦੇ ਸਿੱਖ ਅਤੇ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਇੱਕ ਹਨ, ਵਿਚਾਰਧਾਰਕ ਅਤੇ ਰਾਜਸੀ ਵਖਰੇਵਿਆਂ ਦੇ ਬਾਵਜੂਦ ਪੰਥ ਦੇ ਪਰਿਵਾਰ ਦਾ ਹਿੱਸਾ ਹਨ। ਉਹ ਆਪਣੇ ਕੌਮੀ ਮਕਸਦ ਵਿੱਚ ਇੱਕਮੁੱਠ ਹਨ ਅਤੇ ਇੱਕ ਦੂਜੇ ਦੇ ਦਰਦ ਨੂੰ ਮਹਿਸੂਸ ਕਰਦੇ ਹਨ ਅਤੇ ਸਟੇਟ ਦੇ ਜ਼ੁਲਮ ਦੇ ਸਾਹਮਣੇ ਇੱਕ ਦੂਜੇ ਲਈ ਖੜ੍ਹੇ ਹਨ। ਕੈਨੇਡਾ, ਅਮਰੀਕਾ, ਯੂ.ਕੇ., ਆਸਟ੍ਰੇਲੀਆ, ਯੂਰਪ ਅਤੇ ਹੋਰ ਦੇਸ਼ਾਂ ਵਿਚ ਸਿੱਖ ਡਾਇਸਪੋਰਾ ਦੁਆਰਾ ਪੰਜਾਬ ਦੀ ਆਜ਼ਾਦੀ ਲਈ ਮੁਹਿੰਮ ਪੰਜਾਬ ਵਿਚ ਜੋ ਕੁਝ ਹੋ ਰਿਹਾ ਹੈ ਉਸ ਦਾ ਨਤੀਜਾ ਹੈ। ਇਹ ਇਕੱਠ ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰਾਂ ਲਈ ਹਾਈ ਕਮਿਸ਼ਨਰ ਨੂੰ ਪਿਛਲੇ ਚਾਰ ਦਹਾਕਿਆਂ ਤੋਂ ਭਾਰਤ ਦੇ ਅੱਤਿਆਚਾਰਾਂ ਅਤੇ ਮਨੁੱਖੀ ਅਧਿਕਾਰਾਂ ਦੇ ਘਾਣ ਦੀ ਅੰਤਰਰਾਸ਼ਟਰੀ ਜਾਂਚ ਸ਼ੁਰੂ ਕਰਨ ਦੀ ਅਪੀਲ ਕਰਦਾ ਹੈ। ਅਸੀਂ ਭਾਰਤ ਦੀ ਖ਼ੁਫੀਆ ਏਜੰਸੀ ਅਤੇ ਸੁਰੱਖਿਆ ਬਲਾਂ ਦੁਆਰਾ ਵਿਦੇਸ਼ਾਂ ਵਿੱਚ ਕੀਤੇ ਗਏ ਗੈਰ-ਨਿਆਇਕ ਕਤਲਾਂ ਦੀ ਵੀ ਜਾਂਚ ਚਾਹੁੰਦੇ ਹਾਂ ।ਕੈਨੇਡਾ ਸਰਕਾਰ ਦਾ ਭਾਰਤ ਸਰਕਾਰ 'ਤੇ ਅਪਰਾਧਿਕ ਗਤੀਵਿਧੀਆਂ ਲਈ ਬਦਨਾਮ ਗੈਂਗਸਟਰਾਂ ਦੀ ਵਰਤੋਂ ਕਰਨ ਅਤੇ ਖ਼ਾਲਿਸਤਾਨੀ ਸਿੱਖ ਨੂੰ ਟਾਰਗੇਟ ਕਰਨ ਦੇ ਲਾਏ ਦੋਸ਼ ਗੰਭੀਰ ਚਿੰਤਾ ਦਾ ਵਿਸ਼ਾ ਹਨ ਜਿਸ ਦੀ ਅੰਤਰਰਾਸ਼ਟਰੀ ਜਾਂਚ ਦੀ ਲੋੜ ਹੈ। ਅੰਤਰਰਾਸ਼ਟਰੀ ਭਾਈਚਾਰਾ ਅਤੇ ਸੰਯੁਕਤ ਰਾਸ਼ਟਰ ਦੇ ਮੈਂਬਰਾਂ ਦਾ ਇਹ ਫ਼ਰਜ਼ ਬਣਦਾ ਹੈ ਕਿ ਉਹ ਜਿੱਥੇ ਸਵੈ-ਨਿਰਣੇ ਦੇ ਅਧਿਕਾਰ ਸਮੇਤ ਅੰਤਰਰਾਸ਼ਟਰੀ ਕਾਨੂੰਨਾਂ ਦੀ ਉਲੰਘਣਾ ਹੁੰਦੀ ਹੈ ਉਥੇ ਦਖ਼ਲਅੰਦਾਜ਼ੀ ਕਰਨ। ਅੱਜ ਦਾ ਇਕੱਠ ਨੇ ਭਾਰਤ ਨੂੰ ਕਾਗਜ਼ਾਂ ਵਿੱਚ ਲੋਕਤੰਤਰੀ ਪਰ ਅਮਲਾਂ ਵਿੱਚ ਤਾਨਾਸ਼ਾਹੀ ਮੁਲਕ ਕਰਾਰ ਦਿੱਤਾ। ਆਪਣੀ ਵੱਖਰੀ ਪਛਾਣ, ਇਤਿਹਾਸ, ਸੱਭਿਆਚਾਰ ਰੱਖਣ ਵਾਲੇ ਸਿੱਖਾਂ ਨੂੰ ਯੂ.ਐਨ. ਤਹਿਤ ਸਵੈ-ਨਿਰਣੇ ਦਾ ਕਾਨੂੰਨੀ ਹੱਕ ਹਾਸਿਲ ਹੈ। ਸੰਯੁਕਤ ਰਾਸ਼ਟਰ ਦੀ ਅਗਵਾਈ ਹੇਠ ਰੈਫਰੈਂਡਮ ਸ਼ਾਂਤੀਪੂਰਨ ਢੰਗ ਨਾਲ ਸਵੈ-ਨਿਰਣੇ ਦੇ ਅਧਿਕਾਰ ਨੂੰ ਲਾਗੂ ਕਰਨ ਲਈ ਢੁਕਵੀਂ ਵਿਧੀ ਹੈ। ਇਸ ਮੌਕੇ ਬਾਬਾ ਹਰਦੀਪ ਸਿੰਘ ਮਹਿਰਾਜ, ਜਸਵੀਰ ਸਿੰਘ ਖੰਡੂਰ, ਭਾਈ ਜਗਜੀਤ ਸਿੰਘ ਖੋਸਾ, ਭਾਈ ਸਾਰਜ ਸਿੰਘ ਜਿਲ੍ਹਾ ਪ੍ਰਧਾਨ , ਡਾ:ਸੁਰਜੀਤ ਸਿੰਘ ਖਾਲਿਸਤਾਨੀ, ਪ੍ਰੋ ਮਹਿੰਦਰਪਾਲ ਸਿੰਘ, ਬਾਬਾ ਚਮਕੌਰ ਸਿੰਘ ਭਾਈਰੂਪਾ, ਬਾਬਾ ਸਤਨਾਮ ਦਿਆਲਪੁਰਾ ਮਿਰਜਾ, ਫੈਡਰੇਸ਼ਨ ਮਾਲਵਾ ਜੋਨ ਦੇ ਆਗੂ ਭਾਈ ਰਣਜੀਤ ਸਿੰਘ ਲੰਗੇਆਣਾ, ਭਾਈ ਪਿੱਪਲ ਸਿੰਘ, ਬਲਰਾਜ ਸਿੰਘ ਮੋਗਾ, ਗੁਰਪ੍ਰੀਤ ਸਿੰਘ ਮੋਗਾ, ਰਾਜਿੰਦਰ ਸਿੰਘ ਖਾਲਸਾ, ਭਾਈ ਅਮਰਜੀਤ ਸਿੰਘ ਡਾਲਾ, ਗਿਆਨੀ ਬਲਵਿੰਦਰ ਸਿੰਘ ਡਾਲਾ, ਭਾਈ ਰੁਪਿੰਦਰ ਸਿੰਘ ਪੰਜਗਰਾਂਈ, ਕਵਿਤਾ ਮੱਖਣ ਸਿੰਘ ਮੁਸਾਫ਼ਰ, ਭਾਈ ਦੇਵ ਸਿੰਘ ਸਰਾਭਾ ਆਦਿ ਵੱਡੀ ਗਿਣਤੀ ਵਿੱਚ ਸਿੰਘ ਹਾਜਰ ਸਨ।






ਸੀਸ ਗੰਜ ਗੁਰਦੁਆਰਾ ਸਾਹਿਬ ਦਿੱਲੀ ਤੋਂ ਸੀਸ ਭੇਂਟ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਤੇ

# ਪੰਜ ਪਿਆਰਿਆਂ ਦੀ ਅਗਵਾਈ 'ਚ ਅਨੰਦਪੁਰ ਸਾਹਿਬ ਨੂੰ ਰਵਾਨਾ ਹੋਇਆ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 6 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਅੱਜ ਸਿੱਖ ਧਰਮ ਦੇ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਆਪਣੇ ਆਪਣੇ ਧਾਰਮਿਕ ਅਸਥਾਨਾਂ ਤੇ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਮਨਾਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰ ਰਹੀਆਂ ਹਨ, ਉਥੇ ਨੌਵੇਂ ਪਾਤਸ਼ਾਹ ਜੀ ਦਾ ਸ਼ਹਾਦਤੀ ਸੀਸ ਦਿੱਲੀ ਤੋਂ ਪੈਦਲ ਚੱਲ ਕੇ ਅਨੰਦਪੁਰ ਸਾਹਿਬ ਦੀ ਧਰਤੀ ਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੂੰ ਭੇਟ ਕਰਕੇ ( ਰੰਘਰੇਟੇ ਗੁਰ ਕੇ ਬੇਟੇ )ਦਾ ਵਰਦਾਨ ਪ੍ਰਾਪਤ ਕਰਨ ਵਾਲੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਵਾਰਸ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਸੰਯੋਗ ਨਾਲ ਇੱਕ ਵਿਸ਼ਾਲ ਸੀਸ ਭੇਂਟ ਨਗਰ ਕੀਰਤਨ ਸਜਾਇਆ ਗਿਆ, ਜੋਂ ਗੁਰਦੁਆਰਾ ਸੀਸ ਗੰਜ ਤੋਂ ਰਵਾਨਾ ਹੋ ਕੇ ਵੱਖ ਵੱਖ ਉਹਨਾਂ ਪੜਾਵਾਂ ,ਜਿੰਨਾ ਤੋਂ ਸ਼ਹੀਦ ਬਾਬਾ ਜੀਵਨ ਸਿੰਘ (ਭਾਈ ਜੈਤਾ) ਜੀ, ਗੁਰੂ ਸਾਹਿਬ ਜੀ ਦਾ ਸਹਾਦਤੀ ਸੀਸ ਲੈਕੇ ਠਹਿਰਦੇ ਰਹੇ ਸਨ ਤੋਂ ਹੁੰਦਾ ਹੋਇਆ।ਦਸੰਬਰ ਨੂੰ ਫਤਿਹਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਤੇ ਪਹੁੰਚੇਗਾ ਅਤੇ ਰਾਤ ਦਾ ਵਿਸ਼ਰਾਮ ਇਥੇ ਹੀ ਹੋਵੇਗਾ ਤੇ ਰਾਤਰੀ ਦੀਵਾਨ ਵੀ ਸਜ਼ਾਏ ਜਾਣਗੇ, ਜਦੋਂ ਕਿ ਕੀਰਤਪੁਰ ਸਾਹਿਬ ਤੋਂ ਸਵੇਰੇ 10 ਵਜੇ ਰੋਪੜ ਜ਼ਿਲ੍ਹੇ ਦੇ ਐਸ ਐਸ ਪੀ ਗਾਰਦ ਔਫ ਔਨਰ ਦੀ ਸਲਾਮੀ ਦੇ ਕੇ ਸੀਸ ਭੇਂਟ ਨਗਰ ਕੀਰਤਨ ਨੂੰ ਅਨੰਦਪੁਰ ਸਾਹਿਬ ਦੀ ਧਰਤੀ ਲਈ ਰਵਾਨਾ ਕਰਨਗੇ। ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਤੇ ਨਗਰ ਕੀਰਤਨ ਦੇ ਮੀਡੀਆ ਇੰਚਾਰਜ ਭਾਈ ਵਿਰਸਾ ਸਿੰਘ ਖਾਲਸਾ ਨੇ ਨਗਰ ਕੀਰਤਨ ਦੀ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ, ਸਰਪ੍ਰਸਤ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਮੁਖੀ ਦਸਮੇਸ਼ ਤਰਨਦਲ ਤੇ ਸੈਕਟਰੀ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਮੁੱਖੀ ਮਾਲਵਾ ਤਰਨਾ ਦਲ ਆਦਿ ਨਾਲ ਸਾਰੀ ਜਾਣਕਾਰੀ ਪ੍ਰਾਪਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ, ਨਗਰ ਕੀਰਤਨ ਦਿੱਲੀ ਦੇ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਸਵੇਰੇ 10 ਵਜੇ ਇੱਕ ਸੁੰਦਰ ਫੁੱਲਾਂ ਨਾਲ ਸਜਾਈ ਪਾਲਕੀ ਸਾਹਿਬ'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਸ਼ੋਭਿਤ ਕਰਨ ਤੇ ਪੰਜ ਪਿਆਰਿਆਂ ਪਿਆਰਿਆਂ ਦੀ ਅਗਵਾਈ'ਚ ਰਵਾਨਾ ਹੋਇਆ, ਭਾਈ ਖਾਲਸਾ ਨੇ ਦੱਸਿਆ ਨੀਲੇ ਰੰਗ ਦੇ ਚੋਲਿਆਂ ਵਿਚ ਸੱਜੇ ਤੇ ਹੱਥ'ਚ ਨੰਗੀਆਂ ਤਲਵਾਰਾਂ ਨਾਲ ਲੈਸ ਪੰਜ ਪਿਆਰੇ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਸਨ, ਜਦੋਂ ਕਿ ਅੱਗੇ ਅੱਗੇ ਗਤਕਾ ਪਾਰਟੀਆਂ ਤੇ ਬੈਂਡ ਵਾਜਿਆਂ ਵਾਲੇ ਨਗਰ ਕੀਰਤਨ ਦੀ ਸ਼ਾਨ ਤੋਂ ਵਧਾ ਰਹੇ, ਨਗਰ ਕੀਰਤਨ ਦੀ ਦਿੱਲੀ ਦੀਆਂ ਸੰਗਤਾਂ ਵੱਲੋਂ ਸ਼ਰਧਾ ਭਾਵਨਾਵਾਂ ਨਾਲ ਚਾਹ ਪਕੌੜੇ ਬਿਸਕੁਟ ਤੇ ਹੋਰ ਪਦਾਰਥਾਂ ਨਾਲ ਦਿੱਲ ਖੋਲ ਕੇ ਸੇਵਾ ਕਰਨ ਦੇ ਨਾਲ-ਨਾਲ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਸਾਹਿਬ ਭੇਂਟ ਕੀਤੇ ਜਾ ਰਹੇ ਸਨ, ਭਾਈ ਖਾਲਸਾ ਨੇ ਅੱਗੇ ਦੱਸਿਆ ਦਿੱਲੀ ਦੀਆਂ ਸੰਗਤਾਂ ਵੱਲੋਂ ਪੰਜ ਪਿਆਰਿਆਂ ਤੇ ਪ੍ਰਬੰਧਕੀ ਜਥੇਦਾਰ ਸਾਹਿਬਾਨਾ ਦਾ ਵੀ ਸੀਰੀ ਪਾਓ ਪਾ ਕੇ ਸਨਮਾਨ ਕੀਤਾ ਜਾ ਰਿਹਾ ਸੀ ਅਤੇ ਸੈਂਕੜੇ ਰੰਗਰੇਟੇ ਨਿਹੰਗ ਸਿੰਘ ਫ਼ੌਜਾਂ ਦੇ ਜਥੇਦਾਰ ਸਾਹਿਬਾਨ ਤੇ ਹਜ਼ਾਰਾਂ ਸੰਗਤਾਂ ਸ਼ਬਦ ਗੁਰਬਾਣੀ ਦੇ ਜਾਪ ਕਰ ਰਹੀਆਂ ਸਨ, ਭਾਈ ਖਾਲਸਾ ਨੇ ਦੱਸਿਆ ਨਗਰ ਕੀਰਤਨ ਦਾ ਪਹਿਲਾ ਪੜ੍ਹਾਅ ਗੁਰਦੁਆਰਾ ਸ੍ਰੀ ਨਾਨਕ ਪਿਆਓ ਦੇ ਰਸਤੇ ਸੋਨੀਪਤ,ਪਾਣੀਪਤ,ਕਰਨਾਲ ਬਾਈਪਾਸ,ਲੰਗਰ ਮਾਤਾ ਸਾਹਿਬ ਦੇਵਾਂ ਜੀ ਨਾਨਕਸਰ ਕਰਨਾਲ ਰਸਤੇ ਵਿਸ਼ਰਾਮ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਵਿਖੇ ਹੋਵੇਗਾ, ਭਾਈ ਖਾਲਸਾ ਨੇ ਦੱਸਿਆ 7 ਦਸੰਬਰ ਸਵੇਰੇ ਗੁਰਦੁਆਰਾ ਤਰਾਵੜੀ ਤੋਂ ਆਰੰਭ ਹੋ ਕੇ ਵਾਇਆ ਕੁਰੂਕਸ਼ੇਤਰ ਵਿਖੇ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ ਤੋਂ ਪਿੱਪਲੀ ਸਾਹਿਬ ਨੀਲਧਾਰੀ ਸ਼ਾਹਬਾਜ਼ ਦੇ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ ਅੰਬਾਲਾ ਤੋਂ ਹੁੰਦਾ ਹੋਇਆ ਰਾਤ ਦਾ ਵਿਸ਼ਰਾਮ ਗੁਰਦੁਆਰਾ ਨਾਢਾ ਸਾਹਿਬ ਜੀਰਕਪੁਰ ਸਾਹਿਬ ਵਿਖੇ ਹੋਵੇਗਾ, ਭਾਈ ਖਾਲਸਾ ਨੇ ਦੱਸਿਆ ਇਸੇ ਤਰ੍ਹਾਂ 8 ਦਸੰਬਰ ਨੂੰ ਵਿਸ਼ਰਾਮ ਗੁਰਦੁਆਰਾ ਫਤਹਿਗੜ੍ਹ ਸਾਹਿਬ ਤੇ 9 ਦਸੰਬਰ ਨੂੰ ਕੀਰਤਪੁਰ ਸਾਹਿਬ ਵਿਖੇ ਨਗਰ ਕੀਰਤਨ ਦਾ ਵਿਸ਼ਰਾਮ ਹੋਵੇਗਾ, ਭਾਈ ਖਾਲਸਾ ਨੇ ਦੱਸਿਆ ਨਗਰ ਕੀਰਤਨ ਦੇ ਮੁੱਖ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ, ਸਰਪ੍ਰਸਤ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ, ਸੈਕਟਰੀ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਤੋਂ ਇਲਾਵਾ ਜਥੇਦਾਰ ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਜਥੇਦਾਰ ਬਾਬਾ ਰਾਜਾ ਰਾਜ ਸਿੰਘ , ਸਲਾਹਕਾਰ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਤੋਂ ਇਲਾਵਾ ਜਥੇਦਾਰ ਬਾਬਾ ਪ੍ਰਗਟ ਸਿੰਘ ਮਜੀਠਾ ਬਾਈਪਾਸ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ, ਜਥੇਦਾਰ ਬਾਬਾ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਜਥੇਦਾਰ ਬਾਬਾ ਸੁਖਦੇਵ ਸਿੰਘ ਲੋਪੋ,ਜਥੇਦਾਰ ਬਾਬਾ ਬਲਬੀਰ ਸਿੰਘ ਖਾਪੜਖੇੜੀ, ਜਥੇਦਾਰ ਬਾਬਾ ਤਰਸੇਮ ਸਿੰਘ ਰੰਘੜਨੰਗਲ ਜਥੇਦਾਰ ਬਾਬਾ ਸੁੱਖਾ ਸਿੰਘ ਮੋਗਾ, ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ, ਬਾਬਾ ਨਰਿੰਦਰ ਸਿੰਘ ਵੱਲਾ, ਬਾਬਾ ਰਾਜਾ ਰਾਜ ਸਿੰਘ ਆਦਿ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਸ ਸੀਸ ਭੇਂਟ ਨਗਰ ਕੀਰਤਨ'ਚ ਆਪਣੇ ਪ੍ਰਵਾਰਾਂ ਸਮੇਤ ਸ਼ਾਮਲ ਹੋ ਕੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਲੋੜ ਤੇ ਜ਼ੋਰ ਦੇਣ।



ਪੰਜਾਬ ਪੁਲਿਸ ਨੇ ਪਾਕਿ ਸਮਰਥਕ ਦਹਿਸ਼ਤਗਰਦ ਮਾਡਿਊਲ ਦੇ 10 ਮੈਂਬਰਾਂ ਦੀ ਗ੍ਰਿਫਤਾਰੀ ਨਾਲ

# ਪੁਲਿਸ ਸਥਾਪਨਾ 'ਤੇ ਸੰਭਾਵਿਤ ਗ੍ਰੇਨੇਡ ਹਮਲੇ ਨੂੰ ਟਾਲਿਆ



**ਚੌਕ ਮਹਿਤਾ, 6 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਨੂੰ ਇੱਕ ਸੁਰੱਖਿਅਤ ਅਤੇ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੇ ਦੌਰਾਨ, ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਬਟਾਲਾ ਖੇਤਰ ਵਿੱਚ ਇੱਕ ਪੁਲਿਸ ਅਦਾਰੇ 'ਤੇ ਸੰਭਾਵਿਤ ਗ੍ਰਨੇਡ ਹਮਲੇ ਨੂੰ ਸਫਲਤਾਪੂਰਵਕ ਟਾਲ ਦਿੱਤਾ ਹੈ, ਜਿਸ ਵਿੱਚ ਸਰਹੱਦ ਪਾਰ ਅੱਤਵਾਦੀ ਮਾਡਿਊਲ ਦੇ ਚਾਰ ਮੁੱਖ ਸੰਚਾਲਕਾਂ ਸਮੇਤ 10 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਡਾਇਰੈਕਟਰ ਨੇ ਦੱਸਿਆ ਕਿ ਪਾਕਿ ਸਥਿਤ ਹਰਵਿੰਦਰ ਰਿੰਦਾ ਅਤੇ ਵਿਦੇਸ਼ੀ ਹੈਪੀ ਪਾਸੀਅਨ, ਜੀਵਨ ਫੌਜੀ ਅਤੇ ਜਸ਼ਨਪ੍ਰੀਤ ਸਿੰਘ ਉਰਫ਼ ਲਾਲ ਦੁਆਰਾ ਸੰਚਾਲਿਤ ਪੰਜਾਬ ਦੇ ਜਨਰਲ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਇੱਥੇ ਇਹ ਜਾਣਕਾਰੀ ਦਿੱਤੀ ਗ੍ਰਿਫਤਾਰ ਕੀਤੇ ਗਏ ਚਾਰ ਮੁੱਖ ਕਾਰਕੁਨਾਂ ਦੀ ਪਛਾਣ ਅਰਜਨਪ੍ਰੀਤ ਸਿੰਘ ਵਾਸੀ ਅਵਾਨ ਰਾਮਦਾਸ ਅੰਮ੍ਰਿਤਸਰ, ਲਵਪ੍ਰੀਤ ਸਿੰਘ ਉਰਫ ਲਵ ਵਾਸੀ ਪੇਰੇਵਾਲ, ਬਸੰਤ ਸਿੰਘ ਅਤੇ ਅਮਨਪ੍ਰੀਤ ਸਿੰਘ ਉਰਫ ਅਮਨ ਦੋਵੇਂ ਵਾਸੀ ਬਾਬਾ ਬਕਾਲਾ ਸਾਹਿਬ ਅੰਮ੍ਰਿਤਸਰ ਵਜੋਂ ਹੋਈ ਹੈ। ਜਦੋਂਕਿ ਲੌਜਿਸਟਿਕ ਸਪੋਰਟ ਦੇਣ ਵਾਲੇ ਛੇ ਹੈਂਡਲਰਾਂ ਦੀ ਪਛਾਣ ਬਰਿੰਦਰਪਾਲ ਸਿੰਘ ਉਰਫ਼ ਮਨੀ ਅਤੇ ਰਾਜਬੀਰ ਸਿੰਘ ਉਰਫ਼ ਰਾਜੂ, ਦੋਵੇਂ ਵਾਸੀ ਕਟੇਲ, ਅੰਮ੍ਰਿਤਸਰ ਵਜੋਂ ਹੋਈ ਹੈ ਅੰਮ੍ਰਿਤਸਰ ਦੇ ਭਾਗਨਪੁਰਾ ਦਾ ਵਿਸ਼ਵਾਸ ਮਸੀਹ ਉਰਫ਼ ਭੰਬੋ; ਬਟਾਲਾ ਦੇ ਡੇਰਾ ਬਾਬਾ ਨਾਨਕ ਦੇ ਰਹਿਣ ਵਾਲੇ ਦਿਲਪ੍ਰੀਤ ਸਿੰਘ ਉਰਫ ਮੰਨਾ, ਹਰਜੋਤ ਕੁਮਾਰ ਉਰਫ ਮਿੱਠੂ ਅਤੇ ਜੋਇਲ ਮਸੀਹ ਉਰਫ ਰੋਹਨ ਉਰਫ ਨੋਨੀ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਪਿਸਤੌਲ ਵੀ ਬਰਾਮਦ ਕੀਤੇ ਹਨ- ਦੋ .30 ਬੋਰ ਅਤੇ ਇੱਕ .32 ਬੋਰ, ਇੱਕ ਹੈਂਡ ਗ੍ਰਨੇਡ ਅਤੇ ਇੱਕ ਡਰੋਨ ਸਮੇਤ ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅੱਗੇ ਅਤੇ ਪਿੱਛੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ ਹੋਰ ਵੇਰਵਿਆਂ ਨੂੰ ਸਾਂਝਾ ਕਰਦੇ ਹੋਏ ਪੁਲਿਸ ਕਮਿਸ਼ਨਰਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਮਾਡਿਊਲ ਦੀਆਂ ਗਤੀਵਿਧੀਆਂ ਬਾਰੇ ਭਰੋਸੇਮੰਦ ਇਨਪੁਟਸ 'ਤੇ ਕਾਰਵਾਈ ਕਰਦੇ ਹੋਏ, ਅੰਮ੍ਰਿਤਸਰ ਕਮਿਸ਼ਨਰੇਟ ਨੇ ਇੱਕ ਇੰਟੈਲ-ਅਧਾਰਤ ਕਾਰਵਾਈ ਸ਼ੁਰੂ ਕੀਤੀ ਹੈ ਅਤੇ ਅੰਮ੍ਰਿਤਸਰ ਦਿਹਾਤੀ, ਬਟਾਲਾ ਅਤੇ ਅੰਮ੍ਰਿਤਸਰ ਸ਼ਹਿਰ ਦੇ ਰਮਦਾਸ ਖੇਤਰ ਸਮੇਤ ਵੱਖ-ਵੱਖ ਖੇਤਰਾਂ ਤੋਂ ਸਾਰੇ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਹ ਬਰਾਮਦਗੀ ਡੇਰਾ ਬਾਬਾ ਨਾਨਕ ਦੇ ਪਿੰਡ ਖਾਨਾ ਚਮਾਰਾ, ਰਮਦਾਸ ਦੇ ਪਿੰਡ ਅਵਾਣ ਅਤੇ ਅੰਮ੍ਰਿਤਸਰ ਸ਼ਹਿਰ ਦੇ ਵੱਲਾ ਖੇਤਰ ਤੋਂ ਕੀਤੀ ਗਈ ਹੈ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਮੁਲਜ਼ਮਾਂ ਬਸੰਤ ਸਿੰਘ ਅਤੇ ਅਮਨਪ੍ਰੀਤ ਸਿੰਘ ਉਰਫ਼ ਅਮਨ ਦੀ ਗ੍ਰਿਫ਼ਤਾਰੀ ਨਾਲ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 28 ਨਵੰਬਰ, 2024 ਨੂੰ ਬਟਾਲਾ ਵਿੱਚ ਇੱਕ ਪੁਲਿਸ ਅਧਿਕਾਰੀ ਦੀ ਰਿਹਾਇਸ਼ 'ਤੇ ਹੋਏ ਹਮਲੇ ਦਾ ਮਾਮਲਾ ਵੀ ਸੁਲਝਾ ਲਿਆ ਹੈ ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਇਸ ਮਾਡਿਊਲ ਦੇ ਇੱਕ ਹੋਰ ਮੁੱਖ ਸੰਚਾਲਕ ਦੀ ਵੀ ਪਹਿਚਾਣ ਕਰ ਲਈ ਹੈ ਅਤੇ ਪੁਲਿਸ ਟੀਮਾਂ ਉਸਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।

**ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ 'ਚੋਂ ਇਕ ਹੈਂਡ ਗ੍ਰਨੇਡ, 3 ਪਿਸਤੌਲ ਅਤੇ ਇਕ ਡਰੋਨ ਬਰਾਮਦ ਕੀਤਾ**

# ਪੈਸਿਆਂ ਦੇ ਲੈਣ ਦੇਣ ਵਿੱਚ ਕੀਤੀ ਘਰ ਦੀ ਭੰਨ-ਤੋੜ



**ਚੌਕ ਮਹਿਤਾ, 6 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੁਲਿਸ ਚੌਂਕੀ ਰਾਮ ਤੀਰਥ ਅਧੀਨ ਆਉਂਦੇ ਪਿੰਡ ਮਾਦੋਕੇ ਵਿਖੇ ਅੱਜ ਦੁਪਹਿਰ ਸਮੇਂ ਕੁਝ ਵਿਅਕਤੀਆਂ ਨੇ ਪੈਸਿਆਂ ਦੇ ਲੈਣ ਦੇਣ ਦੇ ਮਸਲੇ ਵਿੱਚ ਇੱਕ ਘਰ ਵਿੱਚ ਦਾਖਲ ਹੋ ਕੇ ਘਰ ਦੀ ਬੁਰੀ ਤਰ੍ਹਾਂ ਭੰਨ ਤੋੜ ਕੀਤੀ ਅਤੇ ਫਰਾਰ ਹੋ ਗਏ। ਪਿੰਡ ਮਾਦੋਕੇ ਦੇ ਪੀੜਤ ਦੀਪਕ ਪੁੱਤਰ ਸ਼ਿੰਦਾ ਸਿੰਘ ਨੇ ਦੱਸਿਆ ਕਿ ਪਿੰਡ ਬਰਾੜ ਦਾ ਸੋਨੂ ਉਸਦਾ ਦੋਸਤ ਸੀ ਅਤੇ ਇੱਕ ਮਹੀਨਾ ਪਹਿਲਾਂ ਉਹ ਉਸ ਕੋਲੋਂ 50 ਹਜਾਰ ਰੁਪਏ ਉਧਾਰੇ ਲੈ ਗਿਆ, ਜੋ ਕਿ ਉਹ ਵਾਪਸ ਨਹੀਂ ਸੀ ਕਰ ਰਿਹਾ। ਉਸ ਤੋਂ ਬਾਅਦ ਮਸਲਾ ਪੰਚਾਇਤ ਵਿੱਚ ਲਿਜਾਇਆ ਗਿਆ ਤਾਂ ਉਸਨੇ 25 ਹਜਾਰ ਰੁਪਏ ਵਾਪਸ ਕਰ ਦਿੱਤੇ। ਬਾਕੀ ਰਹਿੰਦੇ 25 ਹਜਾਰ ਵਾਪਸ ਕਰਨ ਤੋਂ ਉਹ ਆਨਾ ਕਾਨੀ ਕਰ ਰਿਹਾ ਸੀ। ਉਸ ਨੇ ਦੱਸਿਆ ਕਿ ਅੱਜ ਸਵੇਰੇ ਵੀ ਜਦੋਂ ਉਸ ਨੂੰ ਪੈਸਿਆਂ ਬਾਰੇ ਪੁੱਛਿਆ ਤਾਂ ਸਾਡੇ ਦੋਹਾਂ ਦਰਮਿਆਨ ਤੂੰ ਤੂੰ ਮੈਂ ਮੈਂ ਹੋ ਗਈ। ਉਸ ਤੋਂ ਬਾਅਦ ਉਹ ਆਪਣੇ ਨਾਲ ਛੇ ਸੱਤ ਹੋਰ ਨੌਜਵਾਨਾਂ ਨੂੰ ਲੈ ਕੇ ਆ ਗਿਆ, ਜਿਨ੍ਹਾਂ ਦੇ ਹੱਥਾਂ ਵਿੱਚ ਦਾਤਰ ਅਤੇ ਕਿਰਪਾਨਾਂ ਸਨ। ਉਨ੍ਹਾਂ ਨੇ ਘਰ ਦੀ ਬੁਰੀ ਤਰ੍ਹਾਂ ਭੰਨਤੋੜ ਕੀਤੀ। ਘਰ ਦੇ ਭਾਂਡੇ, ਵਾਸ਼ਿੰਗ ਮਸ਼ੀਨ, ਫਰਿਜ਼, ਖਿੜਕੀਆਂ ਤੇ ਪਾਣੀ ਵਾਲੀ ਟੈਂਕੀ ਤੇ ਹੋਰ ਸਮਾਨ ਦੀ ਤੋੜ ਭੰਨ ਕੀਤੀ ਅਤੇ ਘਟਨਾ ਸਥਾਨ ਤੋਂ ਫਰਾਰ ਹੋ ਗਏ। ਪੀੜਤ ਦੀਪਕ ਦੀ ਮਾਤਾ ਦਵਿੰਦਰ ਕੌਰ ਨੇ ਦੱਸਿਆ ਕਿ ਉਹ ਉਸ ਸਮੇਂ ਘਰ ਵਿੱਚ ਇਕੱਲੀ ਸੀ ਅਤੇ ਹਮਲਾਵਰ ਉਸਦੇ ਹੱਥੋਂ ਉਸਦਾ ਰੈਡ ਮੀ ਫੋਨ ਵੀ ਖੋਹ ਕੇ ਲੈ ਗਏ। ਘਟਨਾ ਸਥਾਨ ਤੇ ਪਹੁੰਚੇ ਰਾਮ ਤੀਰਥ ਚੌਕੀ ਦੇ ਇੰਚਾਰਜ ਪ੍ਰਗਟ ਸਿੰਘ ਨੇ ਦੱਸਿਆ ਕਿ ਉਹ ਮਾਮਲੇ ਦੀ ਜਾਂਚ ਕਰ ਰਹੇ ਹਨ ਅਤੇ ਜਾਂਚ ਤੋਂ ਬਾਅਦ ਜੋ ਵੀ ਦੋਸ਼ੀ ਪਾਇਆ ਗਿਆ ਉਸ ਵਿਰੁੱਧ ਕਾਨੂੰਨੀ ਕਾਰਵਾਈ ਕਰਨਗੇ।

# ਪਿੰਡ ਟਕਾਪੁਰ ਦੀ ਸੰਗਤਾਂ ਨੇ ਗੁਰੂਧਾਮਾਂ ਦੀ ਕੀਤੀ ਯਾਤਰਾ



**ਚੌਕ ਮਹਿਤਾ, 6 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੰਡ ਟਕਾਪੁਰ ਦੀ ਪੰਚਾਇਤ ਵੱਲੋਂ ਪਿੰਡ ਦੀਆਂ ਸੰਗਤਾਂ ਖਾਸਤੌਰ ਤੇ ਬੱਚਿਆਂ ਨੂੰ ਚਾਰ ਸਾਹਿਬਜ਼ਾਦਿਆਂ ਅਤੇ ਹੋਰ ਸ਼ਹੀਦਾਂ ਦੇ ਸ਼ਹੀਦੀ ਦਿਹਾੜਿਆਂ ਦੇ ਸਬੰਧ ਵਿੱਚ ਸ੍ਰੀ ਫ਼ਤਹਿਗੜ੍ਹ ਸਾਹਿਬ, ਸ੍ਰੀ ਚਮਕੌਰ ਸਾਹਿਬ, ਮਾਛੀਵਾੜਾ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਕਰਵਾਏ ਗਏ। ਇਸ ਯਾਤਰਾ ਦੀ ਅਗਵਾਈ ਅਤੇ ਪ੍ਰਬੰਧ ਸਰਪੰਚ ਸ੍ਰ ਗਿਆਨ ਸਿੰਘ, ਸਾਬਕਾ ਸਰਪੰਚ ਸ੍ਰ ਹਰਪਾਲ ਸਿੰਘ, ਸ੍ਰ ਸੁਖਦੇਵ ਸਿੰਘ ਬਿੱਟੂ, ਸ੍ਰ ਬਲਵਿੰਦਰ ਸਿੰਘ ਸੈਕਟਰੀ ਮੈਂਬਰ, ਸ੍ਰ ਗੁਰਦੇਵ ਸਿੰਘ ਟੋਨੀ ਮੈਂਬਰ, ਸ੍ਰ ਬਲਵਿੰਦਰ ਸਿੰਘ ਮੈਂਬਰ, ਸ੍ਰ ਗੁਰਬਖਸ਼ਿੰਦਰ ਸਿੰਘ ਮੈਂਬਰ, ਸ੍ਰ ਲਖਵਿੰਦਰ ਸਿੰਘ ਮੈਂਬਰ ਵੱਲੋਂ ਕੀਤਾ ਗਿਆ। ਗ੍ਰੰਥੀ ਭਾਈ ਬਿਕਰਮਜੀਤ ਸਿੰਘ ਟਕਾਪੁਰ ਨੇ ਸੰਗਤਾਂ ਨੂੰ ਇਹਨਾਂ ਗੁਰਧਾਮਾਂ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਸਮੂਹ ਸੰਗਤਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਦਰਸ਼ਨ ਕੀਤੇ ਅਤੇ ਪੰਚਾਇਤ ਦੇ ਇਸ ਉੱਦਮ ਦੀ ਭਰਪੂਰ ਸ਼ਲਾਘਾ ਕੀਤੀ।


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਚੰਨਣਕੇ ( ਅੱਡਾ ਨਾਥ ਦੀ ਖੂਹੀ) ਵਿਖੇ

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਅਵਤਾਰ ਦਿਹਾੜਾ ਮਨਾਇਆ











**ਚੌਕ ਮਹਿਤਾ, 6 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਰ ਐਕਡਮੀ, ਸ੍ਰੀ ਗੁਰੂ ਨਾਨਕ ਦੇਵ ਗਲੋਬਲ ਐਕਡਮੀ ਚੰਨਣਕੇ ਸੀ ਬੀ ਐਸ ਈ (ਅੱਡਾ ਨਾਥ ਦੀ ਖੂੰਹੀ) ਵਿੱਖੇ ਸ, ਐਮ ਡੀ ਸ, ਕੁਲਜੀਤ ਸਿੰਘ ਬਾਠ ਦੀ ਅਗਵਾਈ ਹੇਠ ਬੜੇ ਸਰਧਾ ਭਾਵਨਾ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ 555 ਵਾਂ ਅਵਤਾਰ ਦਿਹਾੜਾ ਮਨਾਇਆ ਗਿਆ, ਆਰੰਭ ਕੀਤੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ। ਉਪਰੰਤ ਬਾਹਰ ਖੁੱਲੇ ਪੰਡਾਲਾ ਵਿੱਚ ਦੀਵਾਨ ਸਜਾਏ ਗਏ, ਐਕਡਮੀ ਦੇ ਬੱਚੇ, ਬੱਚੀਆ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸਰਵਨ ਕਰਵਾਏ, ਉਪਰੰਤ ਹਰ ਸਾਲ ਤਰਾਂ ਚੰਗੇ ਪੜਨ ਵਾਲੇ ਬੱਚਿਆਂ ਨੂੰ ਨਗਦ ਇਨਾਮ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਜਿਨ੍ਹਾਂ ਅਧਿਆਪਕਾਂ ਨੇ ਬੱਚਿਆਂ ਨੂੰ ਬਗੈਰ ਛੁੱਟੀ ਤੋਂ ਚੰਗੀ ਵਿਦਿਆ ਦਿੱਤੀ ਗਈ, ਉਨ੍ਹਾਂ ਅਧਿਆਪਕਾਂ ਦਾ ਵੀ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਤੇ ਸ, ਕੁਲਜੀਤ ਸਿੰਘ ਬਾਠ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਅਵਤਾਰ ਦਿਹਾੜਾ ਦੀਆਂ ਵਧਾਈਆਂ ਦਿੱਤੀਆਂ, ਉਨ੍ਹਾਂ ਨੇ ਕਿਹਾ ਕਿ ਬੱਚੇ ਆਪਣੀ ਲੱਗਣ ਨਾਲ ਆਪਣੀ ਪੜਾਈ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੋਸਨ ਕਰਨ। ਇਸ ਮੌਕੇ ਤੇ ਐਮ ਡੀ ਸ, ਕੁਲਜੀਤ ਸਿੰਘ ਬਾਠ, ਡਾਇਰੈਕਟਰ ਸ੍ਰੀ ਮਤੀ ਕੁਲਵੰਤ ਕੌਰ ਬਾਠ, ਪ੍ਰਿੰਸੀਪਲ ਰਿਤੂ ਖਨੇਜਾ, ਮੁੱਖ ਪ੍ਰਬੰਧਕ ਮੈਡਮ ਮਨਜੀਤ ਕੌਰ ਅਤੇ ਐਕਡਮੀ ਦਾ ਸਾਰਾ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਤ ਬਾਬਾ ਭਰਪੂਰ ਸਿੰਘ ਜੀ ਸੇਖਾਂ ਜਲੂਰ ਵਾਲਿਆਂ ਵੱਲੋਂ ਪੰਚਮੀ ਦੇ ਦਿਹਾੜੇ ਤੇ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨਾ ਕੀਤਾ



**ਬਰਨਾਲਾ, (ਰਣਜੀਤ ਸਿੰਘ ਪੇਧਨੀ )**-ਸੱਚਖੰਡ ਵਾਸੀ ਸੰਤ ਬਾਬਾ ਨਰਾਇਣ ਸਿੰਘ ਜੀ ਮੋਨੀ ਮਹਾਰਾਜ ਜੀ ਦੇ ਤਪ ਅਸਥਾਨ ਤੇ ਸੰਤ ਬਾਬਾ ਭਰਪੂਰ ਸਿੰਘ ਜੀ ਸੇਖਾਂ, ਜਲੂਰ ਵਾਲਿਆਂ ਵੱਲੋਂ ਪੰਚਮੀ ਦਾ ਦਿਹਾੜਾ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਬੜੀ ਹੀ ਸਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸੰਤ ਬਾਬਾ ਭਰਪੂਰ ਸਿੰਘ ਸੇਖਾਂ, ਜਲੂਰ ਵਾਲਿਆਂ ਨੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੰਗਤਾਂ ਦੇ ਨਾਲ ਕਥਾ ਵਿਚਾਰਾਂ ਦੀ ਸਾਂਝ ਪਾ ਕੇ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨਾ ਕੀਤਾ ਗਿਆ। ਇਸ ਮੌਕੇ ਬਾਬਾ ਜੀ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਵੇਰੇ ਸ਼ਾਮ ਗੁਰੂ ਘਰ ਜਾਣ ਲਈ ਪ੍ਰੇਰਨਾ ਦੇਣ ਅਤੇ ਵੱਧ ਰਹੀ ਛੋਟੇ ਬੱਚਿਆਂ ਵਿੱਚ ਮੋਬਾਇਲ ਦੀ ਬਿਮਾਰੀ ਤੋਂ ਛੁਟਕਾਰਾ ਦਬਾਉਣ । ਉਹਨਾਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਪੰਜਾਬ ਦੀ ਧਰਤੀ ਮਹਾਨ ਕਵੀ, ਸੂਰਬੀਰ, ਯੋਧਿਆਂ, ਪੈਗੰਬਰਾਂ, ਸੰਤਾਂ, ਮਹਾਂਪੁਰਸ਼ਾਂ ਦੀ ਧਰਤੀ ਹੈ ਇਸ ਧਰਤੀ ਤੇ ਹੀ ਆਪਣੀ ਮਿਹਨਤ ਦੇ ਨਾਲ ਆਪਣੇ ਪਰਿਵਾਰ ਦੀ ਚੰਗੀ ਪਰਵਿਸ ਕਰੋ।

## ਬੁੱਢੇ ਦਰਿਆਂ ਦੇ ਮਸਲੇ ਨੂੰ ਸਰਕਾਰ ਪੂਰੀ ਗੰਭੀਰਤਾ ਨਾਲ ਲਵੇ-ਸੰਤ ਗਿ.ਹਰਨਾਮ ਸਿੰਘ ਖਾਲਸਾ



**ਚੌਕ ਮਹਿਤਾ 6 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਪੰਜਾਬ ਅੰਦਰ ਲੁਧਿਆਣੇ ਦੇ ਬੁੱਢੇ ਨਾਲੇ ਦੇ ਮੁੱਦੇ ਉੱਪਰ ਬੋਲਦੇ ਹੋਏ ਦਮਦਮੀ ਟਕਸਾਲ ਮੁਖੀ ਤੇ ਪ੍ਰਧਾਨ ਸੰਤ ਸਮਾਜ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਬੁੱਢੇ ਨਾਲੇ ਦਾ ਮਸਲਾ ਇੱਕ ਗੰਭੀਰ ਮੁੱਦਾ ਹੈ,ਜਿਸਦਾ ਠੋਸ ਹੱਲ ਕੀਤਾ ਜਾਣਾ ਬਹੁਤ ਜ਼ਰੂਰੀ ਹੈ ਤੇ ਸਰਕਾਰ ਵੱਲੋਂ ਵੀ ਇਸ ਮਸਲੇ ਨੂੰ ਪ੍ਰਮੁੱਖਤਾ ਨਾਲ ਲਏ ਜਾਣਾ ਬਣਦਾ ਹੈ।ਵੱਖ-ਵੱਖ ਜਥੇਬੰਦੀਆਂ ਦੇ ਵੱਲੋਂ ਹੁਣ ਤੱਕ ਕਈ ਵਾਰ ਇਸ ਮਸਲੇ ਨੂੰ ਲੈ ਕੇ ਆਪਣੀ ਆਵਾਜ਼ ਬੁਲੰਦ ਕੀਤੀ ਗਈ ਹੈ ਤੇ ਕਈ ਲੋਕਾਂ ਦੇ ਵੱਲੋਂ ਰੋਸ ਪ੍ਰਦਰਸ਼ਨ ਵੀ ਕੀਤੇ ਗਏ ਕਿ ਤਾਂ ਜੋ ਇਸ ਮਸਲੇ ਦਾ ਹੱਲ ਕੀਤਾ ਜਾ ਸਕੇ ਅਤੇ ਇਸ ਨਾਲੇ ਤੋਂ ਫੈਲ ਰਹੀ ਗੰਦਗੀ ਦੇ ਕਾਰਨ ਹੋ ਰਹੀਆਂ ਬਿਮਾਰੀਆਂ 'ਤੇ ਠੱਲ ਪਾਈ ਜਾ ਸਕੇ ਪਰ ਹੁਣ ਤੱਕ ਕੋਈ ਵੀ ਨਤੀਜਾ ਨਹੀਂ ਨਿਕਲਿਆ।ਲੰਬੇ ਸਮੇਂ ਬੀਤ ਜਾਣ ਬਾਵਜੂਦ ਨਾ ਤਾਂ ਸਰਕਾਰ ਦੇ ਸਿਰ 'ਤੇ ਜੂੰ ਸਰਕੀ ਅਤੇ ਨਾ ਹੀ ਪ੍ਰਸ਼ਾਸਨ ਨੇ ਕੋਈ ਅਹਿਮ ਕਦਮ ਚੁੱਕਿਆ ,ਜਿਸ ਕਾਰਨ ਹੀ ਬੀਤੇਂ ਕੱਲ੍ਹ ਪੰਜਾਬ ਦੇ ਲੋਕਾਂ ਵੱਲੋਂ ਇਸ ਖਿਲਾਫ ਵੱਡੇ ਪੱਧਰ 'ਤੇ ਅੰਦੋਲਨ ਕੀਤਾ ਗਿਆ ।ਪਰ ਇੱਕ ਵਾਰ ਮੁੜ ਸਰਕਾਰ ਨੇ ਪੰਜਾਬ ਦੇ ਲੋਕਾਂ ਦੀ ਆਵਾਜ਼ ਸੁਣਨ ਦੀ ਬਜਾਏ ਉਸਨੂੰ ਦਬਾਉਣ ਦੀ ਕੋਸ਼ਿਸ਼ ਕੀਤੀ,ਜਦਕਿ ਸੂਬਾ ਸਰਕਾਰ ਨੂੰ ਆਪਣੇ ਲੋਕਾਂ ਦੇ ਹੱਕ 'ਚ ਖੜਨ੍ਹਾ ਚਾਹੀਦਾ ਸੀ।ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਨੂੰ ਅਸੀਂ ਹਰ ਰੋਜ ਪੜਦੇ ਹਾਂ , ਪਰ ਬੇਹੱਦ ਅਫਸੋਸ ਦੀ ਗੱਲ ਹੈ ਕਿ ਅਸੀਂ ਇਸ ਤੇ ਅਮਲ ਨਹੀਂ ਕੀਤਾ,ਜਿਸਦਾ ਸਿੱਟਾ ਇਹ ਹੈ ਕਿ ਅੱਜ ਗੁਰੂ ਸਮਾਨ ਹਵਾ ਸਾਹ ਲੈਣ ਯੋਗ ਨਹੀਂ , ਨਾ ਹੀ ਪਿਤਾ ਰੂਪੀ ਪਾਣੀ ਪੀਣ ਯੋਗ ਹੈ ਅਤੇ ਧਰਤੀ ਮਾਂ ਦੀ ਗੋਦ ਨੂੰ ਅਸੀਂ ਜ਼ਿਹਰਾਂ ਪਾ ਕੇ ਅਤੇ ਗੰਦਗੀ ਦੇ ਢੇਰ ਲਾ ਬੁਰੀ ਤਰਾਂ ਪ੍ਰਦੂਸ਼ਿਤ ਕਰ ਦਿੱਤਾ ਹੈ ।ਲੁਧਿਆਣੇ ਦਾ ਪਵਿੱਤਰ ਇਤਿਹਾਸਿਕ ਬੁੱਢਾ ਦਰਿਆ ਇਸ ਦੀ ਤਾਜ਼ਾ ਮਿਸਾਲ ਹੈ,ਜੋ ਅੱਜ ਸੜਿਆਂਦ ਮਾਰਦਾ ਅਤੇ ਬਿਮਾਰੀਆਂ ਨੂੰ ਵੰਡਦਾ ਬੁੱਢਾ ਨਾਲਾ ਬਣ ਗਿਆ ਹੈ ।ਸਾਡਾ ਸਤਲੁਜ ਦਰਿਆ ਜੋ ਕਿ ਗਲੇਸ਼ੀਅਰਾਂ ਦੇ ਅਮ੍ਰਿਤ ਰੂਪੀ ਪਾਣੀ ਦਾ ਸੋਮਾ ਹੈ , ਅੱਜ ਹਿਮਾਚਲ 'ਚੋਂ ਲੰਘ ਕੇ 'ਬੀ' ਗਰੇਡ ਤੇ ਲੁਧਿਆਣਾ ਸ਼ਹਿਰ ਦੇ ਅਣਟਰੀਟਡ ਪਾਣੀ ਨਾਲ ਦੂਸ਼ਿਤ ਹੋ ਕੇ ਬੁੱਢੇ ਨਾਲੇ ਰਾਂਹੀ ਪੈਣ ਉਪਰੰਤ 'ਈ' ਗਰੇਡ ਹੋ ਜਾਂਦਾ ਹੈ ।ਉਨ੍ਹਾਂ ਕਿਹਾ ਕਿ ਸ਼ੁੱਧ ਹਵਾ ਤੇ ਪਾਣੀ ਕੇਵਲ ਮੁਨੱਖਾਂ ਲਈ ਨਹੀ ,ਸਗੋਂ ਸਾਰੇ ਜੀਵ ਜੰਤੂਆਂ ਦੇ ਜਿਊਣ ਲਈ ਜਰੂਰੀ ਹੈ ।ਸਾਡੀਆਂ ਆਉਣ ਵਾਲੀਆਂ ਪੀੜੀਆਂ ਦਾ ਭਵਿੱਖ ਤਾਂ ਹੀ ਸੁਰੱਖਿਅਤ ਅਤੇ ਖੁਸ਼ਹਾਲ ਹੋਵੇਗਾ ਜੇਕਰ ਅਸੀਂ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਵਾਂਗੇ। ਵਾਤਾਵਰਣ ਪ੍ਰਦੂਸ਼ਣ ਦੀ ਗੰਭੀਰ ਸਮੱਸਿਆ ਦੇ ਹੱਲ ਲਈ ਸਰਕਾਰ ਨੂੰ ਅੰਦੋਲਨਕਾਰੀਆਂ ਨਾਲ ਸਹਿਮਤੀ ਬਣਾ ਕੇ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਮੰਨ ਲੈਣੀ ਚਾਹੀਦੀ ਹੈ ਤੇ ਇਤਿਹਾਸਕ ਬੁੱਢੇ ਦਰਿਆ ਨੂੰ ਬਚਾਉਣ ਲਈ ਠੋਸ ਰਣਨੀਤੀ ਬਣਾਉਣੀ ਚਾਹੀਦੀ ਹੈ।

## ਨਸ਼ਿਆਂ ਦੇ ਖ਼ਾਤਮੇ ਲਈ ਸਾਰੇ ਵਰਗਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ : ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਨਸ਼ਾ ਮੁਕਤ ਭਾਰਤ ਅਭਿਆਨ ਸਮਾਜਿਕ ਨਿਆਂ ਅਤੇ ਸੰਸਕਤੀਕਰਨ ਮੰਤਰਾਲਾ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਮਿਸ਼ਨ ਤੰਦਰੁਸਤ ਪੰਜਾਬ ਤਹਿਤ ਨਸ਼ਿਆਂ ਦੇ ਵਿਰੋਧੀ ਜਾਗਰੂਕਤਾ ਲਈ ਇਲਾਕੇ ਦੀਆਂ ਪੰਚਾਇਤਾਂ, ਸਮਾਜ ਸੇਵੀ ਸੰਸਥਾਵਾਂ ਨੂੰ ਅੱਗੇ ਹੋ ਕੇ ਨਸਿਆਂ ਦੀ ਲੜਾਈ ਚਾਹੀਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਨਿਸਾ ਪੰਜਾਬ ਦੀ ਨੌਜਵਾਨੀ ਨੂੰ ਘੁਣ ਵਾਂਗ ਖਾ ਰਿਹਾ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਆਪਸੀ ਮੱਤਭੇਦ ਭੁੱਲਾਕੇ ਰਾਜਨੀਤੀ ਤੋਂ ਉੱਪਰ ਉੱਠ ਕੇ ਆਪਣੀ ਨੌਜਾਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਇੱਕਜੁੱਟ ਹੋ ਕੇ ਅੱਗੇ ਆਉਣਾ ਪਵੇਗਾ।ਉਹਨਾਂ ਕਿਹਾ ਕਿ ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਸਾਰੀਆਂ ਰਾਜਨੀਤਕ ਪਾਰਟੀਆਂ, ਪੰਚਾਇਤਾਂ, ਧਾਰਮਿਕ, ਸਮਾਜਿਕ ਸੰਸਥਾਵਾਂ ਅਤੇ ਸਕੂਲਾਂ ਕਾਲਜਾਂ ਦਾ ਸਹਿਯੋਗ ਜ਼ਰੂਰੀ ਹੈ ਤਾਂ ਹੀ ਅਸੀਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰ ਸਕਾਂਗੇ।

ਪੰਜਾਬ ਪੈਨਸ਼ਨਰਜ਼ ਯੂਨੀਅਨ

# 17 ਦਸੰਬਰ ਨੂੰ ਮਨਾਏਗੀ ਪੈਨਸ਼ਨਰ ਡੇ




**ਫ਼ਿਰੋਜ਼ਪੁਰ, 6 ਦਸੰਬਰ (ਮਨੋਹਰ ਲਾਲ) :—** ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਕਾਮਰੇਡ ਜਰਨੈਲ ਸਿੰਘ ਭਵਨ ਵਿਚ ਜਨਰਲ ਸਕੱਤਰ ਗੁਰਤੇਜ਼ ਸਿੰਘ ਬਰਾੜ ਤੇ ਸੀ.ਮੀਤ ਪ੍ਰਧਾਨ ਰਾਜਪਾਲ ਬੇਰੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਓਮ ਪ੍ਰਕਾਸ਼ ਚੇਅਰਮੈਨ ਨੇ ਪਿਛਲੇ ਸਮੇਂ ਦੌਰਾਨ ਜਥੇਬੰਦੀ ਵੱਲੋਂ ਕੀਤੀਆਂ ਗਈਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ, ਜਦੋਂ ਕਿ ਅਵਤਾਰ ਸਿੰਘ ਫ਼ਿਰੋਜ਼ਪੁਰ ਨੇ ਸਰਕਾਰ ਵੱਲੋਂ ਪੈਨਸ਼ਨਰਾਂ ਪ੍ਰਤੀ ਵਰਤੇ ਜਾ ਰਹੇ ਮਾੜੇ ਰਵਈਏ ਦੀ ਨਿਖੇਧੀ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੈਨਸ਼ਨਰ ਆਗੂਆਂ ਮਲਕੀਤ ਚੰਦ ਪਾਸੀ ਕੈਸ਼ੀਅਰ, ਬਲਵੰਤ ਸਿੰਘ ਸੰਧੂ ਪ੍ਰਧਾਨ, ਸੰਤ ਰਾਮ, ਕੁਲਦੀਪ ਸਿੰਘ ਖੁੰਘਰ, ਮੁਖਤਿਆਰ ਸਿੰਘ, ਅਵਤਾਰ ਸਿੰਘ ਨੇ ਸਰਕਾਰ ਤੇ ਦੋਸ਼ ਲਾਇਆ ਕਿ ਸਰਕਾਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਨੂੰ ਗਿਣੀ—ਮਿਥੀ ਸਾਜਿਸ਼ ਤਹਿਤ ਨਜ਼ਰ ਅੰਦਾਜ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮੀਟਿੰਗ ਦਾ ਸਮਾਂ ਦੇ ਕੇ ਭਗੌੜਾ ਹੋ ਜਾਂਦਾ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਸਾਢੇ ਪੰਜ ਸਾਲ ਦਾ ਪੇਕਮਿਸ਼ਨ ਦਾ ਬਕਾਇਆ ਨਹੀਂ ਦੇ ਰਹੀ, ਡੀ.ਏ ਦੀਆਂ 11ਪ੍ਰਤੀਸ਼ਤ ਡਿਊ ਕਿਸ਼ਤਾਂ ਨਹੀਂ ਦੇ ਰਹੀ ਅਤੇ ਡੀ.ਏ ਦੀਆਂ ਪਿਛਲਾ ਬਕਾਇਆ ਵੀ ਨੱਪੀ ਬੈਠੀ ਹੈ, ਜਿਸ ਕਰਕੇ ਪੈਨਸ਼ਨਰਾਂ ਵਿਚ ਸਰਕਾਰ ਪ੍ਰਤੀ ਭਾਰੀ ਰੋਸ ਅਤੇ ਗੁੱਸਾ ਹੈ। ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ 17 ਦਸੰਬਰ ਨੂੰ ਪੈਨਸ਼ਨਰ ਦਿਹਾੜਾ ਕਾਮਰੇਡ ਜਰਨੈਲ ਸਿੰਘ ਭਵਨ ਵਿਚ ਮਨਾਇਆ ਜਾਵੇਗਾ। ਅੱਜ ਦੀ ਮੀਟਿੰਗ ਉਪਰੰਤ ਸਰਕਾਰ ਵਿਰੁੱਧ ਜੰਮ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਸਰਕਾਰ ਵਿਰੁੱਧ ਨਾਅਰੇਬਾਜੀ ਕਰਦਿਆਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੇ ਹਿੱਤਾਂ ਤੇ ਪਹਿਰਾ ਦੇਣ ਦਾ ਐਲਾਨ ਕੀਤਾ ਗਿਆ। ਇਸ ਮੌਕੇ ਜ਼ਸਵੰਤ ਸੈਣੀ, ਦੁਰਗਾ ਦਾਸ, ਬਲਦੇਵ ਰਾਜ, ਪ੍ਰੀਤਮ ਸਿੰਘ, ਪਵਨ ਕੁਮਾਰ, ਅਮਰਜੀਤ, ਸਾਧੂ ਸਿੰਘ, ਨਿਰਮਲ ਸਿੰਘ, ਹਰਨਾਮ ਸਿੰਘ ਆਦਿ ਹਾਜ਼ਰ ਸਨ।ਮੀਟਿੰਗ ਦੌਰਾਨ 75 ਅਤੇ 80 ਸਾਲਾਂ ਦੀ ਉਮਰ ਪੂਰੀ ਕਰ ਚੁੱਕੇ ਮੈਂਬਰਾਂ ਨੂੰ ਵਿਸ਼ੇਸ਼ ਸਨਮਾਨ ਨਾਲ ਸਨਮਾਨਿਤ ਕੀਤਾ ਅਤੇ ਸਮੂਹ ਮੈਂਬਰਾਂ ਦੀ ਚੜ੍ਹਦੀ ਕਲਾਂ ਦੀ ਕਾਮਨਾ ਕੀਤੀ।

ਫੈਡਰੇਸ਼ਨ ਮਹਿਤਾ ਨੇ ਇਕ ਵੱਡੇ ਨਿਰਾਦਰੀ ਕਾਂਡ ਦਾ ਕੀਤਾ ਪਰਦਾਫਾਸ਼

# ਦੋਸ਼ੀ ਦੀ ਸ਼ਨਾਖਤ ਕਰਕੇ ਸੋਧਾ ਲਾ ਕੀਤਾ ਪੁਲਿਸ ਹਵਾਲੇ : ਜਸਪਾਲ ਸਿੰਘ




**ਫ਼ਿਰੋਜ਼ਪੁਰ, 6 ਦਸੰਬਰ (ਮਨੋਹਰ ਲਾਲ) :—** ਸਾਲ 2015 ਤੋਂ ਸ਼ੁਰੂ ਹੋਈਆਂ ਬੇਅਦਬੀਆਂ ਦੀਆਂ ਘਟਨਾਵਾਂ ਅਜੇ ਵੀ ਰੁਕਣ ਦਾ ਨਾਮ ਨਹੀਂ ਲੈ ਰਹੀਆਂ ਅਤੇ ਸੰਗਤਾਂ ਵਿਚ ਇਸ ਗੱਲ ਦਾ ਬਹੁਤ ਰੋਸ ਵੇਖਣ ਨੂੰ ਮਿਲ ਰਿਹਾ ਹੈ।ਅੱਜ ਫ਼ਿਰੋਜ਼ਪੁਰ ਦੇ ਨਜਦੀਕ ਥਾਣਾ ਸਦਰ ਅਧੀਨ ਆਉਂਦੇ ਪਿੰਡ ਅੱਛੇ ਵਾਲਾ (ਹਾਕੇਵਾਲਾ) ਵਿਚ ਇਕ ਦਿਲ ਕੰਬਾਊ ਵੱਡੀ ਘਟਨਾ ਦਾ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਪਰਦਾਫਾਸ਼ ਕਰਨ ਦਾ ਦਾਅਵਾ ਕੀਤਾ ਹੈ।ਜਾਣਕਾਰੀ ਸਾਂਝੀ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਇਸ ਪਿੰਡ ਦੀ ਰਿਖੀ ਕਲੋਨੀ ਦਾ ਇਕ ਪਰਿਵਾਰ ਜ਼ੋ ਕਿ ਸਿੱਖ ਧਰਮ ਵਿਚ ਆਸਥਾ ਰੱਖਦਾ ਸੀ, ਪਰ ਕੁਝ ਸਮੇਂ ਤੋਂ ਇਸਾਈ ਭਾਈਚਾਰੇ ਦੇ ਇਕ ਪਾਦਰੀ ਵੱਲੋਂ ਉਨ੍ਹਾਂ ਨੂੰ ਕਈ ਤਰ੍ਹਾਂ ਦੇ ਲਾਲਚ ਦੇ ਕੇ ਕ੍ਰਿਸਚਿਨ ਧਰਮ ਅਪਨਾਉਣ ਲਈ ਗੁੰਮਰਾਹ ਕੀਤਾ ਜਾ ਰਿਹਾ ਸੀ ਤੇ ਉਸ ਪਰਿਵਾਰ ਦੇ ਮੁਖੀ ਜ਼ੋ ਧਰਮਿੰਦਰ ਸਿੰਘ ਦੇ ਨਾਮ ਨਾਲ ਜਾਣਿਆ ਜਾਂਦਾ ਹੈ, ਨੇ ਲਾਲਚ ਵਿਚ ਆ ਕੇ ਆਪਣੇ ਸਾਰੇ ਪਰਿਵਾਰ ਜਿਸ ਵਿਚ ਉਸਦੀ ਮਾਤਾ ਅਤੇ ਲੜਕੇ ਨੇ ਅੰਮ੍ਰਿਤ ਛਕਿਆ ਹੋਇਆ ਸੀ, ਨੂੰ ਵੀ ਧਰਮ ਪਰਿਵਰਤਨ ਕਰਵਾ ਕੇ ਇਸਾਈ ਧਰਮ ਵਿਚ ਸ਼ਾਮਲ ਕਰ ਲਿਆ ਅਤੇ ਇਸਾਈ ਧਰਮ ਦੇ ਪਾਦਰੀ ਪ੍ਰਦੀਪ ਜ਼ੋ ਕਿ ਫ਼ਿਰੋਜ਼ਪੁਰ ਦੇ ਨੇੜਲੇ ਪਿੰਡ ਕੈਨਾਲ ਕਲੋਨੀ ਦਾ ਵਸਨੀਕ ਹੈ, ਦੇ ਕਹਿਣ ਤੇ ਆਪਣੇ ਘਰ ਵਿਚੋਂ ਗੁਰਬਾਣੀ ਦੇ ਗੁਟਕੇ, ਗੁਰੂ ਸਾਹਿਬਾਨ ਦੇ ਸਰੂਪ, ਧਾਰਮਿਕ ਕੰਕਾਰ ਅਤੇ ਕੱਟੇ ਕੇਸ ਪਿੰਡ ਦੇ ਬਾਹਰ ਗੰਦਗੀ ਦੇ ਢੇਰ ਉੱਤੇ ਸੁੱਟ ਦਿੱਤੇ।

ਭਾਈ ਜ਼ਸਪਾਲ ਸਿੰਘ ਕੌਮੀ ਸੀਨੀਅਰ ਮੀਤ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਦੱਸਿਆ ਕਿ ਇਸ ਸਬੰਧੀ ਜਾਣਕਾਰੀ ਮਿਲਦਿਆਂ ਹੀ ਜਥੇਬੰਦੀ ਵੱਲੋਂ ਪਿੰਡ ਦੇ ਕਿਸੇ ਵਿਅਕਤੀ ਵੱਲੋਂ ਫੋਨ ਕਰਕੇ ਸਾਰੀ ਵਾਪਰੀ ਘਟਨਾ ਬਾਰੇ ਦੱਸਿਆ ਗਿਆ, ਜਿਸ ਤੇ ਤੁਰੰਤ ਹਰਕਤ ਵਿਚ ਆਉਂਦਿਆਂ ਫੈਡਰੇਸ਼ਨ ਦੀ ਟੀਮ ਤੁਰੰਤ ਘਟਨਾ ਸਥਲ ਤੇ ਪਹੁੰਚ ਗਈ ਅਤੇ ਘਟਨਾ ਵਾਲੀ ਥਾਂ ਤੋਂ ਉਸ ਸਾਰੀ ਸਮੱਗਰੀ ਨੂੰ ਸਤਿਕਾਰ ਸਹਿਤ ਚੁੱਕ ਕੇ ਪਿੰਡ ਦੇ ਗੁਰਦੁਆਰਾ ਸਾਹਿਬ ਪਹੁੰਚਾ ਦਿੱਤਾ ਗਿਆ, ਜਦ ਫੈਡਰੇਸ਼ਨ ਮਹਿਤਾ ਦੀ ਟੀਮ ਅਤੇ ਪਿੰਡ ਵਾਸੀਆਂ ਸਾਰੀ ਜਾਂਚ ਪੜਤਾਲ ਕੀਤੀ ਤਾਂ ਉਸ ਸਮੱਗਰੀ ਵਿਚੋਂ ਦੋਸ਼ੀ ਪਰਿਵਾਰ ਦੀਆਂ ਫੋਟੋਆਂ ਵੀ ਬਰਾਮਦ ਹੋਈਆਂ ਤਾਂ ਉਸ ਘਰ ਪਹੁੰਚ ਕੇ ਆਗੂਆਂ ਨੇ ਉਸ ਤੋਂ ਪੁਛ—ਪੜਤਾਲ ਕੀਤੀ ਤਾਂ ਉਹ ਪਹਿਲਾਂ ਤਾਂ ਮੁਕਰਨ ਲੱਗੇ, ਜਦ ਫੈਡਰੇਸ਼ਨ ਆਗੂਆਂ ਨੇ ਉਸ ਨੂੰ ਕੁਝ ਸੋਧਾ ਲਾਇਆ ਤਾਂ ਉਸ ਨੇ ਸੱਚ ਬੋਲ ਕੇ ਕਿਹਾ ਕਿ ਮੈਂ ਹੀ ਇਹ ਸਾਰਾ ਕੰਮ ਪਾਦਰੀ ਪ੍ਰਦੀਪ ਦੇ ਕਹਿਣ ਤੇ ਕੀਤਾ ਹੈ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਦੱਸਿਆ ਕਿ ਏਨ੍ਹੇ ਨੂੰ ਪੁਲਿਸ ਫੋਰਸ ਵੀ ਮੌਕੇ ਤੇ ਪਹੁੰਚ ਗਈ ਅਤੇ ਮਿਲੇ ਸਬੂਤਾਂ ਦੇ ਆਧਾਰ ਤੇ ਉਸ ਨੂੰ ਪੁਲਿਸ ਹਵਾਲੇ ਕਰ ਦਿੱਤਾ ਗਿਆ, ਜਿਸ ਦੇ ਪੁਲਿਸ ਨੇ ਦੋਸ਼ੀ ਧਰਮਿੰਦਰ ਸਿੰਘ ਤੇ ਪਰਚਾ ਦਰਜ ਕਰ ਲਿਆ ਹੈ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਫੈਡਰੇਸ਼ਨ ਦੀ ਇਸ ਟੀਮ ਵਿਚ ਭਾਈ ਜ਼ਸਪਾਲ ਸਿੰਘ, ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ ਸਿੱਧੂ, ਗੁਰਦਰਸ਼ਨ ਸਿੰਘ ਬੱਬੀ, ਜ਼ਸਬੀਰ ਸਿੰਘ ਜੱਸ, ਹਰਜਿੰਦਰ ਸਿੰਘ ਬੱਗਾ, ਗੁਰਦੀਪ ਸਿੰਘ ਅੱਛੇਵਾਲਾ, ਮਿਹਰ ਸਿੰਘ ਜ਼ੋਸਨ, ਕਿਰਨਦੀਪ ਸਿੰਘ ਪੱਲਾ ਸਮੇਤ ਹੋਰ ਵੀ ਕਈ ਵਰਕਰ ਹਾਜ਼ਰ ਸਨ।

# ਭੋਗ ਤੇ ਵਿਸ਼ੇਸ਼ : ਬਲਵਿੰਦਰ ਕੌਰ ਖਾਲਸਾ, 8 ਦਸੰਬਰ ਨੂੰ ਹੋਵੇਗਾ ਸ਼ਰਧਾਂਜਲੀ ਸਮਾਰੋਹ



ਫ਼ਿਰੋਜ਼ਪੁਰ, 6 ਦਸੰਬਰ (ਮਨੋਹਰ ਲਾਲ) :— ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜਿਲ੍ਹਾ ਫਿਰੋਜ਼ਪੁਰ ਦੇ ਵਿੱਤ ਸਕੱਤਰ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਤੇ ਸੂਬਾਈ ਆਗੂ ਸ਼੍ਰੀਮਤੀ ਬਲਵਿੰਦਰ ਕੌਰ ਖਾਲਸਾ ਦਾ ਜਨਮ ਮਿਤੀ 7—3—1952 ਨੂੰ ਪਿੰਡ ਲੋਪੋ ਹੁਣ ਜ਼ਿਲ੍ਹਾ ਮੋਗਾ ਵਿਖੇ ਹੋਇਆ, ਇਨ੍ਹਾਂ ਨੇ ਦਸਵੀਂ ਤੱਕ ਪੜਾਈ ਦੇ ਨਾਲ ਗਿਆਨੀ ਦੀ ਪ੍ਰੀਖਿਆ ਅਤੇ ਪੰਜਾਬੀ ਟਾਈਪ ਦੀ ਸਿੱਖਿਆ ਪ੍ਰਾਪਤ ਕੀਤੀ।ਸ੍ਰੀਮਤੀ ਬਲਵਿੰਦਰ ਕੌਰ ਸਾਲ 1974—75 ਦੌਰਾਨ ਸਿੰਚਾਈ ਵਿਭਾਗ ਵਿੱਚ ਭਰਤੀ ਹੋਏ, ਜਿਨ੍ਹਾਂ ਦਾ ਵਿਆਹ 1978 ਨੂੰ ਸ਼੍ਰੀ ਸੁਖਦੇਵ ਸਿੰਘ ਖਾਲਸਾ ਪ੍ਰੋਫੈਸਰ ਵਾਸੀ ਘੱਲ ਖੁਰਦ ਜ਼ਿਲ੍ਹਾ ਫਿਰੋਜ਼ਪੁਰ ਨਾਲ ਹੋਇਆ। ਆਪ ਦੇ ਘਰ ਦੋ ਸਪੁਤਰਾਂ ਨੇ ਜਨਮ ਲਿਆ, ਜਿਨ੍ਹਾਂ ਨੂੰ ਉੱਚ ਪੱਧਰ ਦੀ ਸਿੱਖਿਆ ਦਿੱਤੀ ਅਤੇ ਖ਼ਾਨਦਾਨੀ ਪਰਿਵਾਰਾਂ ਚ ਉਨ੍ਹਾਂ ਦੇ ਵਿਆਹ ਕੀਤੇ। ਸ਼੍ਰੀਮਤੀ ਬਲਵਿੰਦਰ ਕੌਰ ਖਾਲਸਾ ਨੇ ਜਿੱਥੇ ਵਿਭਾਗ ਵਿਚ ਇਮਾਨਦਾਰੀ, ਮਿਹਨਤ ਅਤੇ ਲਗਨ ਨਾਲ਼ ਨੌਕਰੀ ਕੀਤੀ ਉਥੇ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਮਸਲਿਆਂ ਦੇ ਹੱਲ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਤੋਂ ਸੂਬਾ ਕਮੇਟੀ ਤੱਕ ਅਗਾਂਹ ਵਧੂ ਰੋਲ ਅਦਾ ਕੀਤਾ ਅਤੇ ਹਰ ਇੱਕ ਦੀ ਸਮੱਸਿਆ ਸਮੇਂ ਹਿੰਮਤ ਨਾਲ ਸਾਥ ਦਿੱਤਾ। ਪੰਜਾਬ ਸਰਕਾਰ ਵਲੋਂ ਸਾਲ 2003 ਵਿੱਚ ਪੰਚਾਇਤੀ ਚੋਣਾਂ ਦੌਰਾਨ ਉਨ੍ਹਾਂ ਵੱਲੋ ਕੀਤੇ ਗਏ ਸ਼ਾਨਦਾਰ ਕੰਮਾਂ ਲਈ ਬਹਾਦਰ ਔਰਤ ਦਾ ਖਿਤਾਬ ਦਿੱਤਾ ਗਿਆ ਅਤੇ ਬੀਬੀ ਬਲਵਿੰਦਰ ਕੌਰ ਖ਼ਾਲਸਾ ਦੀ ਸੇਵਾ ਮੁਕਤੀ 2010 ਨੂੰ ਕੈਨਾਲ ਕਲੋਨੀ ਫਿਰੋਜ਼ਪੁਰ ਤੋਂ ਬਤੌਰ ਸੀਨੀਅਰ ਸਹਾਇਕ ਹੋਈ।ਸ਼੍ਰੀਮਤੀ ਬਲਵਿੰਦਰ ਕੌਰ ਖਾਲਸਾ ਦਾ ਵੱਡਾ ਲੜਕਾ ਸਾਹਿਬ ਸਿੰਘ ਜੋ ਸਰਕਾਰੀ ਵਕੀਲ ਹੁਣ ਡੀ.ਡੀ.ਏ ਫਰੀਦਕੋਟ ਅਤੇ ਛੋਟਾ ਲੜਕਾ ਮਨਜੀਤ ਸਿੰਘ ਮਨੀ ਹੁਣ ਆਸਟ੍ਰੇਲੀਆ ਵਿਚ ਆਪਣੇ ਪਰਿਵਾਰ ਨਾਲ ਰਹਿ ਰਿਹਾ ਹੈ। ਆਪ ਦੀ ਵੱਡੀ ਨੂੰਹ ਸ਼੍ਰੀਮਤੀ ਜਸਪ੍ਰੀਤ ਕੌਰ ਅਧਿਆਪਕ ਅਤੇ ਛੋਟੀ ਨੂੰਹ ਸ਼੍ਰੀਮਤੀ ਅਮਨਦੀਪ ਕੌਰ ਬੀ.ਐਡ ਹੈ। ਬੀਬੀ ਬਲਵਿੰਦਰ ਕੌਰ ਖ਼ਾਲਸਾ ਅਚਾਨਕ ਬੀਤੇ ਦਿਨੀਂ ਆਪਣੇ ਸੰਧੂ ਪਰਿਵਾਰ ਦੀ ਹਸਦੀ ਵਸਦੀ ਫੁਲਵਾੜੀ ਪੋਤਰੇ ਹਰਨੂਰ ਸਿੰਘ, ਹਰਜਾਪ ਸਿੰਘ, ਬਲਪ੍ਰੀਤ ਸਿੰਘ ਆਸਟ੍ਰੇਲੀਆ ਅਤੇ ਪੋਤਰੀ ਬਨੀਤ ਕੌਰ ਆਸਟ੍ਰੇਲੀਆ ਨੂੰ ਛੱਡ ਕੇ 2/12/2024 ਨੂੰ ਸਦੀਵੀਂ ਵਿਛੋੜਾ ਦੇ ਗਏ, ਜਿਨ੍ਹਾਂ ਦੇ ਨਮਿਤ ਰੱਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਅਤੇ ਅੰਤਿਮ ਅਰਦਾਸ ਮਿਤੀ 8 ਦਸੰਬਰ 2024 ਦਿਨ ਐਤਵਾਰ ਨੂੰ ਗੁਰਦੁਆਰਾ ਬਾਬਾ ਰਾਮ ਲਾਲ ਮੱਲਵਾਲ ਰੋਡ, ਫ਼ਿਰੋਜ਼ਪੁਰ ਸ਼ਹਿਰ ਵਿਖੇ ਹੋਵੇਗੀ। ਉਨ੍ਹਾਂ ਦੇ ਚਲੇ ਜਾਣ ਨਾਲ ਜਿਥੇ ਪਰਿਵਾਰ ਅਤੇ ਰਿਸ਼ਤੇਦਾਰਾਂ ਨੂੰ ਘਾਟਾ ਪਿਆ ਹੈ ਉਥੇ ਮੁਲਾਜ਼ਮ ਲਹਿਰ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

# ਵਿਕਾਸ ਦੇ ਕੰਮਾਂ ਵੱਲ ਧਿਆਨ ਦੇਣ ਸਰਕਾਰੀ ਨੁਮਾਇੰਦੇ, ਪਿੰਡਾਂ/ਸ਼ਹਿਰਾਂ ਦੀ ਹਾਲਤ ਬਣੀ ਤਰਸਯੋਗ- ਸਿੱਧੂ



**ਤਲਵੰਡੀ ਸਾਬੋ, 06 ਦਸੰਬਰ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਆਪਣੇ 21 ਮਹੀਨਿਆਂ ਦੇ ਕਾਰਜਕਾਲ ਦੌਰਾਨ ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ ਲਈ ਕੋਈ ਪੈਸਾ ਖਰਚ ਨਹੀ ਕੀਤਾ ਜਿਸਦੇ ਚਲਦਿਆਂ ਪਿੰਡਾਂ/ਸ਼ਹਿਰਾਂ ਦੀ ਹਾਲਤ ਤਰਸਯੋਗ ਬਣਦੀ ਜਾ ਰਹੀ ਹੈ ਪਰ ਹੁਣ ਸਰਕਾਰੀ ਨੁਮਾਇੰਦਿਆਂ ਨੂੰ ਚਾਹੀਦੈ ਕਿ ਉਹ ਕੁੰਭਕਰਨੀਂ ਨੀਂਦ ਚੋਂ ਜਾਗਣ ਅਤੇ ਵਿਕਾਸ ਕਾਰਜਾਂ ਵੱਲ ਧਿਆਨ ਦੇ ਕੇ ਲੋੜੀਂਦੇ ਫੰਡ ਸਰਕਾਰਾਂ ਤੋਂ ਲਿਆਉਣ।ਉਕਤ ਵਿਚਾਰਾਂ ਦਾ ਪ੍ਰਗਟਾਵਾ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਦੀ ਟਿਕਟ ਤੇ ਚੋਣ ਲੜ ਚੁੱਕੇ ਸੀਨੀਅਰ ਕਾਂਗਰਸੀ ਆਗੂ ਅਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਅੱਜ ਕਰੀਬੀਆਂ ਦੇ ਨਿੱਜੀ ਪ੍ਰੋਗਰਾਮਾਂ 'ਚ ਸ਼ਿਰਕਤ ਕਰਨ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਪਿਛਲੇ ਕਰੀਬ 21 ਮਹੀਨਿਆਂ ਤੋਂ ਸਰਕਾਰ ਦੇ ਨੁਮਾਇੰਦਿਆਂ ਨੇ ਹਲਕਾ ਤਲਵੰਡੀ ਸਾਬੋ ਦੇ ਕਿਸੇ ਪਿੰਡ/ਸ਼ਹਿਰ ਦੇ ਵਿਕਾਸ ਲਈ ਗ੍ਰਾਂਟ ਉਪਲੱਬਧ ਨਹੀ ਕਰਵਾਈ ਜਿਸਦੇ ਚਲਦਿਆਂ ਇਤਿਹਾਸਿਕ ਨਗਰ ਤਲਵੰਡੀ ਸਾਬੋ, ਵਪਾਰਕ ਨਗਰੀ ਰਾਮਾਂ ਮੰਡੀ ਦੇ ਨਾਲ ਨਾਲ ਹਲਕੇ ਦੇ ਸਮੁੱਚੇ ਪਿੰਡਾਂ ਚ ਵਿਕਾਸ ਕਾਰਜ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਹੋਰ ਤਾਂ ਹੋਰ ਲੋਕ ਮੁਢਲੀਆਂ ਸਹੂਲਤਾਂ ਤੋਂ ਵੀ ਵਾਂਝੇ ਹੁੰਦੇ ਜਾ ਰਹੇ ਨੇ ਕਿਉਂਕਿ ਸਹੂਲਤਾਂ ਮੁਹੱਈਆ ਕਰਵਾਉਣ ਵਾਲੇ ਵਿਭਾਗਾਂ ਕੋਲ ਪੈਸੇ ਦੀ ਭਾਰੀ ਕਮੀ ਹੈ। ਸਾਬਕਾ ਵਿਧਾਇਕ ਨੇ ਕਿਹਾ ਕਿ ਇਤਿਹਾਸਿਕ ਨਗਰ ਤਲਵੰਡੀ ਸਾਬੋ ਚ ਹੁਣ ਨਗਰ ਕੌਂਸਲ ਚੋਣਾਂ ਦੇ ਨੇੜੇ ਜੇਕਰ ਗ੍ਰਾਂਟ ਲਿਆਂਦੀ ਵੀ ਤਾਂ ਉਹ ਡੂੰਗੇ ਦੇ ਬਰਾਬਰ ਹੈ ਅਤੇ ਇੰਨੀ ਕੁ ਗ੍ਰਾਂਟ ਤਾਂ ਅਸੀਂ ਇੱਕ ਪਿੰਡ ਚ ਤੁਰੇ ਜਾਂਦੇ ਦੇ ਜਾਇਆ ਕਰਦੇ ਸਾਂ। ਉਨਾਂ ਮੰਗ ਕੀਤੀ ਕਿ ਸਰਕਾਰ ਵੀ ਇਸ ਇਤਿਹਾਸਿਕ ਹਲਕੇ ਵੱਲ ਧਿਆਨ ਦੇਵੇ ਅਤੇ ਵੱਡਾ ਆਰਥਿਕ ਪੈਕੇਜ਼ ਦੇਵੇ। ਸਿੱਧੂ ਨੇ ਆਪਣੇ ਦੌਰੇ ਦੌਰਾਨ ਨਾਮੀ ਪੱਤਰਕਾਰ ਮਰਹੂਮ ਗੁਰਮੀਤ ਸਿੰਘ ਕੋਟਕਪੂਰਾ ਦੀ ਸਥਾਨਕ ਗੁ: ਬੁੰਗਾ ਮਸਤੂਆਣਾ ਸਾਹਿਬ ਵਿਖੇ ਹੋਈ ਅੰਤਿਮ ਅਰਦਾਸ ਮੌਕੇ ਵੀ ਹਾਜ਼ਰੀ ਭਰੀ ਅਤੇ ਉਨਾਂ ਦੇ ਸਪੁੱਤਰ ਪ੍ਰੋਫੈਸਰ ਅਮਨਦੀਪ ਸਿੰਘ ਨਾਲ ਦੁੱਖ ਸਾਂਝਾ ਕੀਤਾ। ਉਨਾਂ ਨਾਲ ਸੀਨੀਅਰ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟ ਮਹਾਂ ਸਭਾ, ਜਸਪਾਲ ਸਿੰਘ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਸੀ.ਆਗੂ ਤਰਸੇਮ ਸਿੰਘ ਲਾਲੇਆਣਾ, ਗੁਰਮੇਲ ਸਿੰਘ ਲਾਲੇਆਣਾ, ਐਡਵੋਕੇਟ ਜਗਸੀਰ ਸਿੰਘ ਭਾਗੀਵਾਂਦਰ, ਜਗਤਾਰ ਸਿੰਘ ਨੰਬਰਦਾਰ ਆਦਿ ਮੌਜੂਦ ਸਨ।

# ਇਫਕੋ ਵਲੋਂ ਜਿਲ੍ਹਾ ਫਿਰਜ਼ਪੁਰ ਵਿਖੇ ਵਿਸ਼ਵ ਮਿੱਟੀ ਦਿਵਸ ਮਨਾਇਆ



**ਫ਼ਿਰੋਜ਼ਪੁਰ, 6 ਦਸੰਬਰ (ਮਨੋਹਰ ਲਾਲ) :—** ਸੰਸਾਰ ਭਰ ਦੀ ਸਭ ਤੋਂ ਵੱਡੀ ਸਹਿਕਾਰੀ ਸੰਸਥਾ ਇਫ਼ਕੋ ਵਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਸਹਿਕਾਰੀ ਸਭਾ ਮਹਿਮਾ ਦੇ ਵੇਹੜੇ ਵਿਸ਼ਵ ਮਿੱਟੀ ਦਿਵਸ ਮੌਕੇ ਇੱਕ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਲਗਭਗ 75 ਕਿਸਾਨਾਂ ਵਲੋਂ ਹਿੱਸਾ ਲਿਆ ਗਿਆ, ਜਿਸ ਦੀ ਪ੍ਰਧਾਨਗੀ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਫ਼ਿਰੋਜਪੁਰ ਸ਼ਿਮੰਦਰ ਸਿੰਘ ਵੱਲੋਂ ਕੀਤੀ ਗਈ।ਸੈਮੀਨਾਰ ਵਿਚ ਮੁੱਖ ਮਹਿਮਾਨ ਵਜੋਂ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਫ਼ਿਰਜਪੁਰ ਸ਼੍ਰੀਮਤੀ ਸੰਧਿਆ ਸ਼ਰਮਾ ਹਾਜ਼ਰ ਹੋਏ। ਸੈਮੀਨਾਰ ਦੌਰਾਨ ਸੰਦੀਪ ਕੁਮਾਰ ਸਹਾਇਕ ਮੈਨੇਜਰ ਇਫਕੋ ਫ਼ਿਰੋਜਪੁਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਇਫਕੋ ਦੇ ਨੈਨੋ ਖਾਦਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਸਾਨ ਭਰਾਵਾਂ ਨੂੰ ਨੈਨੋ ਖਾਦਾਂ ਦੇ ਪ੍ਰਯੋਗ ਅਤੇ ਲਾਭ ਸੰਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਵਾਤਾਵਰਨ ਲਈ ਬਹੁਤ ਲਾਭਦਾਇਕ ਹਨ ਅਤੇ ਇਨ੍ਹਾਂ ਦੀ ਲਾਗਤ ਵੀ ਰਵਾਇਤੀ ਖਾਦਾਂ ਨਾਲੋਂ ਘੱਟ ਹੈ। ਉਨ੍ਹਾਂ ਇਫਕੋ ਦੀਆਂ ਬਾਇਓ ਖਾਦਾਂ ਕੰਸੋਰਟਿਆ ਅਤੇ ਸਾਗਰਿਕਾ ਬਾਰੇ ਵਿਸਥਾਰ ਨਾਲ ਦਸਦਿਆਂ ਇਨ੍ਹਾਂ ਖਾਦਾਂ ਦੇ ਇਸਤੇਮਾਲ ਸਬੰਧੀ ਜਾਣਕਾਰੀ ਦਿੱਤੀ ਅਤੇ ਬਾਇਓ ਖਾਦ ਨਾਲ ਕਣਕ ਦੇ ਬੀਜ਼ ਨੂੰ ਸੋਧਣ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸ਼੍ਰੀਮਤੀ ਸੰਧੀਆ ਸ਼ਰਮਾਂ ਨੇ ਇਫਕੋ ਦੀਆਂ ਨੈਨੋ ਖਾਦਾਂ ਨੂੰ ਅਜੌਕੇ ਸਮੇਂ ਦੀ ਲੋੜ ਦੱਸਦਿਆਂ ਕਿਸਾਨ ਭਰਾਵਾਂ ਨੂੰ ਇਨ੍ਹਾਂ ਦੀ ਵਰਤੋਂ ਕਰਨ ਲਈ ਆਖਿਆ ਅਤੇ ਇਫਕੋ ਵਲੋਂ ਕੀਤੇ ਜਾਣ ਵਾਲੇ ਸਮਾਜ ਭਲਾਈ ਦੇ ਕੰਮਾਂ ਦੀ ਪ੍ਰਸੰਸਾ ਕੀਤੀ। ਇਸ ਮੌਕੇ ਨਗਰ ਨਿਵਾਸੀਆਂ ਨੂੰ ਇਫਕੋ ਵਲੋਂ ਤਰਲ ਕੰਸੋਰਟੀਆ ਕਿਸਾਨਾਂ ਨੂੰ ਮੁਫਤ ਦਿੱਤਾ ਗਿਆ। ਇਸ ਮੌਕੇ ਸ਼੍ਰੀ ਸ਼ਿਮੰਦਰ ਸਿੰਘ ਨੇ ਇਫਕੋ ਦੀਆਂ ਖਾਦਾਂ ਅਤੇ ਦਵਾਈਆਂ ਤੇ ਦਿੱਤੇ ਜਾਣ ਵਾਲੇ ਦੁਰਘਟਨਾ ਬੀਮੇ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਇਫਕੋ ਦੇ ਇੱਸ ਉਪਰਾਲੇ ਲਈ ਧੰਨਵਾਦ ਕੀਤਾ। ਇਸ ਮੌਕੇ ਗੁਰਦੇਵ ਸਿੰਘ ਮਹਿਮਾ ਸਕੱਤਰ ਸਭਾ ਮਹਿਮਾ ਅਤੇ ਸਾਬਕਾ ਪ੍ਰਧਾਨ ਕੋ ਆਪ. ਇੰਪਲਾਈਜ ਯੂਨੀਅਨ ਪੰਜਾਬ ਨੇ ਕਿਸਾਨ ਭਰਾਵਾਂ ਨੂੰ ਨੈਨੋ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਆ ਅਤੇ ਇਫਕੋ ਦੀ ਵਾਤਾਵਰਨ ਨੂੰ ਬਚਾਉਣ ਲਈ ਕੀਤੇ ਗਏ ਉਪਰਾਲੇ ਦੀ ਵੀ ਸ਼ਲਾਘਾ ਕੀਤੀ ਅਤੇ ਮਿੱਟੀ ਦੀ ਸਿਹਤ ਸੰਭਾਲ ਲਈ ਬਾਇਓ ਖਾਦਾਂ ਵਰਤਣ ਲਈ ਕਿਸਾਨਾਂ ਨੂੰ ਪ੍ਰੇਰਿਆ। ਇਸ ਸੈਮੀਨਾਰ ਵਿਚ ਪਿੰਡ ਮਹਿਮਾ ਦੇ ਸਰਪੰਚ ਅਮਰਜੀਤ ਸਿੰਘ, ਕੋਪ. ਬੈਂਕ ਦੇ ਸਾਬਕਾ ਡਾਇਰੈਕਟਰ ਲਖਵਿੰਦਰ ਸਿੰਘ ਸੰਧੂ, ਸਹਿਕਾਰੀ ਸਭਾ ਮਹਿਮਾ ਦੇ ਨਰਿਖਕ ਹਰਜਿੰਦਰ ਸਿੰਘ, ਇੰਦਰਜੀਤ ਸਿੰਘ, ਗੁਰਮੀਤ ਸਿੰਘ ਸਮੇਤ ਨੇੜੇ ਦੀਆਂ ਸਭਾਵਾਂ ਦੇ ਸਕੱਤਰ ਸਹਿਬਾਨ ਵੀ ਹਾਜ਼ਰ ਹੋਏ।

### ਆਪ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਪੰਜਾਬ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦਾ

# ਸ਼ਹੀਦਾਂ ਦੀ ਧਰਤੀ ਫ਼ਿਰੋਜ਼ਪੁਰ ਪਹੁੰਚਣ ’ਤੇ ਨਿੱਘਾ ਸਵਾਗਤ : ਮਨਜੀਤ ਸਿੰਘ ਔਲਖ






**ਫ਼ਿਰੋਜ਼ਪੁਰ, 6 ਦਸੰਬਰ (ਮਨੋਹਰ ਲਾਲ) :—** ਸ਼ਹੀਦਾਂ ਦੀ ਧਰਤੀ ਫ਼ਿਰੋਜ਼ਪੁਰ ਪੁੱਜੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਹਰਭਜਨ ਸਿੰਘ ਈ.ਟੀ.ਉ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਪੰਜਾਬ ਅਮਨਸੇਰ ਸਿੰਘ ਸ਼ੈਰੀ ਕਲਸੀ ਵਿਧਾਇਕ ਬਟਾਲਾ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਤੇ ਉਨ੍ਹਾਂ ਦੇ ਨਾਲ ਰਜਨੀਸ਼ ਦਹੀਆ ਵਿਧਾਇਕ ਦਿਹਾਤੀ ਫਿਰੋਜ਼ਪੁਰ ਵੀ ਹਾਜਰ ਸਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਨਿਰਵੈਰ ਸਿੰਘ ਸਿੰਧੀ ਮੀਡੀਆ ਇੰਚਾਰਜ ਹਲਕਾ ਫਿਰੋਜ਼ਪੁਰ ਤੇ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਤੇ ਕਾਰਜਕਾਰੀ ਪ੍ਰਧਾਨ ਪੰਜਾਬ ਮੰਤਰੀ ਪੰਜਾਬ ਦਾ ਸ਼ਹੀਦਾਂ ਦੀ ਧਰਤੀ ਤੇ ਪਹੁੰਚਣ ਤੇ ਪਾਰਟੀ ਆਗੂਆਂ ਵੱਲੋਂ ਵੱਖ—ਵੱਖ ਥਾਵਾਂ ਤੇ ਬਹੁਤ ਗਰਮਜੋਸ਼ੀ ਨਾਲ ਫੁੱਲਾਂ ਦੇ ਗੁਲਦਸਤੇ ਅਤੇ ਸਰੋਪੇ ਪਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਵੱਲੋਂ ਅਮਨਸੇਰ ਸਿੰਘ ਸ਼ੈਰੀ ਕਲਸੀ ਵਿਧਾਇਕ ਬਟਾਲਾ ਕਾਰਜਕਾਰੀ ਪ੍ਰਧਾਨ ਪੰਜਾਬ ਦਾ ਸੁਸਾਇਟੀ ਵੱਲੋਂ ਮੁਮਿੰਟੋ ਤੇ ਸਰੋਪੇ ਪਾ ਕੇ ਸਨਮਾਨ ਕੀਤਾ ਅਤੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਵਿਚਾਰ ਵਟਾਂਦਰਾ ਸਾਂਝਾ ਕੀਤਾ। ਇਸ ਮੌਕੇ ਅਮਨਸੇਰ ਸਿੰਘ ਸ਼ੈਰੀ ਕਲਸੀ ਕਾਰਜਕਾਰੀ ਪ੍ਰਧਾਨ ਵੱਲੋਂ ਸੁਸਾਇਟੀ ਦੀ ਸ਼ਲਾਘਾ ਕੀਤੀ ਅਤੇ ਭਰੋਸਾ ਦਿੱਤਾ ਕਿ ਰਾਮਗੜ੍ਹੀਆ ਸੁਸਾਇਟੀ ਮਾਨ ਸਨਮਾਨ ਹਮੇਸ਼ਾ ਪੂਰੇ ਪੰਜਾਬ ਵਿਚ ਬਹਾਲ ਰੱਖਿਆ ਜਾਵੇਗਾ। ਇਸ ਮੌਕੇ ਸੁਸਾਇਟੀ ਆਗੂ ਹਰਭਜਨ ਸਿੰਘ ਦੜਿਆਲਾ ਵੱਲੋਂ ਖਾਲੀ ਪਏ ਰਾਮਗੜ੍ਹੀਆ ਬੋਰਡ ਪੰਜਾਬ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਮੈਂਬਰਾਂ ਦੀ ਪੂਰਤੀ ਲਈ ਲੀਡਰਾਂ ਅੱਗੇ ਪੁਰਜੋਰ ਮੰਗ ਰੱਖੀ ਲੀਡਰਾਂ ਨੇ ਹਾਂ ਪੱਖੀ ਹੁੰਗਾਰਾ ਦਿੰਦਿਆਂ ਭਰੋਸਾ ਦਿਵਾਇਆ ਕਿ ਛੇਤੀ ਰਾਮਗੜ੍ਹੀਆ ਬੋਰਡ ਗਠਿਤ ਕੀਤਾ ਜਾਵੇਗਾ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਕੌਮੀ ਚੇਅਰਮੈਨ, ਮੇਹਰ ਸਿੰਘ ਕਲਸੀ ਸੀਨੀਅਰ ਮੀਤ ਪ੍ਰਧਾਨ ਪੰਜਾਬ, ਸ਼ਮਸ਼ੇਰ ਸਿੰਘ ਕਲਸੀ ਮੀਤ ਪ੍ਰਧਾਨ ਪੰਜਾਬ, ਅੰਗਰੇਜ਼ ਸਿੰਘ ਕਲਸੀ ਵਾਇਸ ਚੇਅਰਮੈਨ ਪੰਜਾਬ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਸੁਖਮਿੰਦਰ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ, ਸਰਬਜੀਤ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ, ਸੁਖਚੈਨ ਸਿੰਘ ਖਾਲਸਾ ਸੀਨੀਅਰ ਆਗੂ, ਜਸਵਿੰਦਰ ਸਿੰਘ ਹੈਡਰੇ ਵਾਲੇ ਸੀਨੀਅਰ ਆਗੂ ਪੰਜਾਬ, ਉਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਕੌਂਸਲ ਮਮਦੋਟ, ਡਾਕਟਰ ਹਰਜਿੰਦਰ ਸਿੰਘ ਸਿੰਧੀ ਆਦਿ ਆਗੂ ਬਹੁਤ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

### ਮਹਾਰਾਸ਼ਟਰ ਦੇ ਮੁੱਖ ਮੰਤਰੀ ਵਜੋਂ ਸ਼੍ਰੀ ਦੇਵੇਂਦਰ ਫੜਨਵੀਸ ਦੇ ਸੋਹੰ ਚੁੱਕ ਸਮਾਰੋਹ ’ਚ


# ਮਲਕੀਤ ਸਿੰਘ ਬੱਲ ਸਮੇਤ ਮਹਾਰਾਸ਼ਟਰ ਸਿੱਖ ਸਮਾਜ ਸ਼ਾਮਿਲ




**ਚੌਕ ਮਹਿਤਾ, 6 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਾਰਾਸ਼ਟਰ ਤੋਂ ਸਿੱਖ ਸਮਾਜ ਦੇ ਪ੍ਰਮੁੱਖ ਮੈਂਬਰਾਂ ਨੇ ਵੱਡੀ ਗਿਣਤੀ ਚੇਅਰਮੈਨ ਮਲਕੀਤ ਸਿੰਘ ਬੱਲ ਜੀ ਦੀ ਅਗਵਾਈ ਹੇਠ ਸ਼੍ਰੀ ਦੇਵੇਂਦਰ ਫਡਣਵੀਸ ਦੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਵਜੋਂ ਸੌਂਹ ਚੁੱਕ ਇਤਿਹਾਸਕ ਸਮਾਰੋਹ ਵਿੱਚ ਹਾਜ਼ਰੀ ਲਗਾਈ। ਇਹ ਸਮਾਰੋਹ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਮੌਜੂਦਗੀ ਵਿੱਚ ਆਯੋਜਿਤ ਕੀਤਾ ਗਿਆ ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸ੍ਰ ਮਲਕੀਤ ਸਿੰਘ ਬੱਲ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਦੱਸਿਆ ਕਿ ਇਹ ਸਮਾਰੋਹ ਸਾਰੇ ਲਈ ਮਾਣ ਭਰਿਆ ਪਲ ਸੀ ਜੋ ਮਹਾਰਾਸ਼ਟਰ ਦੀ ਚਮਕਦਾਰ ਭਵਿੱਖ ਦੀ ਆਸ ਤੇ ਵਚਨਬੱਧਤਾ ਨੂੰ ਦਰਸਾਉਂਦਾ ਹੈ ਚੇਅਰਮੈਨ ਬਲ ਮਲਕੀਤ ਸਿੰਘ ਜੀ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਆਪਣੀ ਦਿਲੀ ਸ਼ੁਭਕਾਮਨਾਵਾਂ ਦਿੱਤੀਆਂ ਤੇ ਕਿਹਾ, “ਅਸੀਂ ਸ਼੍ਰੀ ਦੇਵੇਂਦਰ ਫੜਨਵੀਸ ਨੂੰ ਮਹਾਰਾਸ਼ਟਰ ਦੇ ਲਗਾਤਾਰ ਤਿੰਨ ਵਾਰ ਮੁੱਖ ਮੰਤਰੀ ਬਣਨ ’ਤੇ ਬਹੁਤ ਵਧਾਈ ਦਿੰਦੇ ਹਾਂ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹਨਾ ਦੀ ਨੇਤ੍ਰਿਤਾ ਮਹਾਰਾਸ਼ਟਰ ਨੂੰ ਪ੍ਰਗਤੀ ਦੇ ਸ਼ਿਖਰਾਂ ’ਤੇ ਪਹੁੰਚਾਏਗੀ।

ਇਸ ਮੌਕੇ ਸਮਾਰੋਹ ਵਿੱਚ ਸਿੱਖ ਸਮਾਜ ਦੇ ਹੋਰ ਪ੍ਰਮੁੱਖ ਨੇਤਾ ਜਸਪਾਲ ਸਿੰਘ ਸਿੱਧੂ, ਮੁਖੀ ਸਿੱਖ ਕੋਆਰਡੀਨੇਸ਼ਨ ਕਮੇਟੀ ਮਹਾਰਾਸ਼ਟਰ ਘੱਟ ਗਿਣਤੀ ਕਮਿਸ਼ਨ ਕਮਿਸ਼ਨ,ਚਰਨਦੀਪ ਸਿੰਘ, ਹੈਪੀ ਸਿੰਘ, ਮੈਂਬਰ ਘੱਟ ਗਿਣਤੀ ਕਮਿਸ਼ਨ ਸਿੱਖ ਸਮਾਜ ਦੀ ਉਤਸ਼ਾਹਪੂਰਨ ਹਿਸੇਦਾਰੀ ਨੇ ਸ਼੍ਰੀ ਦੇਵੇਂਦਰ ਫੜਨਵੀਸ ਲਈ ਉਹਨਾ ਦੇ ਅਟੁੱਟ ਸਹਿਯੋਗ ਅਤੇ ਮਹਾਰਾਸ਼ਟਰ ਦੇ ਚਮਕਦਾਰ ਭਵਿੱਖ ਲਈ ਉਹਨਾ ਦੀ ਉਮੀਦ ਨੂੰ ਜਤਾਇਆ ਹੈ ।।

# 8 ਦਸੰਬਰ ਨੂੰ ਹੋਵੇਗੀ ‘ਫ਼ਰੀਦਨਾਮਾ’ ਕਿਤਾਬ ਲੋਕ ਅਰਪਣ




**ਫ਼ਰੀਦਕੋਟ, 6 ਦਸੰਬਰ (ਆਵਾਜ਼ਿ ਕੌਮ ਬਿਊਰੋ)**- ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ) ਫ਼ਰੀਦਕੋਟ ਵੱਲੋਂ 8 ਦਸੰਬਰ ਦਿਨ ਐਤਵਾਰ ਨੂੰ ਪੈਨਸ਼ਨਰ ਹਾਲ ਨੇੜੇ ਹੁੱਕੀ ਚੌਂਕ ਫ਼ਰੀਦਕੋਟ ਵਿਖੇ ਗਿਆਨੀ ਮੁਖਤਿਆਰ ਸਿੰਘ ਵੰਗੜ ਜੀ ਦੀ ਕਿਤਾਬ ’ਫ਼ਰੀਦਨਾਮਾ’ ਲੋਕ ਅਰਪਣ ਹੋਵੇਗੀ। ਜਿਸ ਵਿੱਚ ਮੁੱਖ ਮਹਿਮਾਨ ਸ. ਸਰਬਜੀਤ ਸਿੰਘ ਬਰਾੜ ’ਵਿਕਟੋਰੀਆ ਆਈਲੈਟਸ ਤੇ ਇੰਮੀਗਰੇਸ਼ਨ ਸੈਂਟਰ ਫ਼ਰੀਦਕੋਟ ਹੋਣਗੇ। ਇਸ ਸਮਾਗਮ ਦੀ ਪ੍ਰਧਾਨਗੀ ਪ੍ਰਸਿੱਧ ਗਜ਼ਲਗੋ ਅਮਰਜੀਤ ਸਿੰਘ ਜੀਤ ਬਠਿੰਡਾ ਤੇ ਵਿਸੇਸ਼ ਮਹਿਮਾਨ ਵਜੋਂ ਉਘੇ ਸਾਹਿਤਕਾਰ ਹਰਜਿੰਦਰ ਸਿੰਘ ਪੱਤੜ ’ਕੈਨੇਡਾ’ ਅਤੇ ਕਿਤਾਬ ਤੇ ਪਰਚਾ ਉਘੇ ਸਾਹਿਤਕਾਰ ਲਾਲ ਸਿੰਘ ਕਲਸੀ ਵੱਲੋਂ ਪੜਿਆ ਜਾਵੇਗਾ। ਸਮਾਗਮ ਮੰਚ ਸੰਚਾਲਨ ਸਿਕੰਦਰ ਮਾਨਵ ਤੇ ਜਸਵੀਰ ਫੀਰਾ ਦੁਆਰਾ ਕੀਤਾ ਜਾਵੇਗਾ। ਇਹ ਜਾਣਕਾਰੀ ਪ੍ਰੈਸ ਨਾਲ ਸਭਾ ਦੇ ਮੀਤ ਪ੍ਰਧਾਨ ਲੋਕ ਗਾਇਕ ਰਾਜ ਗਿੱਲ ਭਾਣਾ ਨੇ ਸਾਂਝੀ ਕੀਤੀ ।

-ਅਮਰਜੀਤ ਸਿੰਘ ਜੀਤ

# ਅਕਾਲ ਤਖ਼ਤ ਸਾਹਿਬ ਦੇ ਸਨਮੁੱਖ, ਬਾਦਲ ਪਰਿਵਾਰ ਦਾ ਕਬੂਲ-ਏ- ਜੁਰਮ, ਸਜ਼ਾਵਾਂ ਬੜੀ ਨਰਮ

## ਜਥੇਦਾਰ ਕੌਮੀ ਨਿਸ਼ਾਨਾ ਸਪੱਸ਼ਟ ਕਰਕੇ ਪੰਥਕ ਏਕਤਾ ਦਾ ਹੁਕਮ ਸੁਣਾਉਣ : ਕੂਨਰ, ਮੰਗੂਵਾਲ

**ਲੰਡਨ, 6 ਦਸੰਬਰ (ਸਰਬਜੀਤ ਸਿੰਘ ਬਨੂੜ)**-ਜਥੇਦਾਰ ਸਾਹਿਬਾਨ ਅਜਾਦ ਸਿੱਖ ਰਾਜ ਦਾ ਕੌਮੀ ਨਿਸ਼ਾਨਾ ਸਪੱਸ਼ਟ ਕਰਦੇ ਹੋਏ ਸਮੁੱਚੀ ਕੌਮ ਨੂੰ ਏਕਤਾ ਕਰਨ ਦਾ ਹੁਕਮ ਦਿੰਦੇ ਤਾਂ ਇਹ ਸਿੱਖ ਕੌਮ ਦੇ ਸੁਨਿਹਰੀ ਇਤਿਹਾਸ ਵਿੱਚ ਦਰਜ ਹੋ ਜਾਂਦਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਦੇ ਮੁੱਖ ਸੇਵਾਦਾਰ ਸਰਬਜੀਤ ਸਿੰਘ ਅਤੇ ਜਨਰਲ ਸਕੱਤਰ ਸਤਿੰਦਰ ਸਿੰਘ ਮੰਗੂਵਾਲ ਨੇ ਇਕ ਪ੍ਰੈੱਸ ਬਿਆਨ ਵਿੱਚ ਆਖੇ। ਆਗੂਆਂ ਨੇ ਕਿਹਾ ਕੇ ਕੌਮ ਨੂੰ ਇਸ ਤੋਂ ਸਬਕ ਸਿੱਖਦੇ ਹੋਏ ਐਸੇ ਲੀਡਰਾਂ ਨੂੰ ਨਕਾਰਨ ਦੀ ਜਰੂਰਤ ਹੈ ਅਤੇ ਬਹੁ ਗਿਣਤੀ ਕੌਮੀ ਭਾਵਨਾਵਾਂ ਇਹ ਹਨ ਕਿ ਅਕਾਲ ਤਖ਼ਤ ਸਾਹਿਬ ਦੇ ਜਥੇਦਾਰਾਂ ਵੱਲੋਂ ਬਾਦਲ ਦੇ ਲਈ ਬਹੁਤ ਨਰਮ ਫੈਸਲੇ ਕੀਤੇ ਗਏ ਹਨ ਪਰ ਲੰਬੇ ਅਰਸੇ ਤੋਂ ਅਕਾਲ ਤਖ਼ਤ ਸਾਹਿਬ ਤੋਂ ਆਉਂਦੇ ਰਹੇ ਹੁਕਮਨਾਮੇ ਅਤੇ ਸੰਦੇਸ਼ਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅਸੀਂ ਮਹਿਸੂਸ ਕਰਦੇ ਹਾਂ ਕੇ ਇਨ੍ਹਾ ਫੈਸਲਿਆਂ ਦੇ ਭਵਿੱਖ ਵਿੱਚ ਦੂਰ-ਰਸ ਸਿੱਟੇ ਨਿਕਲਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਲੀਡਰਾਂ ਅਤੇ ਸੰਸਥਾਵਾਂ ਦੇ ਮੁਖੀਆਂ ਲਈ ਵੀ ਸਬਕ ਹੈ ਕੇ ਜੇ ਤਪੋਂ ਰਾਜ ਮਿਲਦਾ ਹੈ ਤਾਂ ਸੱਤਾ ਅਤੇ ਪਦਾਰਥਵਾਦ ਦੀ ਹਵਸ ਵਿੱਚ ਆਰ. ਐਸ. ਐਸ., ਬੀ. ਜੇ. ਪੀ., ਕਾਂਗਰਸ ਵਰਗੀਆਂ ਪੰਥ ਵਿਰੋਧੀ ਤਾਕਤਾਂ ਨਾਲ ਸਾਂਝ ਕਾਇਮ ਕਰਨ ਨਾਲ ਰਾਜੋਂ ਨਰਕ ਵਾਲੀ ਅਵਸਥਾ ਵੀ ਹੋ ਸਕਦੀ ਹੈ। ਸਮੇਂ ਦੀਆਂ ਸਰਕਾਰਾਂ ਲਈ ਵੀ ਸਬਕ ਹੈ ਕਿ 15 ਅਗਸਤ 1947 ਤੋਂ ਲੈ ਕੇ ਹੁਣ ਤੱਕ ਕੌਮ ਨਾਲ ਇਨਸਾਫ ਨਹੀਂ ਕੀਤਾ ਗਿਆ ਅਕਸਰ ਸਬੂਤਾਂ ਦੀ ਅਣਹੋਂਦ ਦਾ ਹੀ ਬਹਾਨਾ ਬਣਾ ਲਿਆ ਜਾਂਦਾ ਹੈ। ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਹੋਏ ਕਬੂਲ–ਏ– ਜੁਰਮ ਹੁਣ ਤੁਹਾਡੇ ਲਈ ਪਰਖ ਦਾ ਵੇਲਾ ਹੈ ਤੇ ਹੁਣ ਕੀ ਕਾਰਵਾਈ ਕਰੋਗੇ ਇਹ ਵੇਖਣਾ ਬਾਕੀ ਹੈ।




# ਘੁਮਾਣ ਬ੍ਰਦਰਜ ਨੇ ਸੁਖਬੀਰ ਸਿੰਘ ਬਾਦਲ ਤੇ ਹਮਲੇ ਦੀ ਕੀਤੀ ਸਖਤ ਸ਼ਬਦਾਂ ਵਿਚ ਨਿਖੇਧੀ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ’ਤੇ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਜਾਨਲੇਵਾ ਹਮਲਾ ਨੇ ਪੰਜਾਬ ਕਾਨੂੰਨ ਦੀ ਸਥਿਤੀ ਨੂੰ ਮੁੜ ਇੱਕ ਵਾਰ ਸਵਾਲਾਂ ਦੇ ਘੇਰੇ ਵਿਚ ਖੜਾ ਕਰ ਦਿੱਤਾ ਹੈ। ਸੁਖਬੀਰ ਸਿੰਘ ਬਾਦਲ ਤੇ ਜਾਨਲੇਵਾ ਹਮਲੇ ਦੀ ਸਖ਼ਤ ਸਬਦਾਂ ਵਿੱਚ ਨਿਖੇਦੀ ਕਰਦਿਆਂ ਸਰਪੰਚ ਰਾਜੂ ਰੰਗੀਆ ਅਤੇ ਦੀਪ ਘੁਮਾਣ ਆਸਟਰੇਲੀਆ ਨੇ ਕਿਹਾ ਕਿ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਨਿਮਾਣੇ ਸਿੱਖ ਵਜੋਂ ਸੇਵਾ ਨਿਭਾਅ ਰਹੇ ਸੁਖਬੀਰ ਸਿੰਘ ਬਾਦਲ ’ਤੇ ਗੋਲੀ ਚੱਲਣ ਦੀ ਘਟਨਾ ਦੀ ਅਤਿ ਨਿੰਦਣਯੋਗ ਹੈ।

ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਜਿਹੜੇ ਕਿ ਇੱਕ ਨਿਮਾਣਾ ਸਿੱਖ ਬਣ ਕੇ ਸ੍ਰੀ ਅਕਲ ਤਖ਼ਤ ਸਾਹਿਬ ਤੋਂ ਸਿੰਘ ਸਾਹਿਬਾਨ ਵਲੋਂ ਸੁਣਾਈ ਸੇਵਾ ਨੂੰ ਨਿਭਾ ਰਹੇ ਸਨ,ਇਸ ਦੌਰਾਨ ਉਹਨਾਂ ਦੇ ਉੱਤੇ ਜਾਨਲੇਵਾ ਹਮਲਾ ਕੀਤਾ ਗਿਆ।

ਉਨਾਂ ਕਿਹਾ ਕਿ ਸਿੱਖ ਕੌਮ ਵਿੱਚ ਅਕਾਲ ਤਖ਼ਤ ਸਾਹਿਬ ਤੋਂ ਉੱਤੇ ਕੋਈ ਅਦਾਲਤ ਨਹੀਂ ਹੈ ਅਤੇ ਜਦੋਂ ਅਕਾਲ ਤਖ਼ਤ ਸਾਹਿਬ ਤੋਂ ਜਥੇਦਾਰ ਸਾਹਿਬਾਨ ਵੱਲੋਂ ਫ਼ੈਸਲਾ ਸੁਣਾ ਕੇ ਕਿਸੇ ਗੁਨਾਹਗਾਰ ਨੂੰ ਸਜ਼ਾ ਦਿੱਤੀ ਹੈ ਤੇ ਉਸ ਤੋਂ ਵੱਡੀ ਕੋਈ ਸਜ਼ਾ ਨਹੀਂ ਹੋ ਸਕਦੀ ਕਿਸੇ ਦੀ ਜਾਨ ਲੈਣ ਦੇ ਨਾਲ ਕੋਈ ਮਸਲਾ ਹੱਲ ਨਹੀਂ ਹੁੰਦਾ ਅਸੀਂ ਇਸ ਘਟਨਾ ਦੀ ਸਖਤ ਸ਼ਬਦਾਂ ਦੇ ਵਿੱਚ ਨਿਖੇਧੀ ਕਰਦੇ ਹਾਂ ਅਤੇ ਸੁਖਬੀਰ ਸਿੰਘ ਬਾਦਲ ਦੀ ਲੰਮੀ ਉਮਰ ਦੀ ਕਾਮਨ ਕਰਦੇ ਹਾਂ ।

ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬਾਪੂ ਖੁਸਾ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ

# ਪਿੰਡ ਵੱਲੀਆਂ (ਫਿਰੋਜ਼ਪੁਰ) ਵਿਖੇ ਕਰਵਾਇਆ ਗਿਆ ਸਲਾਨਾ ਗੁਰਮਤਿ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁੱਖ ਸੇਵਾਦਾਰ ਬਾਬਾ ਸਤਨਾਮ ਸਿੰਘ ਜੀ ਵੱਲੀਆਂ (ਪੰਜਾਬ ਪ੍ਰਧਾਨ) ਧਾਰਮਿਕ ਵਿੰਗ, ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਪੰਥਕ ਸ਼ਖਸੀਅਤਾਂ ਹੋਈਆਂ ਹਾਜ਼ਰ






ਆਵਾਜ਼ਿ ਕੌਮ AWAZE QAUM International Newspaper & WEB TV













ਗੁਰਦੁਆਰਾ ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬਾਪੂ ਖੁਸਾ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ ਸਲਾਨਾ ਗੁਰਮਤਿ ਸਮਾਗਮ ਪਿੰਡ ਵੱਲੀਆਂ ਫਿਰੋਜ਼ਪੁਰ ਵਿਖੇ, ਮੁੱਖ ਸੇਵਾਦਾਰ ਬਾਬਾ ਸਤਨਾਮ ਸਿੰਘ ਜੀ ਵੱਲੀਆਂ, (ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ) ਦੀ ਦੇਖ ਰੇਖ ਹੇਠ ਕਰਵਾਇਆ ਗਿਆ। ਜਿਸ ਵਿੱਚ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਅਤੇ ਉਪਰੰਤ ਖੁੱਲ੍ਹੇ ਪਡਾਲ ਵਿੱਚ ਕੀਰਤਨ ਦਰਬਾਰ ਸਜਾਇਆ ਗਿਆ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਹਜ਼ੂਰੀ ਰਾਗੀ ਸਿੰਘਾਂ ਵੱਲੋਂ ਕੀਰਤਨ ਦੀ ਸੇਵਾ ਕੀਤੀ ਗਈ, ਅਤੇ ਉਪਰੰਤ ਵੱਖ ਵੱਖ ਕੀਰਤਨੀ ਜੱਥੇ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਢਾਡੀ ਵਾਰਾਂ ਅਤੇ ਕਵੀਸ਼ਰੀ ਵਾਰਾਂ ਨਾਲ ਵੀ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਵਿਸ਼ੇਸ਼ ਤੌਰ ਤੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਜੀ ਰੋਡੇ ਵੱਲੋਂ ਵੀ ਹਾਜ਼ਰੀ ਭਰੀ ਗਈ, ਅਤੇ ਹੋਰ ਵੀ ਮਹਾਂਪੁਰਖਾਂ ਵੱਲੋਂ ਹਾਜ਼ਰੀ ਲਗਵਾਈ ਗਈ। ਸਮਾਪਤੀ ਉਪਰੰਤ ਬਾਬਾ ਸਤਨਾਮ ਸਿੰਘ ਜੀ ਵੱਲੋਂ ਸਮੂਹ ਮਹਾਂਪੁਰਖਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਧੰਨਵਾਦ ਵੀ ਕੀਤਾ ਗਿਆ।

**(ਆਵਾਜਿ ਕੌਮ ਬਿਊਰੋ ਰਿਪੋਰਟ)**



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬਾਪੂ ਖੁਸਾ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ

# ਪਿੰਡ ਵੱਲੀਆਂ (ਫਿਰੋਜ਼ਪੁਰ) ਵਿਖੇ ਕਰਵਾਇਆ ਗਿਆ ਸਲਾਨਾ ਗੁਰਮਤਿ

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁੱਖ ਸੇਵਾਦਾਰ ਬਾਬਾ ਸਤਨਾਮ ਸਿੰਘ ਜੀ ਵੱਲੀਆਂ (ਪੰਜਾਬ ਪ੍ਰਧਾਨ) ਧਾਰਮਿਕ ਵਿੰਗ, ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਪੰਥਕ ਸ਼ਖਸੀਅਤਾਂ ਹੋਈਆਂ ਹਾਜ਼ਰ**







ਆਵਾਜ਼ਿ ਕੌਮ AWAZE QAUM International Newspaper & WEB TV










ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243